ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਸ਼ਨੀਵਾਰ, 8 ਮਾਰਚ 2025 (ਨਾਨਕਸ਼ਾਹੀ ਸੰਮਤ : ੫੫੬, ੨੫ ਫੱਗਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## 28 ਮਾਰਚ ਨੂੰ ਹੋਵੇਗਾ ਸ਼੍ਰੋਮਣੀ ਕਮੇਟੀ ਦਾ ਬਜਟ ਇਜਲਾਸ

**ਅੰਮ੍ਰਿਤਸਰ, 7 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਅੱਜ ਇੱਥੇ ਸ਼੍ਰੋਮਣੀ ਕਮੇਟੀ ਦਫ਼ਤਰ ਵਿਖੇ ਸੀਨੀਅਰ ਮੀਤ ਪ੍ਰਧਾਨ ਰਘੂਜੀਤ ਸਿੰਘ ਵਿਰਕ ਦੀ ਅਗਵਾਈ ਵਿੱਚ ਹੋਈ, ਜਿਸ ਵਿੱਚ ਜੂਨੀਅਰ ਮੀਤ ਪ੍ਰਧਾਨ ਬਲਦੇਵ ਸਿੰਘ ਕਲਿਆਣ, ਜਨਰਲ ਸਕੱਤਰ ਸ਼ੇਰ ਸਿੰਘ ਮੰਡਵਾਲਾ, ਅੰਤ੍ਰਿੰਗ ਮੈਂਬਰ ਬੀਬੀ ਹਰਜਿੰਦਰ ਕੌਰ, ਅਮਰੀਕ ਸਿੰਘ ਵਿਛੋਆ, ਸੁਰਜੀਤ ਸਿੰਘ ਤੁਗਲਵਾਲ, ਪਰਮਜੀਤ ਸਿੰਘ ਖ਼ਾਲਸਾ, ਸੁਰਜੀਤ ਸਿੰਘ ਗੜ੍ਹੀ, ਬਲਦੇਵ ਸਿੰਘ ਕਾਇਮਪੁਰ, ਦਲਜੀਤ ਸਿੰਘ ਭਿੰਡਰ, ਸੁਖਹਰਪ੍ਰੀਤ ਸਿੰਘ ਰੋਡੇ, ਰਵਿੰਦਰ ਸਿੰਘ ਖ਼ਾਲਸਾ, ਜਸਵੰਤ ਸਿੰਘ ਪੁੜੈਣ, ਪਰਮਜੀਤ ਸਿੰਘ ਰਾਏਪੁਰ, ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ ਸ਼ਾਮਲ ਹੋਏ। ਇਕੱਤਰਤਾ ਵਿੱਚ ਸ਼੍ਰੋਮਣੀ ਕਮੇਟੀ ਦਾ ਬਜਟ ਇਜਲਾਸ 28 ਮਾਰਚ ਨੂੰ ਸੱਦਣ ਦਾ ਫੈਸਲਾ ਕੀਤਾ ਗਿਆ ਅਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਅਸਤੀਫ਼ੇ ਨੂੰ ਮੁੜ ਪੈਂਡਿੰਗ ਕਰਨ ਦੇ ਨਾਲ-ਨਾਲ ਕਈ ਹੋਰ ਪੰਥਕ ਮਸਲਿਆਂ ਉੱਤੇ ਵੀ ਫੈਸਲੇ ਲਏ ਗਏ। ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਗਰੋਂ ਜਾਰੀ ਕੀਤੇ ਗਏ ਪ੍ਰੈੱਸ ਬਿਆਨ ਰਾਹੀਂ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਰਘੂਜੀਤ ਸਿੰਘ ਨੇ ਦੱਸਿਆ ਕਿ ਸਿੱਖ ਸੰਸਥਾ ਦਾ ਸਾਲਾਨਾ ਬਜਟ ਇਜਲਾਸ 28 ਮਾਰਚ ਨੂੰ ਦੁਪਹਿਰ 12 ਵਜੇ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਹੋਵੇਗਾ, ਜਿਸ ਵਿੱਚ ਸ਼੍ਰੋਮਣੀ ਕਮੇਟੀ, ਗੁਰਦੁਆਰਾ ਸਾਹਿਬਾਨ, ਧਰਮ ਪ੍ਰਚਾਰ ਕਮੇਟੀ, ਵਿਦਿਅਕ ਅਦਾਰਿਆਂ ਆਦਿ ਦਾ ਸਾਲ 2025-26 ਦਾ ਬਜਟ ਪੇਸ਼ ਕੀਤਾ ਜਾਵੇਗਾ।

# ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਦੇ ਅਹੁਦੇ ਤੋਂ ਹਟਾਏ ਗਏ ਗਿਆਨੀ ਰਘਬੀਰ ਸਿੰਘ



**ਅੰਮ੍ਰਿਤਸਰ, 7 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੱਜ ਅੰਤ੍ਰਿੰਗ ਕਮੇਟੀ ਦੀ ਬੈਠਕ ਹੋਈ, ਜਿਸ ਦੌਰਾਨ ਗਿਆਨੀ ਰਘਬੀਰ ਸਿੰਘ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਦੇ ਅਹੁਦੇ ਤੋਂ ਸੇਵਾ ਮੁਕਤ ਕਰ ਦਿੱਤਾ ਹੈ। ਇਸ ਤੋਂ ਇਲਾਵਾ ਗਿਆਨੀ ਸੁਲਤਾਨ ਸਿੰਘ ਨੂੰ ਵੀ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੀਆਂ ਸੇਵਾਵਾਂ ਤੋਂ ਹਟਾ ਦਿੱਤਾ ਗਿਆ ਹੈ। ਮੀਟਿੰਗ ਉਪੰਰਤ ਪੱਤਰਕਾਰਾਂ ਨੂੰ SGPC ਮੈਂਬਰ ਕੁਲਵੰਤ ਸਿੰਘ ਪੁੜੈਣ ਨੇ ਦੱਸਿਆ ਕਿ ਅੱਜ ਬੈਠਕ ਦੌਰਾਨ ਗਿਆਨੀ ਰਘਬੀਰ ਸਿੰਘ ਦੀਆਂ ਜਥੇਦਾਰ ਵਜੋਂ ਸੇਵਾਵਾਂ ਨੂੰ ਖ਼ਤਮ ਕਰ ਦਿੱਤਾ ਗਿਆ ਹੈ। ਹਾਲਾਂਕਿ ਉਹ ਸ੍ਰੀ ਦਰਬਾਰ ਸਾਹਿਬ ਦੇ ਹੈੱਡ ਗ੍ਰੰਥੀ ਵਜੋਂ ਸੇਵਾਵਾਂ ਨਿਭਾਉਂਦੇ ਰਹਿਣਗੇ। ਇਸ ਦੇ ਨਾਲ ਹੀ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਸੁਲਤਾਨ ਸਿੰਘ ਵੀ ਹੈੱਡ ਗ੍ਰੰਥੀ ਬਣੇ ਰਹਿਣਗੇ। ਇੱਥੇ ਦੱਸ ਦੇਈਏ ਕਿ ਅੱਜ ਦੀ ਇਕੱਤਰਤਾ ਵਿਚ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਅਸਤੀਫ਼ੇ ਬਾਰੇ ਅਜੇ ਤੱਕ ਕੋਈ ਵਿਚਾਰ ਚਰਚਾ ਨਹੀਂ ਕੀਤੀ ਗਈ। ਹਾਲਾਂਕਿ ਇਸ ਤੋਂ ਪਹਿਲਾਂ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੂੰ ਜਥੇਦਾਰ ਦੇ ਅਹੁਦੇ ਤੋਂ ਹਟਾ ਦਿੱਤਾ ਗਿਆ ਹੈ।

## ਗਿਆਨੀ ਹਰਪ੍ਰੀਤ ਸਿੰਘ ਵੱਲੋਂ ਸਿੱਖ ਕੌਮ ਲਈ ਕਾਲਾ ਦਿਨ ਕਰਾਰ

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤਰਿੰਗ ਕਮੇਟੀ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਸੁਲਤਾਨ ਸਿੰਘ ਦੀਆਂ ਸੇਵਾਵਾਂ ਖ਼ਤਮ ਕਰਨ ਦੇ ਫ਼ੈਸਲੇ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਸਿੱਖ ਕੌਮ ਲਈ ਕਾਲਾ ਦਿਨ ਕਰਾਰ ਦਿੱਤਾ ਹੈ। ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਇਸ ਦਾ ਕਾਰਣ ਦੋ ਦਸੰਬਰ ਨੂੰ ਜਾਰੀ ਹੋਇਆ ਹੁਕਮਨਾਮਾ ਹੈ, ਜਿਸ ਦੇ ਚੱਲਦੇ ਇਹ ਕਾਰਵਾਈ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਮੇਰੇ 'ਤੇ ਇਲਜ਼ਾਮਬਾਜ਼ੀ ਕੀਤੀ ਗਈ, ਚੱਲੋ ਮੈਂ ਮਾੜਾ ਸੀ ਪਰ ਅੱਜ ਦੋਵੇਂ ਤਖ਼ਤਾਂ ਦੇ ਜਥੇਦਾਰਾਂ ਨੂੰ ਤਬਦੀਲ ਕਰ ਦਿੱਤਾ ਗਿਆ। ਇਸ ਦਾ ਸਿੱਧਾ ਮਤਲਬ ਹੈ ਕਿ ਮੇਰੀ ਕਿਰਦਾਰਕੁਸ਼ੀ ਕਰਨ ਪਿੱਛੇ ਵੀ ਦੋ ਦਸੰਬਰ ਦਾ ਹੁਕਮਨਾਮਾ ਹੈ। ਇਸ ਲਈ ਉਹ ਅੱਜ ਦੇ ਦਿਨ ਨੂੰ ਸਿੱਖ ਇਤਿਹਾਸ ਦਾ ਸਭ ਤੋਂ ਕਾਲਾ ਦਿਨ ਕਰਾਰ ਦਿੰਦੇ ਹਨ। ਉਨ੍ਹਾਂ ਕਿਹਾ ਕਿ ਧਾਰਮਿਕ ਸੰਸਥਾਵਾਂ ਦਾ ਦੁਰਉਪਯੋਗ ਕਰਨ ਵਾਲੇ ਪਰਿਵਾਰ ਦੀ ਅੱਜ ਜੜ੍ਹ ਪੁੱਟੀ ਗਈ ਹੈ।


## ਗਿਆਨੀ ਰਘਬੀਰ ਸਿੰਘ ਨੂੰ ਹਟਾਉਣ ਪਿੱਛੋਂ ਨਵੇਂ ਜਥੇਦਾਰਾਂ ਦੀ ਨਿਯੁਕਤੀ





**ਅੰਮ੍ਰਿਤਸਰ, 7 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰਾਂ ਨੂੰ ਉਨ੍ਹਾਂ ਦੀਆਂ ਸੇਵਾਵਾਂ ਤੋਂ ਹਟਾਉਣ ਤੋਂ ਬਾਅਦ ਨਵੇਂ ਜਥੇਦਾਰਾਂ ਦੀ ਨਿਯੁਕਤੀ ਕਰ ਦਿੱਤੀ ਗਈ ਹੈ। ਦੱਸ ਦੇਈਏ ਕਿ ਸੰਤ ਬਾਬਾ ਟੇਕ ਸਿੰਘ ਨੂੰ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਵਜੋਂ ਨਿਯੁਕਤ ਕੀਤਾ ਗਿਆ ਹੈ। ਉੱਥੇ ਹੀ ਭਾਈ ਕੁਲਦੀਪ ਸਿੰਘ ਗੜਗੱਜ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵੱਜੋਂ ਸੇਵਾਵਾਂ ਨਿਭਾਉਣਗੇ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਬੈਠਕ ਜਸਵੰਤ ਸਿੰਘ ਪੁੜੈਣ ਨੇ ਉਕਤ ਜਾਣਕਾਰੀ ਦਿੰਦਿਆਂ ਦੱਸਿਆ ਕਿ ਜਥੇਦਾਰ ਗਿਆਨੀ ਰਘਬੀਰ ਸਿੰਘ ਦੀ ਜਗ੍ਹਾ 'ਤੇ ਫਿਲਹਾਲ ਕੁਲਦੀਪ ਸਿੰਘ ਗੜਗੱਜ ਨੂੰ ਕਾਰਜਕਾਰੀ ਜਥੇਦਾਰ ਨਿਯੁਕਤ ਕੀਤਾ ਗਿਆ ਹੈ। ਇਸ ਦੇ ਨਾਲ ਹੀ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਦੇ ਜਥੇਦਾਰ ਵਜੋਂ ਬਾਬਾ ਟੇਕ ਸਿੰਘ ਨੂੰ ਜ਼ਿਮੇਵਾਰੀ ਸੌਂਪੀ ਗਈ ਹੈ। ਇੱਥੇ ਦੱਸ ਦੇਈਏ ਕਿ ਅੱਜ ਦੀ ਇਕੱਤਰਤਾ ਵਿਚ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਅਸਤੀਫ਼ੇ ਬਾਰੇ ਅਜੇ ਤੱਕ ਕੋਈ ਵਿਚਾਰ ਚਰਚਾ ਨਹੀਂ ਹੋਈ। ਹਾਲਾਂਕਿ ਇਸ ਤੋਂ ਪਹਿਲਾਂ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੂੰ ਜਥੇਦਾਰ ਦੇ ਅਹੁਦੇ ਤੋਂ ਹਟਾ ਦਿੱਤਾ ਗਿਆ ਹੈ।

## ਕੈਨੇਡੀਅਨ ਲੋਕਾਂ ਨੇ ਦਿੱਤਾ ਟਰੰਪ ਨੂੰ ਝਟਕਾ ! ਅਮਰੀਕੀ ਸਾਮਾਨ ਦਾ ਬਾਈਕਾਟ, ਹਾਲਾਤ ਵੇਖਦਿਆਂ ਟਰੰਪ ਨੇ ਲਿਆ ਯੂ-ਟਰਨ



**ਵਾਸ਼ਿੰਗਟਨ, 7 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਕੈਨੇਡਾ ਦੇ ਲੋਕਾਂ ਨੇ ਅਮਰੀਕਾ ਨੂੰ ਵੱਡਾ ਝਟਕਾ ਦਿੱਤਾ ਹੈ। ਟਰੰਪ ਵੱਲੋਂ ਕੈਨੇਡਾ ਨੂੰ ਅਮਰੀਕਾ ਦਾ 51ਵਾਂ ਰਾਜ ਬਣਾਉਣ ਦੇ ਦਾਅਵੇ ਮਗਰੋਂ ਕੈਨੇਡੀਅਨਾਂ ਨੇ ਅਮਰੀਕੀ ਸਾਮਾਨ ਦਾ ਬਾਈਕਾਟ ਕਰ ਦਿੱਤਾ ਜਿਸ ਮਗਰੋਂ ਟਰੰਪ ਨੇ ਯੂ-ਟਰਨ ਲਿਆ। ਟਰੰਪ ਨੇ ਕੈਨੇਡਾ 'ਤੇ 25% ਟੈਰਿਫ ਲਾਉਣ ਦੇ ਫੈਸਲੇ ਨੂੰ 30 ਦਿਨਾਂ ਲਈ ਟਾਲ ਦਿੱਤਾ ਹੈ। ਟਰੰਪ ਨੇ 4 ਮਾਰਚ ਨੂੰ ਟੈਰਿਫ ਲਗਾਉਣ ਦਾ ਐਲਾਨ ਕੀਤਾ ਸੀ। ਦੱਸ ਦਈਏ ਕਿ ਇਸ ਤੋਂ ਪਹਿਲਾਂ ਵੀ ਟਰੰਪ ਨੇ 4 ਫਰਵਰੀ ਤੋਂ ਕੈਨੇਡਾ ਤੇ ਮੈਕਸੀਕੋ ਤੋਂ ਆਉਣ ਵਾਲੇ ਕਈ ਸਾਮਾਨ 'ਤੇ ਟੈਰਿਫ ਲਾਉਣ ਦਾ ਐਲਾਨ ਕੀਤਾ ਸੀ, ਪਰ ਇਸ ਦੇ ਲਾਗੂ ਹੋਣ ਤੋਂ ਇੱਕ ਦਿਨ ਪਹਿਲਾਂ ਉਨ੍ਹਾਂ ਨੇ ਇਸ ਨੂੰ 30 ਦਿਨਾਂ ਲਈ ਮੁਲਤਵੀ ਕਰ ਦਿੱਤਾ ਸੀ। ਟਰੰਪ ਨੇ ਹੁਣ ਫਿਰ ਟੈਰਿਫ ਦਾ ਫੈਸਲਾ ਟਾਲ ਦਿੱਤਾ ਹੈ। ਮੰਨਿਆ ਜਾ ਰਿਹਾ ਹੈ ਕਿ ਟਰੰਪ ਕੈਨੇਡਾ ਦੇ ਲੋਕਾਂ ਵੱਲੋਂ ਅਮਰੀਕੀ ਸਾਮਾਨ ਦੇ ਬਾਈਕਾਟ ਮਗਰੋਂ ਨਿਕਲਣ ਵਾਲੇ ਨਤੀਜਿਆਂ ਦੀ ਪੜਚੋਲ ਕਰ ਰਹੇ ਹਨ। ਦਰਅਸਲ ਟਰੰਪ ਵੱਲੋਂ ਕੈਨੇਡਾ 'ਤੇ ਟੈਰਿਫ ਲਾਉਣ ਦੀ ਧਮਕੀ ਤੇ ਕੈਨੇਡਾ ਨੂੰ ਅਮਰੀਕਾ ਦਾ 51ਵਾਂ ਰਾਜ ਬਣਾਉਣ ਦੇ ਬਿਆਨ ਤੋਂ ਬਾਅਦ ਕੈਨੇਡਾ ਵਿੱਚ ਅਮਰੀਕੀ ਸਾਮਾਨ ਦਾ ਬਾਈਕਾਟ ਸ਼ੁਰੂ ਹੋ ਗਿਆ ਹੈ। ਕੈਨੇਡੀਅਨ ਮੀਡੀਆ ਦੇ ਅਨੁਸਾਰ ਉੱਥੋਂ ਦੇ ਲੋਕਾਂ ਨੇ ਅਮਰੀਕੀ ਸੇਬ ਖਾਣਾ ਛੱਡ ਦਿੱਤਾ ਹੈ ਤੇ ਦੂਜੇ ਦੇਸ਼ਾਂ ਦੇ ਸੇਬ ਖਾਣੇ ਸ਼ੁਰੂ ਕਰ ਦਿੱਤੇ ਹਨ। ਇਸ ਦੇ ਨਾਲ ਹੀ ਦੁਕਾਨਦਾਰਾਂ ਨੇ ਪੀਜ਼ਾ ਵਿੱਚ ਕੈਲੀਫੋਰਨੀਆ ਦੇ ਟਮਾਟਰਾਂ ਦੀ ਬਜਾਏ ਇਟਲੀ ਦੇ ਟਮਾਟਰਾਂ ਦੀ ਵਰਤੋਂ ਸ਼ੁਰੂ ਕਰ ਦਿੱਤੀ ਹੈ। ਦੁਕਾਨਦਾਰਾਂ ਦਾ ਕਹਿਣਾ ਹੈ ਕਿ ਉਹ ਆਪਣੀਆਂ ਦੁਕਾਨਾਂ ਵਿੱਚ ਅਮਰੀਕੀ ਸਾਮਾਨ ਰੱਖਣਾ ਬੰਦ ਕਰ ਦੇਣਗੇ। ਬਹੁਤ ਸਾਰੇ ਕੈਨੇਡੀਅਨ ਜੋ ਆਪਣੀਆਂ ਛੁੱਟੀਆਂ ਲਈ ਅਮਰੀਕਾ ਜਾਣ ਦੀ ਯੋਜਨਾ ਬਣਾ ਰਹੇ ਸਨ, ਨੇ ਆਪਣੀਆਂ ਛੁੱਟੀਆਂ ਰੱਦ ਕਰ ਦਿੱਤੀਆਂ ਹਨ। ਟਰੰਪ ਦੀ ਧਮਕੀ ਨੇ ਕੈਨੇਡਾ ਵਿੱਚ ਦੇਸ਼ ਭਗਤੀ ਦੀ ਭਾਵਨਾ ਨੂੰ ਭੜਕਾ ਦਿੱਤਾ ਹੈ। ਅਹਿਮ ਗੱਲ਼ ਹੈ ਕਿ ਦੋ ਮਹੀਨੇ ਪਹਿਲਾਂ ਚੋਣ ਹਾਰਨ ਦੇ ਡਰ ਕਾਰਨ ਕੈਨੇਡਾ ਦੀ ਲਿਬਰਲ ਪਾਰਟੀ ਵਿੱਚ ਜਸਟਿਨ ਟਰੂਡੋ ਵਿਰੁੱਧ ਮਾਹੌਲ ਬਣ ਗਿਆ ਸੀ। ਇਸ ਤੋਂ ਬਾਅਦ ਉਨ੍ਹਾਂ ਨੇ ਅਸਤੀਫ਼ਾ ਦੇਣ ਦਾ ਐਲਾਨ ਕੀਤਾ ਸੀ। ਹੈਰਾਨੀ ਦੀ ਗੱਲ ਹੈ ਕਿ ਹੁਣ ਲਿਬਰਲ ਪਾਰਟੀ ਚੋਣ ਜਿੱਤਣ ਦੀ ਸਭ ਤੋਂ ਵੱਡੀ ਦਾਅਵੇਦਾਰ ਬਣ ਗਈ ਹੈ। ਟਰੂਡੋ ਨੇ ਮੰਗਲਵਾਰ ਨੂੰ ਕਿਹਾ ਕਿ ਕੈਨੇਡੀਅਨ ਸਿਆਣੇ ਹਨ। ਉਹ ਸੁਭਾਅ ਤੋਂ ਨਿਮਰ ਹੋ ਸਕਦੇ ਹਨ, ਪਰ ਉਹ ਲੜਾਈ ਤੋਂ ਪਿੱਛੇ ਨਹੀਂ ਹਟਣਗੇ। ਖਾਸ ਕਰਕੇ ਅਜਿਹੇ ਸਮੇਂ ਜਦੋਂ ਦੇਸ਼ ਦੇ ਲੋਕਾਂ ਦੀ ਭਲਾਈ ਦਾਅ 'ਤੇ ਲੱਗੀ ਹੋਈ ਹੈ। ਹਾਲਾਂਕਿ, ਕੈਨੇਡਾ ਤੇ ਮੈਕਸੀਕੋ ਨੇ ਟੈਰਿਫ ਨੂੰ ਮੁਲਤਵੀ ਕਰਨ ਦੇ ਟਰੰਪ ਦੇ ਫੈਸਲੇ ਦੀ ਸ਼ਲਾਘਾ ਕੀਤੀ। ਕੈਨੇਡਾ ਦੇ ਵਿੱਤ ਮੰਤਰੀ ਡੋਮਿਨਿਕ ਲੇਬਲੈਂਕ ਨੇ ਕਿਹਾ ਕਿ ਉਨ੍ਹਾਂ ਦਾ ਦੇਸ਼ ਅਮਰੀਕੀ ਸਾਮਾਨਾਂ 'ਤੇ ਟੈਰਿਫ ਵੀ ਫਿਲਹਾਲ ਮੁਲਤਵੀ ਕਰ ਦੇਵੇਗਾ।

## ਸ਼੍ਰੋਮਣੀ ਅਕਾਲੀ ਦਲ ਤੋਂ ਹਟੇਗਾ ਬਾਦਲਾਂ ਦਾ ਸਾਇਆ ! ਪਾਰਟੀ ਦਾ ਬਦਲੇਗਾ ਨਾਂ ?



**ਚੰਡੀਗੜ੍ਹ, 7 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਦੀ ਰਹਿਨੁਮਾਈ ਹੇਠ ਸ਼੍ਰੋਮਣੀ ਅਕਾਲੀ ਦਲ ਵਿੱਚ ਨਵੀਂ ਰੂਹ ਫੂਕਣ ਦੀ ਤਿਆਰੀ ਹੈ। ਇਸ ਲਈ ਸ਼੍ਰੋਮਣੀ ਅਕਾਲੀ ਦਲ ਦਾ ਨਾਂ ਵੀ ਬਦਲਣ ਦੀ ਤਿਆਰੀ ਹੈ। ਸ਼੍ਰੋਮਣੀ ਅਕਾਲੀ ਦਲ ਦੀ ਭਰਤੀ ਸ਼ੁਰੂ ਕਰਨ ਸਮੇਂ ਕਿਸੇ ਵੀ ਕਾਨੂੰਨੀ ਅੜਿੱਕੇ ਤੋਂ ਬਚਣ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਬਣਾਈ ਗਈ ਪੰਜ ਮੈਂਬਰੀ ਨਿਗਰਾਨ ਕਮੇਟੀ ਵੱਲੋਂ ਸ਼੍ਰੋਮਣੀ ਅਕਾਲੀ ਦਲ ਦੇ ਨਾਂ ਅੱਗੇ ਕੋਈ ਵਾਧੂ ਸ਼ਬਦ ਜੋੜਿਆ ਜਾ ਸਕਦਾ ਹੈ। ਸੂਤਰਾਂ ਮੁਤਾਬਕ ਪੰਜ ਮੈਂਬਰੀ ਕਮੇਟੀ ਵੱਲੋਂ ਇਸ ਮੁੱਦੇ 'ਤੇ ਕਾਨੂੰਨੀ ਮਾਹਿਰਾਂ ਤੇ ਹੋਰਨਾਂ ਨਾਲ ਵੀ ਵਿਚਾਰ ਚਰਚਾ ਕੀਤੀ ਜਾ ਰਹੀ ਹੈ ਤਾਂ ਜੋ 18 ਮਾਰਚ ਨੂੰ ਭਰਤੀ ਸ਼ੁਰੂ ਕਰਨ ਸਮੇਂ ਕੋਈ ਕਾਨੂੰਨੀ ਅੜਿੱਕਾ ਪੇਸ਼ ਨਾ ਆਵੇ। ਇਸ ਸਬੰਧ ਵਿੱਚ ਪੰਜ ਮੈਂਬਰੀ ਕਮੇਟੀ ਨੂੰ ਰਾਏ ਦਿੱਤੀ ਗਈ ਹੈ ਕਿ ਉਹ ਸ਼੍ਰੋਮਣੀ ਅਕਾਲੀ ਦਲ ਦੇ ਨਾਂ ਅੱਗੇ ਕੋਈ ਹੋਰ ਇੱਕ ਸ਼ਬਦ ਜੋੜ ਲਵੇ ਤਾਂ ਜੋ ਅਜਿਹੇ ਕਾਨੂੰਨੀ ਅੜਿੱਕੇ ਤੋਂ ਬਚਿਆ ਜਾ ਸਕੇ। ਕਮੇਟੀ ਵੱਲੋਂ 18 ਮਾਰਚ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਅਰਦਾਸ ਕਰਨ ਮਗਰੋਂ ਸ਼੍ਰੋਮਣੀ ਅਕਾਲੀ ਦਲ ਦੀ ਭਰਤੀ ਮੁਹਿੰਮ ਸ਼ੁਰੂ ਕਰਨ ਦਾ ਐਲਾਨ ਕੀਤਾ ਗਿਆ ਹੈ। ਦਰਅਸਲ ਸ਼੍ਰੋਮਣੀ ਅਕਾਲੀ ਦਲ ਦੇ ਬਾਦਲ ਧੜੇ ਨੇ ਕਾਨੂੰਨੀ ਅੜਿੱਕੇ ਦਾ ਹਵਾਲਾ ਦੇ ਕੇ ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਬਣਾਈ ਸੱਤ ਮੈਂਬਰੀ ਕਮੇਟੀ ਦੀ ਥਾਂ ਖੁਦ ਹੀ ਕਮੇਟੀ ਬਣਾ ਕੇ ਭਰਤੀ ਮੁਹਿੰਮ ਸ਼ੁਰੂ ਕਰ ਦਿੱਤੀ ਸੀ। ਹੁਣ ਪੰਜ ਮੈਂਬਰੀ ਕਮੇਟੀ ਇਸੇ ਕਾਨੂੰਨੀ ਅੜਿੱਕੇ ਦਾ ਹਵਾਲਾ ਦੇ ਕੇ ਸ਼੍ਰੋਮਣੀ ਅਕਾਲੀ ਦਲ ਦੇ ਨਾਂ ਅੱਗੇ ਕੋਈ ਵਾਧੂ ਸ਼ਬਦ ਜੋੜਨ ਦੀ ਤਿਆਰੀ ਕਰ ਰਹੀ ਹੈ। ਇਸ ਤਰ੍ਹਾਂ ਇੱਕ ਤੀਰ ਨਾਲ ਦੋ ਨਿਸ਼ਾਨੇ ਸਾਧੇ ਜਾ ਸਕਦੇ ਹਨ। ਇੱਕ ਤਾਂ ਭਰਤੀ ਮੁਹਿੰਮ ਵਿੱਚ ਕੋਈ ਕਾਨੂੰਨੀ ਅੜਿੱਕਾ ਨਹੀਂ ਰਹੇਗਾ ਤੇ ਦੂਜਾ ਸ਼੍ਰੋਮਣੀ ਅਕਾਲੀ ਦਲ ਤੋਂ ਬਾਦਲ ਪਰਿਵਾਰ ਦਾ ਪਰਛਾਵਾਂ ਲਹਿ ਜਾਏਗਾ। ਦਰਅਸਲ ਸ਼੍ਰੋਮਣੀ ਅਕਾਲੀ ਦਲ ਨੂੰ ਮਜ਼ਬੂਤ ਕਰਨ ਤੇ ਸੰਗਠਨ ਨੂੰ ਪੁਨਰਗਠਿਤ ਕਰਨ ਦੇ ਉਦੇਸ਼ ਨਾਲ ਬਣਾਈ ਗਈ ਭਰਤੀ ਕਮੇਟੀ ਲੰਘੇ ਦਿਨੀਂ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪਹੁੰਚੀ ਤੇ ਅਰਦਾਸ ਕੀਤੀ। ਪੰਜ ਐਕਟਿਵ ਮੈਂਬਰਾਂ ਮਨਪ੍ਰੀਤ ਸਿੰਘ ਇਆਲੀ, ਇਕਬਾਲ ਸਿੰਘ ਝੂੰਦਾਂ, ਜਥੇਦਾਰ ਗੁਰਪ੍ਰਤਾਪ ਸਿੰਘ ਵਡਾਲਾ, ਸੰਤਾ ਸਿੰਘ ਉਮੈਦਪੁਰੀ ਤੇ ਬੀਬੀ ਸਤਵੰਤ ਕੌਰ ਨੇ ਭਰਤੀ ਪ੍ਰਕਿਰਿਆ ਸ਼ੁਰੂ ਕਰਨ ਦਾ ਰਸਮੀ ਐਲਾਨ ਕੀਤਾ। ਭਰਤੀ ਕਮੇਟੀ ਨੇ ਐਲਾਨ ਕੀਤਾ ਕਿ ਸ਼੍ਰੋਮਣੀ ਅਕਾਲੀ ਦਲ ਦੀ ਮੈਂਬਰਸ਼ਿਪ ਭਰਤੀ 18 ਮਾਰਚ ਤੋਂ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸ਼ੁਰੂ ਹੋਵੇਗੀ। ਇਸ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਅੱਗੇ ਵਧਾਉਣ ਲਈ, ਸਿੱਖ ਸੰਗਤ ਤੇ ਅਕਾਲੀ ਵਿਚਾਰਧਾਰਾ ਨਾਲ ਜੁੜੇ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਸਮਰਪਿਤ ਪੰਜਾਬ ਦੇ ਲੋਕਾਂ ਤੋਂ ਸਹਿਯੋਗ ਮੰਗਿਆ ਜਾਵੇਗਾ। ਕਮੇਟੀ ਮੈਂਬਰਾਂ ਨੇ ਕਿਹਾ ਕਿ ਇਹ ਭਰਤੀ ਮੁਹਿੰਮ ਸਿਰਫ਼ ਪੰਜਾਬ ਤੱਕ ਸੀਮਤ ਨਹੀਂ ਰਹੇਗੀ ਸਗੋਂ ਦੇਸ਼ ਦੀ ਰਾਜਧਾਨੀ ਸਮੇਤ ਹੋਰ ਰਾਜਾਂ ਵਿੱਚ ਵੀ ਵੱਡੇ ਪੱਧਰ 'ਤੇ ਮੈਂਬਰਸ਼ਿਪ ਮੁਹਿੰਮ ਚਲਾਈ ਜਾਵੇਗੀ। ਇਸ ਲਈ ਆਉਣ ਵਾਲੇ ਦਿਨਾਂ ਵਿੱਚ ਕਮੇਟੀ ਇਸ ਸਬੰਧ ਵਿੱਚ ਇੱਕ ਵਿਸਤ੍ਰਿਤ ਪ੍ਰੋਗਰਾਮ ਦਾ ਐਲਾਨ ਕਰੇਗੀ ਤਾਂ ਜੋ ਵੱਧ ਤੋਂ ਵੱਧ ਲੋਕ ਇਸ ਵਿੱਚ ਹਿੱਸਾ ਲੈ ਸਕਣ। ਦੱਸ ਦਈਏ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਹਾਲ ਹੀ ਵਿੱਚ ਸੱਤ ਵਿੱਚੋਂ ਬਾਕੀ ਬਚੇ 5 ਮੈਂਬਰਾਂ ਨੂੰ ਮੈਂਬਰਸ਼ਿਪ ਮੁਹਿੰਮ ਸ਼ੁਰੂ ਕਰਨ ਦੇ ਨਿਰਦੇਸ਼ ਦਿੱਤੇ ਸਨ। ਪਹਿਲਾਂ ਇਸ ਪੈਨਲ ਵਿੱਚ 7 ਮੈਂਬਰ ਸਨ। ਇਸ ਪੈਨਲ ਦੇ ਦੋ ਮੈਂਬਰ, ਐਸਜੀਪੀਸੀ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਤੇ ਅਕਾਲੀ ਆਗੂ ਕਿਰਪਾਲ ਸਿੰਘ ਬਡੂੰਗਰ ਨੇ ਅਸਤੀਫਾ ਦੇ ਦਿੱਤਾ ਸੀ ਪਰ ਉਨ੍ਹਾਂ ਦੇ ਅਸਤੀਫ਼ੇ ਅਜੇ ਤੱਕ ਸਵੀਕਾਰ ਨਹੀਂ ਕੀਤੇ ਗਏ।

## ਸੁਖਬੀਰ ਤੋਂ ਬਰਦਾਸ਼ਤ ਨਹੀਂ ਹੋਇਆ ਪਿਓ ਤੋਂ ਵਾਪਿਸ ਲਿਆ ਗਿਆ ਫ਼ਖ਼ਰ-ਏ-ਕੌਮ ਦਾ ਸਨਮਾਨ ਤਾਂ ਹੀ ਬਦਲੇ ਗਏ ਜਥੇਦਾਰ-ਦਾਦੂਵਾਲ



**ਸਿਰਸਾ, 7 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਤੇ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਸੁਲਤਾਨ ਸਿੰਘ ਦੀਆਂ ਸੇਵਾਵਾਂ ਖਤਮ ਕਰਨ ਮਗਰੋਂ ਨਵੇਂ ਜਥੇਦਾਰ ਥਾਪ ਦਿੱਤੇ ਹਨ। ਇਸ ਦੌਰਾਨ ਸਿਆਸੀ ਲੀਡਰਾਂ ਤੋਂ ਇਲਾਵਾ ਧਾਰਮਿਕ ਆਗੂਆਂ ਵੱਲੋਂ ਵੀ ਇਸ ਫੈਸਲੇ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤਾ ਜਾ ਰਹੀ ਹੈ ਤੇ ਇਸ ਨੂੰ ਕਾਲੇ ਦਿਨ ਦਾ ਨਾਂਅ ਦਿੱਤਾ ਜਾ ਰਿਹਾ ਹੈ। ਇਸ ਨੂੰ ਲੈ ਕੇ ਏਬੀਪੀ ਸਾਂਝਾ ਵੱਲੋਂ ਸਿੱਖ ਪ੍ਰਚਾਰਕ ਬਲਜੀਤ ਸਿੰਘ ਦਾਦੂਵਾਲ ਨਾਲ ਰਾਬਤਾ ਕੀਤਾ ਗਿਆ ਤਾਂ ਉਨ੍ਹਾਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਕੋਲ ਹਟਾਉਣ ਦਾ ਅਧਿਕਾਰ ਹੈ ਤੇ ਉਹ ਆਪਣੀ ਮਨਮਰਜ਼ੀ ਕਰਦੇ ਹਨ ਤੇ ਇਸ ਨੂੰ ਲੈ ਕੇ ਪੰਥ ਤੋਂ ਕੋਈ ਰਾਇ ਨਹੀਂ ਲਈ ਜਾਂਦੀ ਹੈ। ਇਸ ਮੌਕੇ ਦਾਦੂਵਾਲ ਨੇ ਕਿਹਾ ਕਿ ਜਦੋਂ ਜਥੇਦਾਰ ਉਨ੍ਹਾਂ ਦੀ ਹਾਂ ਵਿੱਚ ਹਾਂ ਭਰਦੇ ਹਨ ਤਾਂ ਰੱਖੇ ਜਾਂਦੇ ਹਨ ਜਦੋਂ ਉਹ ਗੱਲ ਨਹੀਂ ਮੰਨਦੇ ਤਾਂ ਉਨ੍ਹਾਂ ਨੂੰ ਹਟਾ ਦਿੱਤਾ ਜਾਂਦਾ ਹੈ। ਇਸ ਮੌਕੇ ਉਨ੍ਹਾਂ ਕਿਹਾ ਕਿ ਸੁਖਬੀਰ ਬਾਦਲ ਤੋਂ ਬਰਦਾਸ਼ਤ ਨਹੀਂ ਹੋ ਰਿਹਾ ਸੀ ਕਿ ਉਨ੍ਹਾਂ ਦੇ ਪਿਤਾ ਪਰਕਾਸ਼ ਸਿੰਘ ਬਾਦਲ ਤੋਂ ਫ਼ਖ਼ਰ-ਏ-ਕੌਮ ਦਾ ਸਨਮਾਨ ਵਾਪਸ ਲਿਆ ਗਿਆ ਹੈ ਜਿਸ ਕਰਕੇ ਉਹ ਅੰਦਰੋਂ-ਅੰਦਰੀ ਫੈਸਲੇ ਲੈ ਰਹੇ ਹਨ। ਇਸ ਮੌਕੇ ਉਨ੍ਹਾਂ ਕਿਹਾ ਕਿ ਜਦੋਂ ਤੋਂ ਸ੍ਰੋਮਣੀ ਕਮੇਟੀ ਬਾਦਲ ਪਰਿਵਾਰ ਕੋਲ ਆਈ ਹੈ ਉਨ੍ਹਾਂ ਨੇ ਇਸ ਦੇ ਅਸੂਲ ਤੇ ਸਿਧਾਂਤ ਮਿੱਟੀ ਵਿੱਚ ਰੋਲਕੇ ਰੱਖ ਦਿੱਤੇ ਹਨ ਜਦੋਂ ਕਿ ਹੁਣ ਵੀ ਕਮੇਟੀ ਨੇ ਫੈਸਲਾ ਪ੍ਰਧਾਨ ਦੀ ਗ਼ੈਰ ਮੌਜੂਦਗੀ ਵਿੱਚ ਲਿਆ ਹੈ। ਇਸ ਮੌਕੇ ਉਨ੍ਹਾਂ ਨੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਥਾਪੇ ਗਏ ਨਵੇਂ ਜਥੇਦਾਰ ਟੇਕ ਸਿੰਘ ਧਨੌਲਾ ਬਾਬਤ ਵੀ ਵੱਡਾ ਬਿਆਨ ਦਿੱਤਾ ਹੈ। ਉਨ੍ਹਾਂ ਕਿਹਾ ਕਿ ਹੁਣ ਜਿਸ ਨੂੰ ਜਥੇਦਾਰ ਲਾਇਆ ਗਿਆ ਹੈ ਉਸ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਠ ਨਹੀਂ ਆਉਂਦਾ ਤੇ ਨਾਂ ਹੀ ਉਸ ਨੂੰ ਕਥਾ ਕਰਨੀ ਆਉਂਦੀ ਹੈ, ਪੰਥ ਲਈ ਇਸ ਤੋਂ ਕਾਲਾ ਦਿਨ ਕੀ ਹੋਵੇਗਾ। ਉਨ੍ਹਾਂ ਕਿਹਾ ਕਿ ਇਨ੍ਹਾਂ ਕੋਲ ਸਿਰਫ਼ ਇਹੀ ਬਚਿਆ ਸੀ ਕਿਉਂਕਿ ਹੋਰ ਕੋਈ ਸਿੱਖ ਇਸ ਲਈ ਰਾਜ਼ੀ ਨਹੀਂ ਹੋਇਆ ਸੀ।




# Pakistan Gurdwara Yatra

**28th October to 7th November 2025**

**Yatra Includes 25+ Gurudwara Sahib Darshan.**

**Accommodation in hotels and travel within Pakistan and Yatra Start to Finish Point in AC Coaches**

ਪਾਕਿਸਤਾਨ
ਵਿਖੇ ਸ੍ਰੀ ਨਨਕਾਣਾ ਸਾਹਿਬ
ਤੋਂ ਇਲਾਵਾ 25 ਹੋਰ
ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

Note: It does not include flight ticket and insurance, it has to be done by the passenger himself.

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

*-- ਗੁਰੂ ਪੰਥ ਦੇ ਸੇਵਾਦਾਰ --*

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
+447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
+44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
+44 7568 517223

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਦਮਦਮੀ ਟਕਸਾਲ

ਨਾਮ ਜਪੋ / ਕਿਰਤ ਕਰੋ / ਵੰਡ ਛਕੋ — Naam Japo / Kirat Karo / Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**


E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫਤਹਿ — ਅੰਮ੍ਰਿਤ ਛਕੋ ਸਿੰਘ ਸਜੋ - ਨਸ਼ੇ ਛੱਡੋ ਕੇਹੜ ਵੱਡੋ — ਪੰਥ ਕੀ ਜੀਤ

ਖਾਲਸਾ ਸਾਜਨਾ ਦਿਵਸ ਦੇ ਸਬੰਧ ਵਿੱਚ ਤਿੰਨ ਰੋਜ਼ਾ

# ਮਹਾਨ ਗੁਰਮਤਿ ਸਮਾਗਮ

ਗੁਰਦੁਆਰਾ ਸ੍ਰੀ ਨਾਮਦੇਵ ਭਵਨ, ਅਕਾਲਸਰ ਰੋਡ, ਮੋਗਾ ਵਿਖੇ ਮਿਤੀ 25-26-27 ਮਾਰਚ, 2025 ਦਿਨ ਮੰਗਲਵਾਰ, ਬੁੱਧਵਾਰ ਅਤੇ ਵੀਰਵਾਰ ਸ਼ਾਮ 6.00 ਤੋਂ 9.15 ਵਜੇ ਤੱਕ ਦੀਵਾਨ ਸਜਾਏ ਜਾਣਗੇ। ਜਿਸ ਵਿੱਚ ਪੰਥ ਦੇ ਮਹਾਨ ਕੀਰਤਨ, ਕਥਾ ਵਾਚਕ, ਢਾਡੀ, ਕਵਿਸ਼ਰੀ ਸਿੰਘ ਹਾਜ਼ਰੀਆਂ ਭਰਨਗੇ ਇਸ ਹੋ ਰਹੇ ਮਹਾਨ ਗੁਰਮਤਿ ਸਮਾਗਮ ਵਿੱਚ ਪਹੁੰਚ ਕੇ ਲਾਹੇ ਪ੍ਰਾਪਤ ਕਰੋ ਜੀ।

**ਮਿਤੀ 25 ਮਾਰਚ, 2025 ਦਿਨ ਮੰਗਲਵਾਰ**
ਰਹਿਰਾਸ ਸਾਹਿਬ --- 6:00 ਤੋਂ 6:30 ਵਜੇ ਤੱਕ
ਕੀਰਤਨ --- 6:30 ਤੋਂ 7:00 ਵਜੇ ਤੱਕ
(ਕੀਰਤਨ ਭਾਈ ਸੋਹਣ ਸਿੰਘ ਹਜ਼ੂਰੀ ਜੱਥਾ)
ਕਵਿਸ਼ਰੀ --- 7:00 ਤੋਂ 7:40 ਵਜੇ ਤੱਕ
(ਭਾਈ ਵਰਿਆਮ ਸਿੰਘ ਸਲੀਣਾ ਕਵਿਸ਼ਰੀ ਜੱਥਾ)
ਕਥਾ --- 7:40 ਤੋਂ 9:15 ਵਜੇ ਤੱਕ
(ਪੰਥ ਦੇ ਮਹਾਨ ਕਥਾ ਵਾਚਕ ਗਿਆਨੀ ਨਿਰਮਲ ਸਿੰਘ ਧੂਲਕੋਟ)

**ਮਿਤੀ 26 ਮਾਰਚ, 2025 ਦਿਨ ਬੁੱਧਵਾਰ**
ਰਹਿਰਾਸ ਸਾਹਿਬ --- 6:00 ਤੋਂ 6:30 ਵਜੇ ਤੱਕ
ਕੀਰਤਨ --- 6:30 ਤੋਂ 7:00 ਵਜੇ ਤੱਕ
(ਕੀਰਤਨ ਭਾਈ ਸੋਹਣ ਸਿੰਘ ਹਜ਼ੂਰੀ ਜੱਥਾ)
ਕਵਿਸ਼ਰੀ --- 7:00 ਤੋਂ 7:40 ਵਜੇ ਤੱਕ
(ਭਾਈ ਵਰਿਆਮ ਸਿੰਘ ਸਲੀਣਾ ਕਵਿਸ਼ਰੀ ਜੱਥਾ)
ਢਾਡੀ --- 7:40 ਤੋਂ 9:15 ਵਜੇ ਤੱਕ
(ਭਾਈ ਸੁਖਵਿੰਦਰ ਸਿੰਘ ਢਾਡੀ ਜੱਥਾ)

**ਮਿਤੀ 27 ਮਾਰਚ, 2025 ਦਿਨ ਵੀਰਵਾਰ**
ਰਹਿਰਾਸ ਸਾਹਿਬ --- 6:00 ਤੋਂ 6:30 ਵਜੇ ਤੱਕ
ਕੀਰਤਨ --- 6:30 ਤੋਂ 7:00 ਵਜੇ ਤੱਕ
(ਕੀਰਤਨ ਭਾਈ ਸੋਹਣ ਸਿੰਘ ਹਜ਼ੂਰੀ ਜੱਥਾ)
ਕਵਿਸ਼ਰੀ --- 7:00 ਤੋਂ 7:40 ਵਜੇ ਤੱਕ
(ਭਾਈ ਵਰਿਆਮ ਸਿੰਘ ਸਲੀਣਾ ਕਵਿਸ਼ਰੀ ਜੱਥਾ)
ਢਾਡੀ --- 7:40 ਤੋਂ 9:15 ਵਜੇ ਤੱਕ
(ਪੰਥ ਦੇ ਮਹਾਨ ਕਥਾ ਵਾਚਕ ਗਿਆਨੀ ਸੁਖਦੇਵ ਸਿੰਘ ਡੱਲਾ)







ਪੰਥ ਦੇ ਮਹਾਨ ਕਥਾ ਵਾਚਕ
ਗਿਆਨੀ ਸੁਖਦੇਵ ਸਿੰਘ ਡੱਲਾ



ਪੰਥ ਦੇ ਮਹਾਨ ਕਥਾ ਵਾਚਕ
ਗਿਆਨੀ ਨਿਰਮਲ ਸਿੰਘ ਧੂਲਕੋਟ

ਅੰਮ੍ਰਿਤ ਛਕੋ ਸਿੰਘ ਸਜੋ - ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ
ਧੰਨ ਧੰਨ ਮਾਤਾ ਸਾਹਿਬ ਕੌਰ ਜੀ ਦੇ ਪੁੱਤਰੋ ਧੀਓ ਅੰਮ੍ਰਿਤ ਧਾਰੀ ਹੋ ਕੇ ਜੀਓ।

ਮਿਤੀ 28 ਮਾਰਚ, 2025 ਦਿਨ ਸ਼ੁਕਰਵਾਰ ਨੂੰ ਸਵੇਰੇ 11:30 ਵਜੇ ਮਹਾਨ ਅੰਮ੍ਰਿਤ ਸੰਚਾਰ ਹੋਵੇਗਾ। ਅੰਮ੍ਰਿਤ ਅਭਿਲਾਖੀ ਪ੍ਰਾਣੀ ਕੇਸੀ ਇਸ਼ਨਾਨ ਕਰਕੇ ਸਮੇਂ ਸਿਰ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ। ਕਕਾਰਾਂ ਦੀ ਸੇਵਾ ਫਰੀ ਕੀਤੀ ਜਾਵੇਗੀ।

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ :
ਭਾਈ ਗੁਰਮੀਤ ਸਿੰਘ ਸਲੀਣਾ (UK) 73409-17046
ਭਾਈ ਹਰਮੇਲ ਸਿੰਘ ਮੋਗਾ 94171-39213

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਵੱਲੋਂ : ਗੁਰਦੁਆਰਾ ਨਾਮਦੇਵ ਭਵਨ ਪ੍ਰਬੰਧਕੀ ਕਮੇਟੀ, ਮੋਗਾ
ਮੋ: 99156-86386

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੂ ਕੋਟਿ ਪੈਂਡਾ ਆਗੇ ਹੋਏ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

• ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
+447976210161

• ਭਾਈ ਬਲਜੀਤ ਸਿੰਘ ਕੰਗ/Bhai Baljit Singh Kang
+44 7780 605230

• ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
+44 7568 517223

Website : www.nsycuk.com
E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV

ਵਾਹਿਗੁਰੂ ਜੀ ਕਾ ਖਾਲਸਾ।
ਵਾਹਿਗੁਰੂ ਜੀ ਕੀ ਫਤਿਹ॥

# ਸ੍ਰੀ ਗੁਰੂ ਸਿੰਘ ਸਭਾ ਗੁਰਦੁਆਰਾ ਸੈਂਟਰਲ






## ਸ੍ਰੀ ਅਕਾਲ ਤਖਤ ਸਾਹਿਬ ਜੀ ਦੀ ਪ੍ਰਭੁਸੱਤਾ ਅਤੇ ਅਤੇ ਜਥੇਦਾਰਾਂ ਦੇ ਸਨਮਾਨ ਬਹਾਲੀ ਦੇ ਸਬੰਧ ਵਿੱਚ ਸ੍ਰੀ ਗੁਰੂ ਸਿੰਘ ਸਭਾ ਗੁਰਦੁਆਰਾ ਸੈਂਟਰਲ ਮੈਨਚੈਸਟਰ ਵਿਖੇ

# ਵਿਸ਼ਾਲ ਪੰਥਕ ਇਕੱਠ

**9 ਮਾਰਚ 2025 ਦਿਨ ਐਤਵਾਰ ਦੁਪਹਿਰ 2 ਤੋਂ ਸ਼ਾਮ 5 ਵਜੇ ਤੱਕ**

**ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ**

ਗੁਰੂ ਪਿਆਰੇ ਖਾਲਸਾ ਜੀਓ, ਪਿਛਲੇ ਸਾਲ 2 ਦਸੰਬਰ 2024 ਨੂੰ ਜਦੋਂ ਸ੍ਰੀ ਅਕਾਲ ਤਖਤ ਸਾਹਿਬ ਜੀ ਦੀ ਫਸੀਲ ਤੋਂ ਸਿੰਘ ਸਾਹਿਬਾਨਾਂ ਵੱਲੋਂ ਆਦੇਸ਼ ਸੁਣਾਏ ਗਏ ਸਨ ਤੋਂ ਉਹਨਾਂ ਆਦੇਸ਼ਾਂ ਤੋਂ ਭਗੋੜੇ ਹੋਣ ਵਾਲਿਆਂ ਨੇ ਸ੍ਰੀ ਅਕਾਲ ਤਖਤ ਸਾਹਿਬ ਦੀ ਪ੍ਰਭੁਸੱਤਾ ਅਤੇ ਜਥੇਦਾਰਾਂ ਦੇ ਅਧਿਕਾਰਾਂ ਉਤੇ ਸਵਾਲ ਖੜੇ ਕਰ ਦਿੱਤੇ ਹਨ ਜਿਸ ਕਰਕੇ ਪੂਰੀ ਦੁਨੀਆ ਦਾ ਸਿੱਖ ਅੱਜ ਬੇਚੈਨ ਅਤੇ ਪਰੇਸ਼ਾਨ ਹੈ। ਇਹਨਾਂ ਮਸਲਿਆਂ ਦਾ ਕੀ ਹੱਲ ਹੋਵੇ ਇਸ ਸਬੰਧ ਵਿੱਚ ਇੰਗਲੈਂਡ ਭਰ ਦੀਆਂ ਸਿੱਖ ਜਥੇਬੰਦੀਆਂ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਅਤੇ ਪੰਥਕ ਦਰਦੀਆਂ ਦਾ ਵਿਸ਼ਾਲ ਇਕੱਠ **ਸ੍ਰੀ ਗੁਰੂ ਸਿੰਘ ਸਭਾ ਗੁਰਦੁਆਰਾ ਸੈਂਟਰਲ ਮੈਨਚੈਸਟਰ** ਵਿਖੇ ਸੱਦਿਆ ਗਿਆ ਹੈ। ਜਿੱਥੇ ਪੰਥ ਦਰਦੀਆਂ ਨੂੰ ਖੁੱਲਾ ਸੱਦਾ ਅਤੇ ਬੇਨਤੀ ਕੀਤੀ ਜਾਂਦੀ ਹੈ ਕਿ **ਸ੍ਰੀ ਗੁਰੂ ਸਿੰਘ ਸਭਾ ਗੁਰਦੁਆਰਾ ਸੈਂਟਰਲ ਮੈਨਚੈਸਟਰ** ਵਿਖੇ ਦੁਪਹਿਰ 2 ਤੋਂ 5 ਵਜੇ ਪਹੁੰਚਣ ਦੀ ਕਿਰਪਾਲਤਾ ਕਰੋ ਜੀ, ਉੱਥੇ ਪੰਥਕ ਵਿਦਵਾਨ ਜਥੇਬੰਦੀਆਂ ਦੇ ਆਗੂ ਅਤੇ ਗੁਰਦੁਆਰਿਆਂ ਦੇ ਪ੍ਰਬੰਧਕ ਵਿਚਾਰ ਕਰਕੇ ਸਾਂਝਾ ਫੈਸਲਾ ਕਰਨਗੇ । **ਸੋ ਆਪ ਸਭ ਨੂੰ ਹੱਥ ਜੋੜ ਕੇ ਬੇਨਤੀ ਹੈ ਕਿ ਸਮੇਂ ਸਿਰ ਪਹੁੰਚਣ ਦੀ ਕਿਰਪਾਲਤਾ ਕਰਨੀ ਜੀ।**

**ਵਧੇਰੇ ਜਾਣਕਾਰੀ ਲਈ**

| ਪ੍ਰਭਜੋਤ ਸਿੰਘ | ਗਿਆਨੀ ਅਮਰੀਕ ਸਿੰਘ ਰਾਠੌਰ | ਰਛਪਾਲ ਸਿੰਘ ਦਰਵੇਸ਼ | ਭਗਵੰਤ ਸਿੰਘ |
|---|---|---|---|
| 07803370739 | 07890609868 | 074111 80396 | 07746944584 |

**SRI GURU SINGH SABHA GURDWARA (CENTRAL)**

**32 DERBY ST. CHEETHAM HILL, MANCHESTER MB 8RY**

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ

## ਜੋੜ ਮੇਲਾ ਡੇਰਾ ਬਾਬਾ ਨਾਨਕ (ਗੁਰਦਾਸਪੁਰ)



☛ ਜਨਮ ਦਿਵਸ ਸਿੱਖ ਕੌਮ ਦੇ ਹੀਰੇ ਅਮਰ ਸ਼ਹੀਦ ਭਾਈ ਅਮਰੀਕ ਸਿੰਘ ਜੀ ਦਮਦਮੀ ਟਕਸਾਲ ☛ ਜੋੜ ਮੇਲਾ ਬਾਬਾ ਤਾਰਾ ਸਿੰਘ ਜੀ ਪਿੰਡ ਵਾਂ (ਅੰਮ੍ਰਿਤਸਰ) ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।



ਕਥਾ ਵਾਚਕ ਗਿਆਨੀ ਗੁਰਮੀਤ ਸਿੰਘ ਸੁਹਰ ਗੁਰਦਾਸਪੁਰ ਵਾਲੇ

**ਸ਼ਨਿੱਚਰਵਾਰ 8 ਮਾਰਚ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ**

ਐਤਵਾਰ 9 ਮਾਰਚ 2025 ਨੂੰ 6:30 ਵਜੇ ਸਵੇਰੇ ਚੌਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ ਭਾਈ ਗੁਰਮੀਤ ਸਿੰਘ ਸੁਹਰ ਗੁਰਦਾਸਪੁਰ ਵਾਲੇ ਕਥਾ ਰਾਹੀਂ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

**ਗੁਰੂ ਕਾ ਲੰਗਰ ਅਤੁੱਟ ਵਰਤੇਗਾ**

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ। ਆਪਣਾ ਕੀਮਤੀ ਸਮਾਂ ਕੱਢਕੇ ਇੰਨਾਂ ਸਮਾਗਮਾ ਵਿਚ ਪਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

8 ਮਾਰਚ ਨੂੰ ਮਹਿਲਾ ਦਿਵਸ 'ਤੇ ਵਿਸ਼ੇਸ਼

# ਸੋ ਕਿਉ ਮੰਦਾ ਆਖੀਐ ਜਿਤ ਜੰਮਹਿ ਰਾਜਾਨ॥

ਸਾਡੇ ਸਮਾਜ ਵਿੱਚ ਇਸਤਰੀ ਨੂੰ ਮਰਦ ਦੇ ਮੁਕਾਬਲੇ ਨੀਵਾਂ ਸਮਝਿਆ ਜਾਂਦਾ ਹੈ। ਸਭ ਤੋਂ ਪਹਿਲਾਂ ਸ਼੍ਰੀ ਗੁਰੂ ਨਾਨਕ ਦੇਵ ਜੀ ਨੇ ਇਸਤਰੀ ਦੇ ਹੱਕ ਵਿੱਚ ਆਵਾਜ਼ ਉਠਾਈ।

**ਸੋ ਕਿਉ ਮੰਦਾ ਆਖੀਐ ਜਿਤ ਜੰਮਹਿ ਰਾਜਾਨ॥**
**(ਆਸਾ ਕੀ ਵਾਰ ਮ:1, ਅੰਗ 473)**

ਵੱਡੇ-ਵੱਡੇ ਰਾਜਿਆਂ-ਮਹਾਰਾਜਿਆਂ, ਪੀਰਾਂ-ਪੈਗੰਬਰਾਂ ਨੂੰ ਜਨਮ ਦੇਣ ਵਾਲੀ ਮਾਂ ਰੂਪ ਇਸਤਰੀ ਨੂੰ ਨੀਵਾਂ ਕਿਉਂ ਦੇਖਿਆ ਜਾਂਦਾ ਹੈ। ਅੱਜ-ਕੱਲ੍ਹ ਲੜਕੀ ਨੂੰ ਜਨਮ ਦੇਣ ਤੋਂ ਪਹਿਲਾਂ ਹੀ ਮਾਰਿਆ ਜਾ ਰਿਹਾ ਹੈ, ਜਦਕਿ ਇਸ ਲਈ ਸਖ਼ਤ ਕਾਨੂੰਨ ਬਣੇ ਹਨ। ਲੜਕੇ ਦੀ ਅਹਿਮੀਅਤ ਅੱਜ ਵੀ ਸਾਡੇ ਸਮਾਜ ਵਿੱਚ ਲੜਕੀ ਨਾਲੋਂ ਵੱਧ ਸਮਝੀ ਜਾ ਰਹੀ ਹੈ। ਲੜਕੇ ਦੇ ਜਨਮ ਹੋਣ 'ਤੇ ਘਰ ਵਿੱਚ ਬੇਹੱਦ ਖ਼ੁਸ਼ੀਆਂ ਦਾ ਮਾਹੌਲ ਹੁੰਦਾ ਹੈ। ਜਦ ਕਿ ਲੜਕੀ ਦੇ ਜਨਮ ਤੇ ਕਿਸੇ-ਕਿਸੇ ਘਰ ਵਿੱਚ ਹੀ ਖ਼ੁਸ਼ੀਆਂ ਮਨਾਈਆਂ ਜਾਂਦੀਆਂ ਹਨ। ਲੜਕੇ ਦੀ ਲੋਹੜੀ ਗਲੀ-ਗੁਆਂਢ, ਰਿਸ਼ਤੇਦਾਰਾਂ ਨਾਲ ਖ਼ੁਸ਼ੀ ਸਾਂਝੀ ਕਰਕੇ ਮਨਾਈ ਜਾਂਦੀ ਹੈ। ਲੜਕੀ ਦੀ ਲੋਹੜੀ ਮਨਾਉਣ ਲਈ ਬਹੁਤ ਘੱਟ ਅਵਸਰ ਦੇਖਣ ਨੂੰ ਮਿਲੇ ਹਨ। ਅੱਜ ਪੜ੍ਹੇ ਲਿਖੇ ਪਰਿਵਾਰ ਵੀ ਇਹਨਾਂ ਗੱਲਾਂ ਵਿੱਚ ਵਿਸ਼ਵਾਸ ਕਰਨ ਲੱਗ ਪਏ ਹਨ। ਇਸੇ ਕਰਕੇ ਅੱਜ ਔਰਤਾਂ ਦੀ ਗਿਣਤੀ ਮਰਦਾਂ ਦੇ ਮੁਕਾਬਲੇ ਘੱਟ ਹੈ। ਜੇਕਰ ਇਸੇ ਤਰ੍ਹਾਂ ਹੀ ਲੜਕੀਆਂ ਨੂੰ ਜਨਮ ਤੋਂ ਪਹਿਲਾਂ ਮਾਰਨ ਦਾ ਸਿਲਸਿਲਾ ਜਾਰੀ ਰਿਹਾ ਤਾਂ ਕੁਝ ਸਮੇਂ ਬਾਅਦ ਲੜਕਿਆਂ ਦੇ ਵਿਆਹ ਲਈ ਲੜਕੀਆਂ ਲੱਭਣੀਆਂ ਮੁਸ਼ਕਲ ਹੋ ਜਾਣਗੀਆਂ। 13 ਅਗਸਤ 1997 ਨੂੰ ਸੁਪਰੀਮ ਕੋਰਟ ਨੇ ਭਰੂਣ ਹੱਤਿਆ ਨੂੰ ਕਾਨੂੰਨਨ ਜੁਰਮ ਕਰਾਰ ਦਿੱਤਾ। ਇਸ ਬਾਬਤ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਵੀ ਹੁਕਮਨਾਮਾ ਜਾਰੀ ਹੋ ਚੁੱਕਾ ਹੈ। ਪਿਛਲੇ ਕਈ ਸਾਲਾਂ ਤੋਂ ਮਰਦਮਸ਼ੁਮਾਰੀ ਦੇ ਅੰਕੜਿਆਂ ਤੋਂ ਪਤਾ ਲੱਗਦਾ ਹੈ ਕਿ ਲੜਕੀ ਨੂੰ ਕੁੱਖ ਵਿੱਚ ਮਾਰ ਦੇਣ ਕਾਰਨ ਲੜਕਿਆਂ ਦੇ ਮੁਕਾਬਲੇ ਤੇ ਲੜਕੀਆਂ ਦੀ ਜਨਮ ਦਰ ਵਿੱਚ ਕਾਫ਼ੀ ਅੰਤਰ ਆਇਆ ਹੈ। ਸੰਨ 2002 ਦੇ ਅੰਕੜਿਆਂ ਮੁਤਾਬਕ ਔਸਤ ਦਰ 1000 ਲੜਕਿਆਂ ਪਿੱਛੇ 876 ਲੜਕੀਆਂ ਸਨ। ਭਾਰਤ ਵਿੱਚ ਲੜਕੇ ਦੇ ਜੰਮਣ ਨਾਲ ਹੀ ਉਸ ਦਾ ਭਵਿੱਖ ਤੈਅ ਹੋ ਜਾਂਦਾ ਹੈ। 60 ਫ਼ੀਸਦੀ ਲੜਕੀਆਂ ਛੇ ਸਾਲ ਦੀ ਉਮਰ ਵਿੱਚ ਹੀ ਘਰੇਲੂ ਕੰਮਾਂ ਦਾ ਬੋਝ ਚੁੱਕਣ ਲੱਗ ਪੈਂਦੀਆਂ ਹਨ। ਅੱਜ ਤੋਂ 10 ਸਾਲ ਪਹਿਲਾਂ ਦੀ ਇੱਥੇ ਇੱਕ ਉਦਾਹਰਣ ਦੇਣੀ ਯੋਗ ਸਮਝਦਾ ਹਾਂ ਕਿ ਕਿਸ ਤਰ੍ਹਾਂ ਲੜਕੀਆਂ-ਲੜਕਿਆਂ ਦੇ ਬਰਾਬਰ ਘਰ ਦੇ ਕੰਮ, ਖੇਤੀਬਾੜੀ ਦੇ ਕੰਮ ਕਰਦੀਆਂ ਸਨ। ਫ਼ਾਜ਼ਿਲਕਾ (ਫ਼ਿਰੋਜ਼ਪੁਰ) ਦੇ ਪਿੰਡ ਢਿੱਪਾਂਵਾਲੀ ਦੀ 22 ਸਾਲਾ ਚਰਨਜੀਤ ਰਿੰਪੀ ਨੇ ਆਪਣੇ ਪਿਤਾ ਨਾਲ ਖੇਤੀ ਦੇ ਕੰਮ ਵਿੱਚ ਹੱਥ ਵਟਾਇਆ, ਅਚਾਨਕ ਰਿੰਪੀ ਦੇ ਪਿਤਾ ਦਾ ਹੱਥ ਸਿਰ ਤੋਂ ਉੱਠ ਗਿਆ। ਰਿੰਪੀ ਨੇ ਟਰੈਕਟਰ ਚਲਾਉਣਾ ਸਿੱਖਿਆ, ਕਣਕ ਦੀ ਕਟਾਈ, ਵਹਾਈ, ਕਰਾਹਾ ਲਾਉਣਾ, ਵੱਟਾਂ ਪਾਉਣੀਆਂ, ਦਿਨ-ਰਾਤ ਪਾਣੀ ਲਾਉਣਾ, ਫਸਲ ਉੱਤੇ ਸਪਰੇਅ ਕਰਨੀ ਆਦਿ ਸਾਰੇ ਕੰਮ ਆਪ ਕਰਨੇ ਸ਼ੁਰੂ ਕੀਤੇ। ਰਿੰਪੀ ਨੇ ਤਿੰਨ ਏਕੜ ਵਿੱਚ ਅਮਰੂਦਾਂ ਦਾ ਬਾਗ਼ ਲਾਇਆ। ਉਹ ਖੇਤੀ ਦੇ ਨਾਲ-ਨਾਲ ਮਸ਼ੀਨਰੀ ਦੇ ਸਾਰੇ ਕੰਮ ਵੀ ਕਰ ਲੈਂਦੀ ਸੀ। ਉਹ ਸਕੂਲ ਜਾਣ ਸਮੇਂ ਵੀ ਘਰ ਤੋਂ ਸਕੂਲ ਤੱਕ ਰੋਜ਼ਾਨਾ 10 ਕਿਲੋਮੀਟਰ ਦਾ ਸਫ਼ਰ ਸਾਈਕਲ ਰਾਹੀਂ ਤੈਅ ਕਰਦੀ ਸੀ। ਰਿੰਪੀ ਪੜ੍ਹਾਈ ਵਿੱਚ ਬਹੁਤ ਹੁਸ਼ਿਆਰ ਸੀ। ਰਿੰਪੀ ਵਾਂਗ ਹੋਰ ਵੀ ਕਈ ਲੜਕੀਆਂ ਹਨ, ਜੋ ਆਪਣੇ ਮਾਂ-ਬਾਪ ਨਾਲ ਕਾਰੋਬਾਰ ਵਿੱਚ ਹੱਥ ਵਟਾਉਂਦੀਆਂ ਹਨ। ਅੱਜ ਵੀ ਔਰਤ ਪਾਇਲਟ, ਸਾਇੰਸਦਾਨ, ਇੰਜੀਨੀਅਰ, ਡਾਕਟਰ, ਪ੍ਰੋਫ਼ੈਸਰ, ਸਮਾਜ-ਸੇਵੀ ਹੈ। ਔਰਤ ਨੇ ਬਹੁਤ ਵੱਡੇ-ਵੱਡੇ ਮਾਅਰਕੇ ਮਾਰ ਕੇ ਇੱਕ ਵਿਲੱਖਣ ਇਤਿਹਾਸ ਸਿਰਜਿਆ ਹੈ। ਮਾਈ ਭਾਗੋ, ਮਾਤਾ ਸਾਹਿਬ ਕੌਰ, ਸ਼੍ਰੀਮਤੀ ਇੰਦਰਾ ਗਾਂਧੀ, ਰਜ਼ੀਆ ਸੁਲਤਾਨ, ਕਿਰਨ ਬੇਦੀ, ਅੰਮ੍ਰਿਤਾ ਪ੍ਰੀਤਮ, ਦਲੀਪ ਕੌਰ ਟਿਵਾਣਾ, ਪੀ.ਟੀ.ਊਸ਼ਾ, ਅਰੁੰਧਤੀ ਰਾਏ, ਮੇਘਾ ਪਾਟੇਕਰ, ਪ੍ਰਿਯੰਕਾ ਮਿਸ਼ਰਾ, ਬੇਨਜ਼ੀਰ ਭੁੱਟੋ, ਮਦਰ ਟੈਰੇਸਾ, ਏਕਤਾ ਕਪੂਰ, ਕਲਪਨਾ ਚਾਵਲਾ, ਸਰੋਜਨੀ ਨਾਇਡੂ, ਲਤਾ ਮੰਗੇਸ਼ਕਰ, ਮਮਤਾ ਬੈਨਰਜੀ, ਸੋਨੀਆ ਗਾਂਧੀ, ਜੈਲਲਿਤਾ, ਸ਼੍ਰੀਮਤੀ ਪ੍ਰਤਿਭਾ ਪਾਟਿਲ, ਸ਼੍ਰੀਮਤੀ ਨਿਰਮਲਾ ਸੀਤਾਰਮਨ ਅਤੇ ਹੋਰ ਔਰਤਾਂ ਨੇ ਦੇਸ਼ ਦਾ ਨਾਂਅ ਰੋਸ਼ਨ ਕੀਤਾ ਹੈ। ਔਰਤਾਂ ਨੇ ਰਾਜਨੀਤਕ ਖੇਤਰ, ਖੇਡਾਂ ਅਤੇ ਪੜ੍ਹਾਈ ਵਿੱਚ ਵੀ ਮੱਲ੍ਹਾਂ ਮਾਰੀਆਂ ਹਨ। ਲੋਕ ਸਭਾ ਅਤੇ ਵਿਧਾਨ ਸਭਾ ਚੋਣਾਂ ਵਿੱਚ ਬਹੁਤ ਸਾਰੀਆਂ ਔਰਤਾਂ ਨੇ ਜਿੱਤਾਂ ਪ੍ਰਾਪਤ ਕੀਤੀਆਂ ਹਨ। ਬਾਵਜੂਦ ਇਸ ਦੇ ਭਾਰਤ ਵਿੱਚ 60 ਫ਼ੀਸਦੀ ਔਰਤਾਂ ਅਨਪੜ੍ਹ ਹਨ। ਇਸ ਦਾ ਕਾਰਨ ਬਹੁਤ ਸਾਰੇ ਪਿੰਡਾਂ ਵਿੱਚ ਪ੍ਰਾਇਮਰੀ ਪੱਧਰ ਤੱਕ ਦੇ ਸਕੂਲਾਂ ਦਾ ਨਾ ਹੋਣਾ ਹੈ। ਪੜ੍ਹਾਈ ਵਿੱਚ ਕੁੜੀਆਂ ਮੁੰਡਿਆਂ ਨਾਲੋਂ ਵੀ ਅੱਗੇ ਜਾ ਰਹੀਆਂ ਹਨ। ਸਕੂਲਾਂ, ਕਾਲਜਾਂ, ਯੂਨੀਵਰਸਿਟੀਆਂ ਦੇ ਪਿਛਲੇ ਕਈ ਸਾਲਾਂ ਦੇ ਨਤੀਜਿਆਂ ਤੋਂ ਪਤਾ ਲੱਗਦਾ ਹੈ ਕਿ ਜ਼ਿਆਦਾਤਰ ਪਹਿਲੇ ਸਥਾਨ ਲੜਕੀਆਂ ਨੇ ਹੀ ਪ੍ਰਾਪਤ ਕੀਤੇ ਹਨ। ਕੇਂਦਰੀ ਸਿੱਖਿਆ ਬੋਰਡ ਦਿੱਲੀ ਦੇ ਮੁਤਾਬਕ ਪਹਿਲੀ ਪੁਜੀਸ਼ਨ 81 ਫ਼ੀਸਦੀ ਲੜਕੀਆਂ ਨੇ ਹੀ ਪ੍ਰਾਪਤ ਕੀਤੀ। ਬ੍ਰਿਟੇਨ ਦੀ ਲੰਡਨ ਚੈਂਬਰ ਆਫ ਕਾਮਰਸ ਦੀ ਰਿਪੋਰਟ ਅਨੁਸਾਰ 1991 ਤੋਂ 1996 ਤੱਕ 4.5 ਲੱਖ ਨੌਕਰੀਆਂ ਜਿਹੜੀਆਂ ਵਕੀਲਾਂ, ਅਕਾਊਂਟੈਂਟ, ਬਿਜਨਸ ਐਗਜੈਕਟਿਵ ਦੀਆਂ ਸਨ, ਇਹਨਾਂ ਵਿੱਚੋਂ 60 ਫ਼ੀਸਦੀ ਪੋਸਟਾਂ ਤੇ ਔਰਤਾਂ ਚੁਣੀਆਂ ਗਈਆਂ। ਔਰਤਾਂ ਪੰਚਾਇਤ ਚੋਣਾਂ, ਸਰਪੰਚੀ, ਨਗਰ ਨਿਗਮ, ਨਗਰ ਕੌਂਸਲ, ਵਿਧਾਨ ਸਭਾ, ਲੋਕ ਸਭਾ ਚੋਣਾਂ ਵਿੱਚ ਜੇਤੂ ਹੋ ਕੇ ਨੁਮਾਇੰਦਗੀ ਕਰ ਰਹੀਆਂ ਹਨ। ਸੰਨ 2022 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਕੁੱਲ 117 ਸੀਟਾਂ ਤੇ 1304 ਉਮੀਦਵਾਰਾਂ ਵਿੱਚੋਂ 93 ਔਰਤਾਂ ਚੋਣ ਲੜ ਰਹੀਆਂ ਹਨ। ਮੁੱਖ ਪਾਰਟੀਆਂ ਨੇ 37 ਅਤੇ ਛੋਟੀਆਂ ਪਾਰਟੀਆਂ ਨੇ 28 ਔਰਤਾਂ ਨੂੰ ਉਮੀਦਵਾਰ ਬਣਾਇਆ ਹੈ। ਕਿਹੜੀਆਂ ਔਰਤਾਂ ਬਾਜ਼ੀ ਮਾਰਨਗੀਆਂ ਇਹ ਤਾਂ 10 ਮਾਰਚ ਨੂੰ ਪਤਾ ਲੱਗੇਗਾ। ਪਹਿਲਾਂ ਪਹਿਲ ਔਰਤਾਂ ਜਬਰ-ਜਨਾਹ ਦੇ ਜ਼ੁਰਮਾਂ ਨੂੰ ਲੁਕਾ ਕੇ ਰੱਖਦੀਆਂ ਸਨ, ਇੱਥੋਂ ਤੱਕ ਕਿ ਮਾਂ-ਪਿਉ ਕਿਸੇ ਰਿਸ਼ਤੇਦਾਰਾਂ ਜਾਂ ਅਫ਼ਸਰੀ ਤਬਕੇ ਨੂੰ ਵੀ ਦੱਸਣ ਤੋਂ ਝਿਜਕਦੀਆਂ ਸਨ ਤੇ ਵਿੱਚੋ-ਵਿੱਚ ਹੀ ਘੁਲਦੀਆਂ ਰਹਿੰਦੀਆਂ ਸਨ। ਅੱਜ ਔਰਤ ਹਿੰਮਤ ਕਰਕੇ ਆਪਣੇ ਉੱਪਰ ਜੁਰਮ ਕਰਨ ਵਾਲਿਆਂ ਨੂੰ ਸਜ਼ਾ ਦਿਵਾ ਰਹੀ ਹੈ। ਅੱਜ ਔਰਤ ਕਮਜ਼ੋਰ ਨਹੀਂ। ਔਰਤ, ਜੋ ਕਦੇ ਮਾਂ, ਭੈਣ, ਧੀ ਅਤੇ ਕਦੇ ਪਤਨੀ ਦੇ ਰੂਪ ਵਿੱਚ ਮਰਦ ਪ੍ਰਧਾਨ ਸਮਾਜ ਨੂੰ ਸਹਾਰਾ ਦਿੰਦੀ ਹੈ। ਇਸ ਦਾ ਦੂਜਾ ਪਹਿਲੂ ਇਹ ਵੀ ਹੈ ਕਿ ਅਸੀਂ ਕਹਿਣ ਨੂੰ ਭਾਵੇਂ ਇਹ ਜ਼ਰੂਰ ਕਹਿ ਲਈਏ ਕਿ ਔਰਤ ਮਰਦ ਦੇ ਮੁਕਾਬਲੇ ਘੱਟ ਨਹੀਂ ਹੈ ਪਰ ਫਿਰ ਵੀ ਔਰਤ ਨੂੰ ਹਮੇਸ਼ਾਂ ਨੀਵਾਂ ਸਮਝਿਆ ਜਾ ਰਿਹਾ ਹੈ। ਔਰਤ ਉੱਪਰ ਅੱਜ ਵੀ ਹੱਥ ਉੱਠ ਰਿਹਾ ਹੈ, ਜ਼ੁਲਮ ਹੋ ਰਿਹਾ ਹੈ, ਉਸ ਨੂੰ ਪੈਰ ਦੀ ਜੁੱਤੀ ਸਮਝਿਆ ਜਾ ਰਿਹਾ ਹੈ। ਭਾਵੇਂ ਮਨੁੱਖੀ ਲੋੜਾਂ ਵਧਣ ਦੇ ਨਾਲ-ਨਾਲ ਔਰਤਾਂ ਸਵੇਰ ਤੋਂ ਸ਼ਾਮ ਤੱਕ ਖੇਤਾਂ, ਫੈਕਟਰੀਆਂ, ਦਫ਼ਤਰਾਂ, ਬਜ਼ਾਰਾਂ, ਦੁਕਾਨਾਂ, ਸਕੂਲਾਂ, ਕਾਲਜਾਂ ਭਾਵ ਸਮਾਜ ਦੇ ਹਰ ਖੇਤਰ ਵਿੱਚ ਆਦਮੀਆਂ ਦੇ ਬਰਾਬਰ ਮੋਢੇ ਨਾਲ ਮੋਢਾ ਜੋੜ ਕੇ ਕੰਮ ਕਰ ਰਹੀਆਂ ਹਨ ਫਿਰ ਉਸ ਨੂੰ ਨੀਵਾਂ ਕਿਉਂ ਸਮਝਿਆ ਜਾਵੇ। ਸਾਨੂੰ ਆਪਣੀ ਸੋਚ ਬਦਲਣ ਦੀ ਲੋੜ ਹੈ ਕਿਉਂਕਿ ਔਰਤਾਂ ਕਿਸੇ ਵੀ ਤਰ੍ਹਾਂ ਮਰਦਾਂ ਤੋਂ ਘੱਟ ਨਹੀਂ ਹੈ, ਬਸ ਜ਼ਰੂਰਤ ਹੈ ਬਰਾਬਰ ਮੌਕੇ ਪ੍ਰਦਾਨ ਕਰਨ ਦੀ ਅੰਤ ਵਿੱਚ ਮਹਿਲਾ ਦਿਵਸ ਬਾਰੇ ਸੰਖੇਪ ਵਿੱਚ ਦੱਸ ਕੇ ਸਮਾਪਤ ਕਰਾਂਗਾ। ਹਰ ਸਾਲ 8 ਮਾਰਚ ਨੂੰ ਮਹਿਲਾ ਦਿਵਸ ਮਨਾਇਆ ਜਾਂਦਾ ਹੈ। 1918 ਤੋਂ ਅੰਤਰ ਰਾਸ਼ਟਰੀ ਔਰਤ ਦਿਵਸ ਮਨਾਇਆ ਜਾਣ ਲੱਗਾ ਤੇ 1975 ਵਿੱਚ ਸੰਯੁਕਤ ਰਾਸ਼ਟਰ ਦੀ ਅਸੈਂਬਲੀ ਵਿੱਚ ਮਤਾ ਪਾਸ ਕਰਕੇ 8 ਮਾਰਚ ਨੂੰ ਅੰਤਰਰਾਸ਼ਟਰੀ ਮਹਿਲਾ ਦਿਵਸ ਵਜੋਂ ਮਾਨਤਾ ਦਿੱਤੀ ਗਈ। ਇਸ ਦਿਹਾੜੇ ਵੱਡੇ-ਵੱਡੇ ਸਮਾਗਮ ਕੀਤੇ ਜਾਂਦੇ ਹਨ। ਔਰਤਾਂ ਨੂੰ ਦਿੱਤੇ ਜਾਣ ਵਾਲੇ ਅਧਿਕਾਰਾਂ ਬਾਰੇ ਲੈਕਚਰ, ਭਾਸ਼ਣ ਦਿੱਤੇ ਜਾਂਦੇ ਹਨ ਪਰ ਇਹਨਾਂ ਤੇ ਅਮਲ ਨਾ ਮਾਤਰ ਹੀ ਹੁੰਦਾ ਹੈ। ਕੀ ਅੱਜ (8 ਮਾਰਚ) ਵੀ ਵੱਡੇ-ਵੱਡੇ ਸਮਾਗਮ ਕਰਕੇ ਹੀ ਔਰਤਾਂ ਨੂੰ ਦਿਲਾਸਾ ਦਿੱਤਾ ਜਾਵੇਗਾ ਜਾਂ ਉਹਨਾਂ ਦੇ ਹੱਕਾਂ ਪ੍ਰਤੀ ਆਵਾਜ਼ ਵੀ ਬੁਲੰਦ ਕੀਤੀ ਜਾਵੇਗੀ। ਇਹ ਤਾਂ ਆਉਣ ਵਾਲਾ ਸਮਾਂ ਹੀ ਦੱਸੇਗਾ।

**-ਕਰਨੈਲ ਸਿੰਘ ਐੱਮ.ਏ. ਲੁਧਿਆਣਾ**



ਆਵਾਜ਼ਿ ਕੌਮ AWAZE QAUM International Newspaper & WEB TV

ਭਾਕਿਯੂ ਸਿੱਧੂਪੁਰ ਇਕਾਈ ਤਲਵੰਡੀ ਸਾਬੋ ਦੀ ਹੋਈ ਮਹੀਨਾਵਾਰ ਮੀਟਿੰਗ

# ਮਹਿਲਾ ਦਿਵਸ ਮੌਕੇ ਵੱਡਾ ਇਕੱਠ ਕਰਨ ਦੀ ਮਹਿਲਾਵਾਂ ਨੂੰ ਕੀਤੀ ਅਪੀਲ

**ਤਲਵੰਡੀ ਸਾਬੋ, 6 ਮਾਰਚ (ਗੁਰਜੰਟ ਸਿੰਘ ਨਥੇਹਾ)**- ਭਾਕਿਯੂ ਸਿੱਧੂਪੁਰ ਦੇ ਬਲਾਕ ਤਲਵੰਡੀ ਸਾਬੋ ਦੀ ਮਹੀਨਾਵਾਰ ਮੀਟਿੰਗ ਬਲਾਕ ਪ੍ਰਧਾਨ ਮਹਿਮਾ ਸਿੰਘ ਚੱਠੇਵਾਲਾ ਦੀ ਅਗਵਾਈ ਵਿੱਚ ਬੁੰਗਾ ਮਸਤੂਆਣਾ ਵਿੱਚ ਕੀਤੀ ਗਈ। ਜਿਸ ਵਿੱਚ ਆਉਣ ਵਾਲੀ 08 ਮਾਰਚ ਨੂੰ ਮਹਿਲਾ ਦਿਵਸ ਦੇ ਦੌਰਾਨ ਜੋ ਸ੍ਰ. ਜਗਜੀਤ ਸਿੰਘ ਡੱਲੇਵਾਲ ਕਿਸਾਨੀ ਮੰਗਾਂ ਨੂੰ ਲੈ ਕੇ ਖਨੌਰੀ ਮੋਰਚੇ 'ਤੇ ਮਰਨ ਵਰਤ ਉਪਰ ਬੈਠੇ ਹਨ, ਉਹਨਾਂ ਦੀ ਹਮਾਇਤ ਵਜੋਂ ਮਹਿਲਾਵਾਂ ਦਾ ਬਹੁਤ ਵੱਡਾ ਇਕੱਠ ਖਨੌਰੀ ਮੋਰਚੇ 'ਤੇ ਕਰਨ ਦੀ ਗੱਲ ਆਖੀ ਅਤੇ ਸਾਰੇ ਪਿੰਡਾਂ ਨੂੰ ਆਪਣੀ ਹਾਜ਼ਰੀ ਖਨੌਰੀ ਮੋਰਚੇ 'ਤੇ ਗਿਣਤੀ ਵਧਾਉਣ ਲਈ ਵੀ ਸੁਚੇਤ ਕੀਤਾ ਗਿਆ। ਇਸ ਮੀਟਿੰਗ ਵਿੱਚ ਬਲਾਕ ਦੇ ਲਗਭਗ ਸਾਰੇ ਪਿੰਡਾਂ ਨੇ ਹਾਜ਼ਰੀ ਲਵਾਈ। ਜਿਸ ਵਿਚ ਯੋਧਾ ਸਿੰਘ ਨੰਗਲਾ ਜਿਲਾ ਮੀਤ ਪ੍ਰਧਾਨ, ਸੰਦੀਪ ਸਿੰਘ, ਚਾਨਣ ਸਿੰਘ ਬਹਿਮਣ ਕੌਰ ਸਿੰਘ, ਕੁਲਦੀਪ ਸਿੰਘ ਕਣਕਵਾਲ, ਬਲਵੰਤ ਸਿੰਘ ਜੀਵਨ ਸਿੰਘ ਵਾਲਾ, ਮਨਜੀਤ ਸਿੰਘ ਮਾਨਵਾਲਾ, ਮਿੱਠੂ ਸਿੰਘ ਬੰਗੀ ਕਲਾਂ, ਗੋਰਾ ਸਿੰਘ ਲਹਿਰੀ, ਕਰਤਾਰ ਸਿੰਘ ਜੋਗੇਵਾਲਾ, ਸਾਧੂ ਸਿੰਘ ਕੋਟ ਬਖਤੂ, ਬਾਬੂ ਸਿੰਘ ਜੱਜਲ ਆਦਿ ਸ਼ਾਮਿਲ ਹੋਏ।

ਆਵਾਜ਼ਿ ਕੌਮ AWAZE QAUM International Newspaper & WEB TV



# ਗੁਰੂ ਕਾਸ਼ੀ ਯੂਨੀਵਰਸਿਟੀ ਨੇ ਕੈਂਸਰ ਜਾਗਰੂਕਤਾ ਨਾਲ ਮਨਾਇਆ ਕੌਮਾਂਤਰੀ ਰਾਸ਼ਟਰੀ ਮਹਿਲਾ ਦਿਵਸ



**ਤਲਵੰਡੀ ਸਾਬੋ, 7 ਮਾਰਚ (ਗੁਰਜੰਟ ਸਿੰਘ ਨਥੇਹਾ)**- ਚਾਂਸਲਰ ਸ. ਗੁਰਲਾਭ ਸਿੰਘ ਸਿੱਧੂ ਦੀ ਰਹਿਨੁਮਾਈ ਹੇਠ ਇਲਾਕੇ ਨੂੰ ਕੈਂਸਰ ਮੁਕਤ ਕਰਨ ਲਈ ਮੁੱਢ ਤੋਂ ਹੀ ਯਤਨਸ਼ੀਲ ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ ਗੁਲਦਸਤਾ ਕਲਚਰਲ ਐਂਡ ਵੈਲਫੇਅਰ ਸੁਸਾਇਟੀ ਦੇ ਸਹਿਯੋਗ ਨਾਲ ਅੰਤਰਰਾਸ਼ਟਰੀ ਮਹਿਲਾ ਦਿਵਸ ਬੜੇ ਸ਼ਾਨਦਾਰ ਅਤੇ ਪ੍ਰਭਾਵਸ਼ਾਲੀ ਤਰੀਕੇ ਨਾਲ ਮਨਾਇਆ ਗਿਆ। ਇਸ ਮੌਕੇ ਬੀਬਾ ਹਰਸਿਮਰਤ ਕੌਰ ਬਾਦਲ ਮੈਂਬਰ ਪਾਰਲੀਮੈਂਟ ਹਲਕਾ ਬਠਿੰਡਾ ਬਤੌਰ ਮੁੱਖ ਮਹਿਮਾਨ ਤੇ ਅਵਨੀਤ ਕੌਰ ਸਿੱਧੂ ਏ.ਆਈ.ਜੀ ਇੰਟੈਲੀਜੈਂਸ ਬਠਿੰਡਾ ਨੇ ਸਨਮਾਨਿਤ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਆਯੋਜਕਾਂ ਵੱਲੋਂ ਕੈਂਸਰ ਵਰਗੀ ਨਾ-ਮੁਰਾਦ ਬਿਮਾਰੀ ਤੇ ਜਿੱਤ ਹਾਸਲ ਕਰਨ ਵਾਲੀਆਂ ਮਹਿਲਾਵਾਂ, ਸਿੱਖਿਆ ਅਤੇ ਵੱਖ-ਵੱਖ ਖੇਤਰਾਂ ਵਿੱਚ ਵੱਡੀਆਂ ਪ੍ਰਾਪਤੀਆਂ ਕਰਨ ਵਾਲੀਆਂ ਨਾਰੀਆਂ ਨੂੰ ਟਰਾਫੀਆਂ ਅਤੇ ਸਰਟੀਫਿਕੇਟ ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਮੁੱਖ ਮਹਿਮਾਨ ਬੀਬਾ ਬਾਦਲ ਨੇ ਔਰਤਾਂ ਨੂੰ ਆਪਣੀ ਤਾਕਤ ਪਹਿਚਾਣ ਕੇ ਬੁਲੰਦੀਆਂ ਹਾਸਿਲ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਇਹ ਯੁੱਗ ਨਾਰੀ ਦਾ ਯੁੱਗ ਹੈ ਹੁਣ ਕੋਈ ਵੀ ਤਾਕਤ ਉਨ੍ਹਾਂ ਨੂੰ ਅੱਗੇ ਵੱਧਣ ਤੋਂ ਰੋਕ ਨਹੀਂ ਸਕਦੀ। ਉਨ੍ਹਾਂ ਇਲਾਕੇ ਵਿੱਚ ਮਿਆਰੀ ਤੇ ਉੱਚੇਰੀ ਸਿੱਖਿਆ ਦੇ ਪਾਸਾਰ ਲਈ ਜੀ.ਕੇ.ਯ ਨੂੰ ਵਧਾਈ ਦਿੱਤੀ। ਸਮਾਰੋਹ ਵਿੱਚ ਮਾਲਵਾ ਇਲਾਕੇ ਵਿੱਚ ਵੱਧ ਰਹੀ ਕੈਂਸਰ ਦੀ ਬਿਮਾਰੀ ਤੇ ਠੱਲ ਪਾਉਣ ਲਈ ਪ੍ਰੈਗਮਾ ਹਸਪਤਾਲ ਬਠਿੰਡਾ ਤੋਂ ਡਾ. ਕ੍ਰਿਤਿਕਾ ਤੁਲਾਨੀ, ਡਾ. ਸਵਿਤਾ ਨੇ ਔਰਤਾਂ ਵਿੱਚ ਹੋਣ ਵਾਲੇ ਸਰਵਾਈਕਲ ਕੈਂਸਰ ਤੇ ਬ੍ਰੈਸਟ ਕੈਂਸਰ ਦੇ ਲੱਛਣਾਂ ਤੇ ਉਨ੍ਹਾਂ ਦੀ ਰੋਕਥਾਮ ਬਾਰੇ ਜਾਣਕਾਰੀ ਸਾਂਝੀ ਕੀਤੀ। ਨਾਲੋਂ ਨਾਲ ਮੈਕਸ ਹਸਪਤਾਲ ਬਠਿੰਡਾ ਤੋਂ ਡਾ. ਨੇਹਾ ਨੇ ਮਰਦਾਂ ਵਿੱਚ ਹੋਣ ਵਾਲੇ ਕੈਂਸਰ ਤੋਂ ਬਚਣ ਅਤੇ ਇਲਾਜ ਬਾਰੇ ਚਾਨਣਾ ਪਾਇਆ। ਡਾ. ਵਿਕਾਸ ਗੁਪਤਾ ਡਿਪਟੀ ਡਾਇਰੈਕਟਰ ਸੀ.ਡੀ.ਓ.ਈ ਨੇ ਵਰਸਿਟੀ ਵਿਖੇ ਚੱਲ ਰਹੇ ਆਲ ਲਾਈਨ ਕੋਰਸਾਂ ਬਾਰੇ ਜਾਣਕਾਰੀ ਦਿੱਤੀ ਤੇ ਵਰਸਿਟੀ ਦੀਆਂ ਪ੍ਰਾਪਤੀਆਂ ਬਾਰੇ ਦੱਸਿਆ। ਇਸ ਮੌਕੇ ਕਰਵਾਏ ਗਏ ਰੰਗਾ-ਰੰਗ ਪ੍ਰੋਗਰਾਮ ਤੇ ਸਨਮਾਨ ਸਮਾਰੋਹ ਵਿੱਚ ਵਿਦੇਸ਼ੀ ਅਤੇ ਵੱਖ-ਵੱਖ ਪ੍ਰਦੇਸ਼ਾਂ ਦੇ ਵਿਦਿਆਰਥੀਆਂ ਵੱਲੋਂ ਪੇਸ਼ ਕੀਤੇ ਗਏ ਗੀਤਾਂ ਅਤੇ ਖੇਤਰੀ ਲੋਕ ਨਾਚਾਂ ਨੇ ਦਰਸ਼ਕਾਂ ਨੂੰ ਤਾੜੀਆਂ ਮਾਰਨ ਲਈ ਮਜ਼ਬੂਰ ਕੀਤਾ। ਮਨਪ੍ਰੀਤ ਬਰਾੜ ਅਤੇ ਵੀਰਪਾਲ ਦਾ ਮੰਚ ਸੰਚਾਲਨ ਕਾਬਿਲ-ਏ-ਤਾਰੀਫ਼ ਰਿਹਾ। ਆਯੋਜਕਾਂ ਵੱਲੋਂ ਮੁੱਖ ਮਹਿਮਾਨ ਅਤੇ ਸਨਮਾਨਿਤ ਮਹਿਮਾਨਾਂ ਨੂੰ ਫੁਲਕਾਰੀ ਨਾਲ ਸਨਮਾਨਿਤ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

# ਹਠੂਰ 'ਚ 9ਵਾਂ ਵਿਰਸਾ ਸੰਭਾਲ ਗੱਤਕਾ ਮੁਕਾਬਲਾ 30 ਮਾਰਚ ਨੂੰ

## ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਅਤੇ ਪਤਿਤਪੁਣੇ ਤੋਂ ਬਚਾਉਣ ਲਈ ਉਪਰਾਲੇ : ਜਥੇਦਾਰ ਹਰਪ੍ਰੀਤ ਸਿੰਘ ਖਾਲਸਾ

**ਹਠੂਰ/ਜਗਰਾਉਂ -(ਵਰਿਆਮ ਹਠੂਰ)**-ਅਮਰ ਸ਼ਹੀਦ ਬਾਬਾ ਦੀਪ ਸਿੰਘ ਜੀ ਅਤੇ 20ਵੀਂ ਸਦੀ ਦੇ ਮਹਾਨ ਜਰਨੈਲ ਸੰਤ ਗਿਆਨੀ ਜਰਨੈਲ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ ਦੇ ਜਨਮ ਦਿਹਾੜੇ ਨੂੰ ਸਮਰਪਿਤ, ਇਤਿਹਾਸਕ ਕਸਬਾ ਹਠੂਰ ਦੀ ਭਾਗਾਂ ਭਰੀ ਧਰਤੀ ਤੇ ਭਾਈ ਬਚਿੱਤਰ ਸਿੰਘ ਗੱਤਕਾ ਅਖਾੜਾ ਹਠੂਰ ਵੱਲੋਂ ਸਮੂਹ ਨਗਰ ਨਿਵਾਸੀਆਂ, ਗ੍ਰਾਮ ਪੰਚਾਇਤ, ਐੱਨ ਆਰ ਆਈ ਵੀਰਾਂ, ਕੈਲੇਫੋਰਨੀਆਂ ਗੱਤਕਾ ਦਲ ਮਿਸਲ ਮੈਟੋਰੀਅਲ ਅਤੇ ਵੀਰ ਗੁਰਜਿੰਦਰ ਸਿੰਘ ਯੂ. ਐੱਸ. ਏ. ਦੇ ਸਹਿਯੋਗ ਸਦਕਾ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਅਤੇ ਪਤਿਤਪੁਣੇ ਤੋਂ ਬਚਾਉਣ ਲਈ 9ਵਾਂ ਵਿਰਸਾ ਸੰਭਾਲ ਗੱਤਕਾ ਮੁਕਾਬਲਾ 30 ਮਾਰਚ 2025 ਦਿਨ ਐਤਵਾਰ ਨੂੰ ਇਤਿਹਾਸਕ ਗੁਰਦੁਆਰਾ ਪਾਤਸ਼ਾਹੀ ਛੇਵੀਂ ਦੇ ਨਾਲ ਬਣੀ ਪਾਰਕ ਵਿੱਚ ਕਰਵਾਇਆ ਜਾ ਰਿਹਾ ਹੈ। ਜਾਣਕਾਰੀ ਦਿੰਦਿਆਂ ਭਾਈ ਬਚਿੱਤਰ ਸਿੰਘ ਗੱਤਕਾ ਅਖਾੜਾ ਹਠੂਰ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਖਾਲਸਾ ਨੇ ਕਿਹਾ ਕਿ ਗੱਤਕੇ ਦੇ ਮੁਕਾਬਲੇ ਵਿੱਚ ਪੰਜਾਬ ਦੇ ਲੜਕੇ ਅਤੇ ਲੜਕੀਆਂ ਦੀਆਂ ਟੀਮਾਂ ਗੱਤਕੇ ਦੇ ਜੌਹਰ ਵਿਖਾਉਣਗੀਆਂ, ਜੱਜਮੈਂਟ ਉਪਰੰਤ ਮੁਕਾਬਲੇ ਵਿੱਚ ਜੇਤੂ ਟੀਮਾਂ ਨੂੰ ਨਗਦ ਇਨਾਮ ਅਤੇ ਯਾਦਗਾਰੀ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਜਾਵੇਗਾ, ਜਥੇਦਾਰ ਭਾਈ ਹਰਪ੍ਰੀਤ ਸਿੰਘ ਖਾਲਸਾ ਨੇ ਅੱਗੇ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਅਤੇ ਪਤਿਤਪੁਣੇ ਤੋਂ ਬਚਾਉਣ ਲਈ ਅਜਿਹੇ ਉਪਰਾਲੇ ਸਾਡੇ ਵੱਲੋਂ ਲਗਾਤਾਰ ਕੀਤੇ ਜਾ ਰਹੇ ਹਨ। ਨੌਜਵਾਨਾਂ ਨੂੰ ਵਿਸ਼ੇਸ਼ ਤੌਰ ਤੇ ਗੱਤਕੇ ਦੀ ਸਿਖਲਾਈ ਦਿੱਤੀ ਜਾਂਦੀ ਹੈ। ਬੱਚਿਆਂ ਨੂੰ ਬਾਣੀ ਅਤੇ ਬਾਣੇ ਦੇ ਧਾਰਨੀ ਬਣਾਉਣ ਲਈ ਗੁਰਮਤਿ ਦੀਆਂ ਕਲਾਸਾਂ ਲਗਾਈਆਂ ਜਾਂਦੀਆਂ ਹਨ। ਬੱਚੇ ਜਿੱਥੇ ਕੀਰਤਨ ਦੀ ਸਿਖਲਾਈ ਲੈਂਦੇ ਹਨ ਉੱਥੇ ਗੁਰਬਾਣੀ ਕੰਠ ਅਤੇ ਲੰਬੇ ਕੇਸ ਰੱਖਣ ਵਿੱਚ ਵੀ ਰੁਚੀ ਰੱਖਦੇ ਹਨ। ਅੰਤ ਵਿੱਚ ਉਨ੍ਹਾਂ ਕਿਹਾ ਕਿ ਹੋ ਰਹੇ ਗੱਤਕਾ ਮੁਕਾਬਲੇ ਵਿੱਚ ਵੱਧ ਤੋਂ ਵੱਧ ਗੁਰਸੰਗਤਾਂ ਹਾਜ਼ਰੀਆਂ ਭਰਨ, ਤੇ ਗੱਤਕਾ ਮੁਕਾਬਲੇ ਵਿੱਚ ਗੱਤਕੇ ਦੇ ਜੌਹਰ ਵੇਖਣ।



ਆਵਾਜ਼ਿ ਕੌਮ AWAZE QAUM International Newspaper & WEB TV




ਡਾ.ਰਵੀ ਕਾਂਤ ਗੁਪਤਾ ਐਮ.ਡੀ ਪਿਡਿਆਟ੍ਰਿਕਸ ਨੇ

# ਤਲਵੰਡੀ ਸਾਬੋ ਵਿਖੇ ਬਤੌਰ ਸੀਨੀਅਰ ਮੈਡੀਕਲ ਅ਼ਫਸਰ ਦਾ ਸੰਭਾਲਿਆ ਅਹੁਦਾ

**ਤਲਵੰਡੀ ਸਾਬੋ, 07 ਮਾਰਚ (ਗੁਰਜੰਟ ਸਿੰਘ ਨਥੇਹਾ)**- ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਡਾ. ਰਵੀ ਕਾਂਤ ਗੁਪਤਾ ਐਮ.ਡੀ ਪਿਡਿਆਟ੍ਰਿਕਸ ਨੇ ਸੀਨੀਅਰ ਮੈਡੀਕਲ ਅ਼ਫਸਰ ਐਸ.ਡੀ.ਐਚ ਤਲਵੰਡੀ ਸਾਬੋ ਦਾ ਅਹੁਦਾ ਸੰਭਾਲਿਆ। ਆਮ ਲੋਕਾਂ ਨੂੰ ਵਧੀਆ ਸਿਹਤ ਸਹੂਲਤਾਂ ਦਾ ਮਿਆਰ ਉੱਚਾ ਚੁੱਕਣ ਲਈ ਯਤਨ ਕੀਤੇ ਜਾਣਗੇ।ਡਾ.ਰਵੀ ਕਾਂਤ ਗੁਪਤਾ ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਡਾ. ਰਵੀ ਕਾਂਤ ਗੁਪਤਾ ਨੇ ਪਦਉੱਨਤੀ ਉਪਰੰਤ ਬਤੌਰ ਸੀਨੀਅਰ ਮੈਡੀਕਲ ਅ਼ਫਸਰ ਤਲਵੰਡੀ ਸਾਬੋ ਵਿਖੇ ਅਹੁਦਾ ਸੰਭਾਲਿਆ।ਇਸ ਮੌਕੇ ਐਸ.ਡੀ.ਐਚ ਤਲਵੰਡੀ ਸਾਬੋ ਦੇ ਸਮੂਹ ਮੈਡੀਕਲ ਅਫਸਰਾਂ ਅਤੇ ਸਟਾ਼ਫ ਵੱਲੋਂ ਡਾ. ਰਵੀ ਕਾਂਤ ਜੀ ਦਾ ਫੁੱਲਾਂ ਦਾ ਗੁਲਦਸਤਾ ਦੇ ਕੇ ਸਵਾਗਤ ਕੀਤਾ ਅਤੇ ਜੀ ਆਇਆਂ ਕਿਹਾ ਗਿਆ। ਦੱਸ ਦਈਏ ਕਿ ਡਾ. ਰਵੀ ਕਾਂਤ ਜਿਲਾ ਬਠਿੰਡਾ ਦੇ ਵਸਨੀਕ ਹਨ ਅਤੇ ਸੀਨੀਅਰ ਮੈਡੀਕਲ ਅ਼ਫਸਰ ਪਦ ਉਨਤ ਹੋਣ ਤੋਂ ਪਹਿਲਾਂ ਉਹ ਜ਼ਿਲਾ ਬਠਿੰਡਾ ਜੱਚਾ ਬੱਚਾ ਹਸਪਤਾਲ ਵਿਖੇ ਬਤੌਰ ਬੱਚਿਆਂ ਦੇ ਮਾਹਰ ਡਾਕਟਰ ਸੇਵਾਵਾਂ ਦਿੰਦੇ ਰਹੇ ਹਨ। ਇਸ ਮੌਕੇ ਡਾ. ਰਵੀ ਕਾਂਤ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਉਨ੍ਹਾਂ 'ਤੇ ਵਿਸ਼ਵਾਸ ਪ੍ਰਗਟ ਕਰਦਿਆਂ ਉਨ੍ਹਾਂ ਨੂੰ ਸੀਨੀਅਰ ਮੈਡੀਕਲ ਅ਼ਫਸਰ ਤਲਵੰਡੀ ਸਾਬੋ ਦੀ ਜਿੰਮੇਵਾਰੀ ਸੌਂਪੀ ਗਈ ਹੈ।ਉਹ ਇਸ ਜਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੇ। ਉਨ੍ਹਾਂ ਕਿਹਾ ਕਿ ਆਮ ਲੋਕਾਂ ਨੂੰ ਐਸ.ਡੀ.ਐਚ ਅਤੇ ਸਿਹਤ ਕੇਂਦਰਾਂ ਵਿਚ ਆਉਣ 'ਤੇ ਪੂਰਾ ਮਾਣ ਸਤਿਕਾਰ ਦਿੱਤਾ ਜਾਵੇਗਾ ਅਤੇ ਉਨ੍ਹਾਂ ਦਾ ਇਲਾਜ ਅਤੇ ਹੋਰ ਲੋੜੀਂਦੀ ਸਹਾਇਤਾ ਪਹਿਲ ਦੇ ਅਧਾਰ 'ਤੇ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਦਾ ਬਲਾਕ ਮੁਖੀ ਹੋਣ ਦੇ ਨਾਤੇ ਸਿਹਤ ਵਿਭਾਗ ਦੇ ਸਾਰੇ ਸਰਕਾਰੀ ਪ੍ਰੋਗਰਾਮਾਂ ਨੂੰ ਇੰਨ-ਬਿੰਨ ਲਾਗੂ ਕਰਨਾ ਅਤੇ ਆਮ ਲੋਕਾਂ ਨੂੰ ਵਧੀਆ ਸਿਹਤ ਸਹੂਲਤਾਂ ਦੇਣਾ ਮੇਰਾ ਮੁੱਖ ਮਕਸਦ ਹੋਵੇਗਾ। ਬਲਾਕ ਦੇ ਸਾਰੇ ਸਹਿਤ ਕੇਂਦਰਾਂ ਵਿੱਚ ਔਰਤਾਂ ਅਤੇ ਬੱਚਿਆਂ ਦਾ ਚੈੱਕ-ਅਪ ਅਤੇ ਇਲਾਜ ਪਹਿਲ ਦੇ ਅਧਾਰ 'ਤੇ ਕੀਤਾ ਜਾਵੇਗਾ ਅਤੇ ਜੱਚਾ-ਬੱਚਾ ਸੇਵਾਵਾਂ ਨੂੰ ਹੋਰ ਉੱਚਾ ਚੁੱਕਣ ਲਈ ਯੋਗ ਉਪਰਾਲੇ ਕੀਤੇ ਜਾਣਗੇ। ਉਨ੍ਹਾਂ ਆਪਣਾ ਅਹੁਦਾ ਸੰਭਾਲਦਿਆਂ ਸਿਹਤ ਵਿਭਾਗ ਦੇ ਸਮੂਹ ਅਧਿਕਾਰੀਆਂ ਅਤੇ ਸਟਾਫ ਨੂੰ ਕਿਹਾ ਕਿ ਸਿਹਤ ਸੰਸਥਾਵਾਂ ਵਿਚ ਆਉਣ ਵਾਲੇ ਲੋਕਾਂ ਨਾਲ ਨਰਮੀ ਵਾਲਾ ਵਰਤਾਓ ਕੀਤਾ ਜਾਵੇ ਅਤੇ ਪਹਿਲ ਦੇ ਅਧਾਰ 'ਤੇ ਉਨ੍ਹਾਂ ਦੀਆਂ ਮੁਸ਼ਕਲਾਂ ਦਾ ਹੱਲ ਕੀਤਾ ਜਾਵੇ। ਉਨ੍ਹਾਂ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਸਿਹਤ ਵਿਭਾਗ ਵੱਲੋਂ ਦਿੱਤੀਆਂ ਜਾ ਰਹੀਆਂ ਸਿਹਤ ਸੇਵਾਵਾਂ ਅਤੇ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ। ਇਸ ਮੌਕੇ ਮਾਹਰ ਡਾ. ਜਗਰੂਪ ਸਿੰਘ, ਡਾ. ਜੈਦੀਪ ਸਿੰਘ ਬਰਾੜ, ਡਾ. ਇਸ਼ਾਨ ਬਾਂਸਲ , ਡਾ. ਲਵਕੇਸ਼ ਗੁਪਤਾ, ਸਮੂਹ ਦਫਤਰੀ ਸਟਾਫ, ਸਮੂਹ ਨਰਸਿੰਗ ਸਟਾ਼ਫ, ਸਮੂਹ ਫਾਰਮੇਸੀ ਸਟਾਫ ਅਤੇ ਸਮੂਹ ਪੈਰਾ ਮੈਡੀਕਲ ਸਟਾ਼ਫ ਵੱਲੋਂ ਆਪਣਾ ਅਹੁਦਾ ਸੰਭਾਲਣ 'ਤੇ ਵਧਾਈ ਦਿੱਤੀ ਅਤੇ ਨਿੱਘਾ ਸਵਾਗਤ ਕੀਤਾ ਗਿਆ।



# ਜੁਗਾੜੀ ਮੋਟਰਸਾਈਕਲ ਅਤੇ ਕਾਰ ਦੀ ਭਿਆਨਕ ਟੱਕਰ, ਮੋਟਰਸਾਈਕਲ ਸਵਾਰ ਦੀ ਮੌਤ

**ਤਲਵੰਡੀ ਸਾਬੋ, 6 ਮਾਰਚ (ਗੁਰਜੰਟ ਸਿੰਘ ਨਥੇਹਾ)**- ਬੁੱਧਵਾਰ ਦੇਰ ਸ਼ਾਮ ਰਿਫਾਇਨਰੀ ਰੋਡ ਤੇ ਪਿੰਡ ਤਰਖਾਣਵਾਲਾ ਦੇ ਨੇੜੇ ਇੱਕ ਜੁਗਾੜੂ ਮੋਟਰਸਾਈਕਲ ਰੇਹੜੀ ਅਤੇ ਕਾਰ ਦੀ ਹੋਈ ਭਿਆਨਕ ਟੱਕਰ ਵਿੱਚ ਮੋਟਰਸਾਈਕਲ ਰੇਹੜੀ ਸਵਾਰ ਗੰਭੀਰ ਜ਼ਖ਼ਮੀ ਹੋ ਗਿਆ ਜਿਸਨੂੰ ਇਲਾਜ ਲਈ ਬਠਿੰਡਾ ਲਿਜਾਇਆ ਗਿਆ ਜਿੱਥੇ ਡਾਕਟਰਾਂ ਵਲੋਂ ਉਸਨੂੰ ਮ੍ਰਿਤਕ ਘੋਸ਼ਿਤ ਕਰ ਦਿੱਤਾ ਗਿਆ। ਜਾਣਕਾਰੀ ਅਨੁਸਾਰ ਮੋਟਰਸਾਈਕਲ ਰੇਹੜੀ ਸਵਾਰ ਬੇਅੰਤ ਸਿੰਘ ਜਿਸਨੇ ਕਿ ਰੇਹੜੀ ਤੇ ਗੰਨੇ ਦੇ ਜੂਸ ਵਾਲੀ ਮਸ਼ੀਨ ਫਿੱਟ ਕੀਤੀ ਹੋਈ ਸੀ ਅਤੇ ਉਹ ਰਿਫਾਇਨਰੀ ਰੋਡ 'ਤੇ ਜੂਸ ਦਾ ਕੰਮ ਕਰਦਾ ਸੀ ਜਦੋਂ ਦੇਰ ਸ਼ਾਮ ਉਹ ਅਪਣੇ ਘਰ ਵੱਲ ਜਾ ਰਿਹਾ ਸੀ ਤਾਂ ਪਿੱਛੇ ਤੋਂ ਆ ਰਹੀ ਤੇਜ਼ ਰਫ਼ਤਾਰ ਕਾਰ ਨੇ ਉਸ ਨੂੰ ਟੱਕਰ ਮਾਰੀ ਦਿੱਤੀ ਜਿਸਦੇ ਚਲਦਿਆਂ ਉਹ ਅਤੇ ਗੰਨੇ ਦੇ ਜੂਸ ਵਾਲੀ ਮਸ਼ੀਨ ਦੂਰ ਜਾ ਡਿੱਗੇ। ਕਾਰ ਚਾਲਕ ਅਤੇ ਮਿਰਤਕ ਦੋਵੇਂ ਹੀ ਸੇਖੂ ਪਿੰਡ ਦੇ ਦੱਸੇ ਜਾ ਰਹੇ ਹਨ।ਮ੍ਰਿਤਕ ਦਾ ਨਾਮ ਬੇਅੰਤ ਸਿੰਘ ਪੁੱਤਰ ਗਾਡੀ ਸਿੰਘ ਅਤੇ ਕਾਰ ਚਾਲਕ ਦਾ ਨਾਮ ਲਖਵਿੰਦਰ ਸਿੰਘ ਫੌਜੀ ਪੁੱਤਰ ਟੀਟੂ ਸਿੰਘ ਦੱਸਿਆ ਗਿਆ ਹੈ। ਮ੍ਰਿਤਕ ਵਿਅਕਤੀ ਦੇ ਪਰਿਵਾਰਕ ਮੈਂਬਰਾਂ ਦੇ ਬਿਆਨ 'ਤੇ ਰਿਫਾਇਨਰੀ ਪੁਲਿਸ ਚੌਂਕੀ ਵਿੱਚ ਕਾਰ ਚਾਲਕ ਵਿਰੁਧ ਮਾਮਲਾ ਦਰਜ ਕਰ ਲਿਆ ਹੈ। ਪਿੰਡ ਸੇਖੂ ਦੇ ਸਰਪੰਚ ਨਿਰਮਲ ਸਿੰਘ, ਸਮੂਹ ਪੰਚ ਅਤੇ ਪਿੰਡ ਵਾਸੀਆਂ ਨੇ ਬੇਅੰਤ ਸਿੰਘ ਦੀ ਬੇਵਕਤੀ ਮੌਤ 'ਤੇ ਡੂੰਘਾ ਦੁੱਖ ਪ੍ਰਗਟ ਕੀਤਾ ਹੈ।



# ਆਖਿਰ ਦੇਸ਼ ਦੀ ਔਰਤਾਂ ’ਤੇ ਜ਼ਬਰ ਕਦੋਂ ਤੱਕ



ਵੱਖ-ਵੱਖ ਥਾਵਾਂ ਤੇ ਔਰਤਾਂ ਦੇ ਹੱਕਾਂ ਬਾਰੇ ਗੱਲ ਕੀਤੀ ਜਾਂਦੀ ਹੈ।ਆਜ਼ਾਦੀ ਦੇ ਇੰਨੇ ਸਾਲ ਬੀਤ ਜਾਣ ਬਾਅਦ ਵੀ ਔਰਤਾਂ ਆਖ਼ਿਰ ਸੁਰਖਿਅਤ ਕਿਉਂ ਨਹੀਂ ਹਨ ? ਹਾਲ ਹੀ ਵਿੱਚ ਕੋਲਕਤਾ ਦੇ ਆਰ ਜੀ ਕਰ ਮੈਡੀਕਲ ਕਾਲਜ ਦੀ ਜੂਨੀਅਰ ਡਾਕਟਰ ਦੀ ਡਿਊਟੀ ਸਮੇਂ ਆਪਣੇ ਹੀ ਕਾਲਜ ਵਿੱਚ ਬਲਾਤਕਾਰ ਤੋਂ ਬਾਅਦ ਹੱਤਿਆ ਕਰਨ ਦੀ ਘਟਨਾ ਨੇ ਸਮੁੱਚੇ ਦੇਸ਼ ਵਿੱਚ ਸਨਸਨੀ ਫੈਲਾ ਦਿੱਤੀ ਹੈ। ਹਰ ਭਾਰਤੀ ਦੇ ਅੰਦਰ ਰੋਸ ਦੀ ਲਹਿਰ ਹੈ। ਥਾਂ-ਥਾਂ ਡਾਕਟਰਾਂ ,ਸਮਾਜ ਸੇਵੀ ਵਰਗਾਂ ਵੱਲੋਂ ਪ੍ਰਦਰਸ਼ਨ ਕੀਤੇ ਜਾ ਰਹੇ ਹਨ। ਦਹਿਸ਼ਤ ਭਰਿਆ ਮਾਹੌਲ ਪੈਦਾ ਹੋ ਰਿਹਾ ਹੈ। ਵਿਚਾਰ ਕਰਨ ਵਾਲੀ ਗੱਲ ਹੈ ਕਿ ਨਾਮਵਰ ਸੰਸਥਾਵਾਂ ਵਿੱਚ ਕੰਮ ਕਰਨ ਵਾਲੀਆਂ ਮਹਿਲਾ ਡਾਕਟਰ ਜੇ ਸੁਰੱਖਿਅਤ ਹੀ ਨਹੀਂ ਹਨ, ਤਾਂ ਜੋ ਕੁੜੀਆਂ ਜਨਤਕ ਥਾਵਾਂ ਤੇ ਵਿਚਰਨ ਕਰ ਰਹੀਆਂ ਹਨ ,ਉਹਨਾਂ ਦਾ ਕੀ ਬਣੇਗਾ ? ਲਗਾਤਾਰ ਔਰਤਾਂ ਨਾਲ ਬਲਾਤਕਾਰ ਵਰਗੀ ਨਿੰਦਣਯੋਗ ਘਟਨਾਵਾਂ ਵਾਪਰ ਰਹੀਆਂ ਹਨ।ਪਿਛਲੇ ਸਾਲ ਜੋ ਮਨੀਪੁਰ ਵਿਖੇ ਦੋ ਔਰਤਾਂ ਨਾਲ ਜੋ ਘਟਨਾ ਵਾਪਰੀ, ਸਾਰੇ ਹੀ ਦੇਸ਼ ਨੂੰ ਹਿਲਾ ਕੇ ਰੱਖ ਦਿੱਤਾ ਸੀ। ਨਿਰਵਸਤਰ ਔਰਤਾਂ ਦੀ ਵੀਡੀਓ ਸਾਰਿਆਂ ਨੇ ਹੀ ਦੇਖੀ ਸੀ। ਥਾਵਾਂ ਤੇ ਪ੍ਰਦਰਸ਼ਨ ਵੀ ਹੋਏ। ਪਰ ਕਾਰਵਾਈ ਨਹੀਂ ਹੋਈ। ਇਸੇ ਤਰ੍ਹਾਂ ਪਿਛਲੇ ਹੀ ਮਹੀਨੇ ਬਿਲਕੀਸ ਬਾਨੋ ਦੇ ਦੋਸ਼ੀਆਂ ਨੂੰ ਦੁਬਾਰਾ ਫਿਰ ਜੇਲ ਵਿੱਚ ਡੱਕਿਆ ਗਿਆ। ਗੁਜਰਾਤ ਸਰਕਾਰ ਨੇ ਉਨਾਂ ਨੂੰ ਵਿਸ਼ੇਸ਼ ਮੁਆਫ਼ੀ ਦੇ ਕੇ ਰਿਹਾ ਕਰ ਦਿੱਤਾ ਸੀ। ਦੇਸ਼ ਦਾ ਨਾਮ ਚਮਕਾਉਣ ਵਾਲੀ ਮਹਿਲਾ ਪਹਿਲਵਾਨਾਂ ਨੂੰ ਕਿੰਨੇ ਹੀ ਤਸ਼ੱਦਦ ਸਹਿਣੇ ਪਏ। ਜੰਤਰ ਮੰਤਰ ਤੇ ਪ੍ਰਦਰਸ਼ਨ ਵੀ ਹੋਏ। ਸੁਪਰੀਮ ਕੋਰਟ ਦੇ ਦਖ਼ਲ ਤੋਂ ਬਾਅਦ ਕੇਸ ਦਰਜ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਦਿੱਲੀ ਦੇ ਉੱਤਮ ਨਗਰ ਨੇੜੇ ਮੋਹਨ ਗਾਰਡਨ ’ਚ ਸਕੂਲ ਜਾ ਰਹੀ 17 ਸਾਲਾਂ ਦੀ ਵਿਦਿਆਰਥਣ ਦੇ ਚਿਹਰੇ ਤੇ ਮੋਟਰਸਾਈਕਲ ਸਵਾਰ ਨੌਜਵਾਨਾਂ ਨੇ ਤੇਜ਼ਾਬ ਸੁੱਟ ਦਿੱਤਾ। ਵਿਚਾਰਨ ਵਾਲੀ ਗੱਲ ਹੈ ਕਿ ਤੇਜ਼ਾਬ ਦੀ ਵਿਕਰੀ ਤੇ ਪਾਬੰਦੀ ਦੇ ਬਾਵਜੂਦ ਇਹਨਾਂ ਦੋਸ਼ੀਆਂ ਨੇ ਇਹ ਕਿਥੋਂ ਲਿਆ ? 17 ਸਾਲਾਂ ਵਿਦਿਆਰਥਣ ਨੇ ਪ੍ਰੇਮ ਪ੍ਰਸਤਾਵ ਠੁਕਰਾ ਦਿੱਤਾ ਸੀ। ਦਿਨ ਪ੍ਰਤੀ ਦਿਨ ਔਰਤਾਂ ਤੇ ਜ਼ੁਲਮ ਵਧਦੇ ਜਾ ਰਹੇ ਹਨ। ਬਲਾਤਕਾਰ, ਛੇੜਛਾੜ, ਹੋਰ ਪਤਾ ਨਹੀਂ ਕਿੰਨੀਆਂ ਹੀ ਘਿਨੌਣੀ ਹਰਕਤਾਂ ਤੋਂ ਅਜਿਹੇ ਦੋਸ਼ੀ ਬਾਜ਼ ਨਹੀਂ ਆ ਰਹੇ ਹਨ। ਉਸ ਕੁੜੀ ਤੇ ਕੀ ਬੀਤੀ ਹੋਵੇਗੀ, ਜਿਸ ਦਾ ਸਾਰਾ ਹੀ ਚਿਹਰਾ ਜਲਾ ਦਿੱਤਾ। ਹਰ ਵਾਰ ਅਜਿਹੇ ਦਰਿੰਦਿਆਂ ਨੂੰ ਕੋਸੇਗੀ । ਮਾਂ ਬਾਪ ਤੇ ਕੀ ਬੀਤੀ ਹੋਵੇਗੀ।

ਕੁੱਝ ਹੀ ਮਹੀਨੇ ਪਹਿਲਾਂ ਉਤਰਾਖੰਡ ਦੇ ਪੌੜੀ ਜ਼ਿਲ੍ਹੇ ਦੇ ਇੱਕ ਰਿਜੌ.ਰਟ ਵਿਚ ਕੰਮ ਕਰਦੀ ਲੜਕੀ ਦੀ ਲਾਸ਼ ਨਹਿਰ ਚੋਂ ਮਿਲੀ। ਰਿਜ਼ੌਰਟ ਵਿੱਚ ਰਹਿ ਰਹੇ ਮਹਿਮਾਨਾਂ ਨਾਲ ਕੁੜੀ ਨੂੰ ਸਬੰਧ ਬਣਾਉਣ ਲਈ ਦਬਾਅ ਪਾਇਆ ਜਾਂਦਾ ਸੀ। ਹਾਲਾਂਕਿ ਰਿਜ਼ੌਰਟ ਮਾਲਕ ਦੇ ਨਾਲ ਨਾਲ ਦੋ ਹੋਰ ਲੋਕਾਂ ਦੀ ਗ੍ਰਿਫਤਾਰੀ ਵੀ ਹੋਈ ਹੈ। ਰੋਸ ਵਿਚ ਆਏ ਲੋਕਾਂ ਵੱਲੋਂ ਪੁਲੀਸ ਦੀ ਗੱਡੀ ਦੀ ਭੰਨ-ਤੋੜ ਵੀ ਕੀਤੀ ਗਈ। ਧਰਨੇ ਮੁਜ਼ਾਹਰੇ ਵੀ ਲਗਾਏ ਗਏ। ਰਿਪੋਰਟ ਮੁਤਾਬਕ ਲੜਕੀ ਦੇ ਸ਼ਰੀਰ ਤੇ ਕੁੱਟਮਾਰ ਦੇ ਨਿਸ਼ਾਨ ਵੀ ਪਾਏ ਗਏ। ਲਗਾਤਾਰ ਅਜਿਹੀਆਂ ਘਿਨਾਉਣੀਆਂ ਹਰਕਤਾਂ ਵਿਚ ਵਾਧਾ ਹੋ ਰਿਹਾ ਹੈ। ਵਾਰ-ਵਾਰ ਦੋਸ਼ੀਆਂ ਨੂੰ ਫਾਂਸੀ ਦੇਣ ਦੀ ਮੰਗ ਕੀਤੀ ਜਾਂਦੀ ਹੈ।

ਝਾਰਖੰਡ ਦੇ ਦੁਮਕਾ ਜ਼ਿਲੇ ਵਿਚ ਬਾਰਵੀਂ ਕਲਾਸ ਦੀ ਵਿਦਿਆਰਥਣ ਨੂੰ ਉਸ ਦੇ ਹੀ ਮੁਹੱਲੇ ਦੇ ਨੌਜਵਾਨਾਂ ਵੱਲੋਂ ਪੈਟਰੋਲ ਛਿੜਕ ਕੇ ਅੱਗ ਲਗਾ ਦੇਣਾ ਬਹੁਤ ਮੰਦਭਾਗੀ ਘਟਨਾ ਹੈ। ਪੀੜਤ ਦੇ ਮੁਹੱਲੇ ਦਾ ਮੁੰਡਾ ਉਸ ਨੂੰ ਵਿਆਹ ਲਈ ਬਾਰ-ਬਾਰ ਤੰਗ ਕਰ ਰਿਹਾ ਸੀ। ਕਿਉਂਕਿ ਉਹ ਦੋਸ਼ੀ ਉਸ ਕੁੜੀ ਨੂੰ ਪਿਆਰ ਕਰਦਾ ਸੀ ਤੇ ਕੁੜੀ ਨੇ ਹਾਮੀ ਨਹੀਂ ਭਰੀ ਸੀ। ਜਿਸ ਕਰਕੇ ਉਸ ਨੇ ਕੁੜੀ ਨੂੰ ਜਿਉਂਦੇ ਜੀਅ ਸਾੜ ਦਿੱਤਾ। ਜ਼ਖਮਾਂ ਦਾ ਦਰਦ ਨਾ ਸਹਿੰਦੀ ਹੋਈ ਕੁੜੀ ਨੇ ਦਮ ਤੋੜ ਦਿੱਤਾ। ਹਾਲਾਂਕਿ ਦੋਸ਼ੀ ਪੁਲਿਸ ਦੀ ਗ੍ਰਿਫਤ ਵਿੱਚ ਹਨ। ਇਲਾਕੇ ਵਿਚ ਸਮਾਜ ਸੇਵੀ ਸੰਸਥਾਵਾਂ ਅਤੇ ਸਿਆਸੀ ਪਾਰਟੀਆਂ ਵੱਲੋਂ ਦੋਸ਼ੀ ਨੂੰ ਫਾਂਸੀ ਦੇਣ ਦੀ ਮੰਗ ਕੀਤੀ ਜਾ ਰਹੀ ਹੈ। ਧਰਨੇ ਮੁਜਹਾਰੇ ਲਗਾਏ ਜਾ ਰਹੇ ਹਨ। ਹਰ ਰੋਜ਼ ਪਤਾ ਨਹੀਂ ਕਿੰਨੀਆਂ ਹੀ ਦੇਸ਼ ਵਿਚ ਔਰਤਾਂ ਨਾਲ ਜਬਰ ਜਨਾਹ ਹੁੰਦਾ ਹੈ। ਘਰੇਲੂ ਹਿੰਸਾ ਦਾ ਸ਼ਿਕਾਰ ਔਰਤਾਂ ਲਗਾਤਾਰ ਹੋ ਰਹੀਆਂ ਹਨ।

7ਸਾਲ ,3 ਮਹੀਨੇ, 8 ਦਿਨ ਬਾਅਦ ਆਖਿਰ ਨਿਰਭਿਆ ਦੇ ਮਾਤਾ ਪਿਤਾ ਨੂੰ ਇਨਸਾਫ਼ ਮਿਲਿਆ ਸੀ ।ਦੋਸ਼ੀਆਂ ਨੂੰ ਸਵੇਰੇ 5:30 ਵਜੇ ਫਾਂਸੀ ਦੇ ਦਿੱਤੀ ਗਈ। ਤਿਹਾੜ ਜੇਲ ਦੇ ਬਾਹਰ ਜਸ਼ਨ ਦਾ ਮਾਹੌਲ ਸੀ। ਲੋਕਾਂ ਨੇ ਇੱਕ ਦੂਜੇ ਨੂੰ ਮਠਿਆਈ ਵੰਡ ਕੇ ਖੁਸ਼ੀ ਮਨਾਈ ।ਅਜਿਹੇ ਦੋਸ਼ੀ ਜੋ ਆਪਣਾ ਕੇਸ ਵਕੀਲਾਂ ਕੋਲ ਲੈ ਕੇ ਜਾਂਦੇ ਹਨ ,ਉਨ੍ਹਾਂ ਵਕੀਲਾਂ ਨੂੰ ਅਜਿਹੇ ਕੇਸ ਨਹੀਂ ਫੜਨੇ ਚਾਹੀਦੇ। ਜੋ ਵੀ ਵਕੀਲ ਅਜਿਹੇ ਕੇਸ ਫੜਦਾ ਹੈ ਉਸ ਦੀ ਬਾਰ ਕੌਂਸਲ ਰਜਿਸਟ੍ਰੇਸ਼ਨ ਤੁਰੰਤ ਕੈਂਸਲ ਕਰੇ ।ਅਜਿਹੇ ਬਲਾਤਕਾਰ, ਗੈਂਗਰੇਪ ,ਤੇਜ਼ਾਬੀ ਹਮਲੇ ਦੇ ਪੀੜਤ ਪਰਿਵਾਰਾਂ ਨੂੰ ਛੇ ਮਹੀਨੇ ਦੇ ਅੰਦਰ ਅੰਦਰ ਇਨਸਾਫ਼ ਮਿਲਣਾ ਚਾਹੀਦਾ ਹੈ ।ਤੇ ਦੋਸ਼ੀਆਂ ਨੂੰ ਫਾਂਸੀ ਦੀ ਸਜ਼ਾ ਛੇ ਮਹੀਨੇ ਦੇ ਅੰਦਰ ਅੰਦਰ ਹੋ ਜਾਣੀ ਚਾਹੀਦੀ ਹੈ । ਫਾਸਟ ਟਰੈਕ ਅਦਾਲਤਾਂ ਵਿੱਚ ਅਜਿਹੇ ਕੇਸਾਂ ਦੀ ਸੁਣਵਾਈ ਹੋਣੀ ਚਾਹੀਦੀ ਹੈ ।ਤੇਲੰਗਾਨਾ ਵਿੱਚ ਵੀ ਵੈਟਨਰੀ ਡਾਕਟਰ ਨੂੰ ਵੀ ਜ਼ਾਲਮਾਂ ਨੇ ਜਿਉਂਦੇ ਜੀਅ ਸਾੜ ਦਿੱਤਾ ਸੀ। ਉੱਥੋਂ ਦੇ ਪੁਲਿਸ ਕਮਿਸ਼ਨਰ ਨੇ ਐਨਕਾਊਂਟਰ ਵਿੱਚ ਦੋਸ਼ੀ ਮਾਰ ਦਿੱਤੇ ।ਪੁਲਿਸ ਕਮਿਸ਼ਨਰ ਦਾ ਸ਼ਲਾਘਾ ਕਦਮ ਸੀ।

ਮਾਂ ਬਾਪ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਆਪਣੇ ਬੱਚਿਆਂ ਨੂੰ ਨੈਤਿਕ ਕਦਰਾ ਕੀਮਤਾ ਬਾਰੇ ਜਾਣੂੰ ਕਰਵਾਓਣ। ਮਾਂ ਬਾਪ ਨੂੰ ਆਪਣੇ ਬੱਚਿਆਂ ਨੂੰ ਚੰਗੀਆਂ ਗੱਲਾਂ ਸਿਖਾਉਣੀ ਚਾਹੀਦੀਆਂ ਹਨ। ਦਰਅਸਲ ਅੱਜਕੱਲ ਮਾਂ-ਬਾਪ ਵੀ ਆਪਣੇ ਬੱਚਿਆਂ ਨੂੰ ਕਹਿਣ ਤੋਂ ਡਰਦੇ ਹਨ। ਕਿਉਂਕਿ ਅੱਜਕਲ ਦੇ ਬੱਚੇ ਗ.ਲਤ ਕਦਮ ਜਲਦੀ ਚੁੱਕਦੇ ਹਨ। ਮਾਂ ਬਾਪ ਨੂੰ ਇਹ ਡਰ ਹੁੰਦਾ ਹੈ ਕਿ ਜੇ ਅਸੀਂ ਆਪਣੇ ਬੱਚੇ ਨੂੰ ਝਿੜਕਾਂਗੇ, ਕੱਲ੍ਹ ਨੂੰ ਉਨ੍ਹਾਂ ਦਾ ਬੱਚਾ ਪਤਾ ਨਹੀਂ ਕੀ ਕਰ ਲਵੇ ।ਗੁਜਰਾਤ ਦੇ 2002 ਦੇ ਦੰਗਾ-ਪੀੜਤਾਂ ਵਿੱਚ ਇੱਕ ਗਰਭਵਤੀ ਔਰਤ ਨਾਲ ਜਬਰ ਜਨਾਹ ਕਰਨ , ਤੇ ਪਰਿਵਾਰ ਦੇ ਮੈਂਬਰਾਂ ਦੀ ਹੱਤਿਆ ਕਰ ਦਿੱਤੀ ਗਈ। ਤੇ ਉਥੋਂ ਦੀ ਸਰਕਾਰ ਨੇ ਇਸ ਸਾਲ ਆਜ਼ਾਦੀ ਦਿਵਸ ਤੇ ਅਜਿਹੇ ਦੋਸ਼ੀਆਂ ਨੂੰ ਰਿਹਾ ਕਰ ਦਿੱਤਾ ਸੀ ,ਜੋ ਕਿ ਮੰਦਭਾਗੀ ਘਟਨਾ ਸੀ। ਦੋਸ਼ੀਆਂ ਦੇ ਹੌਂਸਲੇ ਹੋਰ ਬੁਲੰਦ ਹੋ ਜਾਂਦੇ ਹਨ। ਉਹਨਾਂ ਦੇ ਅੰਦਰ ਬਿਲਕੁਲ ਵੀ ਭੈਅ ਨਹੀਂ ਰਹਿੰਦਾ। ਉਹਨਾਂ ਨੂੰ ਇਹ ਹੁੰਦਾ ਹੈ ਕਿ ਸਰਕਾਰਾਂ ਨੇ ਤਾਂ ਸਾਨੂੰ ਰਿਹਾਅ ਕਰ ਦੇਣਾ ਹੈ। ਹਾਲਾਂ ਕਿ ਸੁਪਰੀਮ ਕੋਰਟ ਨੇ ਵੀ ਉਥੋਂ ਦੀ ਕੋਰਟ ਤੋਂ ਜਵਾਬ ਮੰਗਿਆ ਸੀ । ਇਹ ਬਿਲਕੁਲ ਗ.ਲਤ ਹੈ। ਔਰਤਾਂ ਦੀ ਸੁਰੱਖਿਆ ਯਕੀਨੀ ਬਣਾਉਣ ਲਈ ਸਾਡੀ ਸਾਰਿਆਂ ਦੀ ਅਹਿਮ ਜ਼ਿੰਮੇਵਾਰੀ ਹੈ। ਔਰਤ ਸਾਡੇ ਸਮਾਜ ਦਾ ਅਹਿਮ ਹਿੱਸਾ ਹੈ। ਔਰਤ ਹੀ ਜੱਗ ਜਨਣੀ ਹੈ। ਅੱਜ ਦੇਸ਼ ਦੇ ਅਹਿਮ ਅਹੁਦਿਆਂ ਤੇ ਔਰਤਾਂ ਬਿਰਾਜਮਾਨ ਹਨ। ਚਾਹੇ ਉਹ ਥਲ ਸੈਨਾ ਹੋਵੇ ਜਾਂ ਨੇਵੀ ਵਿਚ ਕੋਈ ਵੀ ਅਹਿਮ ਅਹੁਦਾ ਹੋਵੇ। ਅੱਜ ਰਾਸ਼ਟਰਪਤੀ ਦੇ ਅਹਿਮ ਮੁੱਦੇ ਤੇ ਇੱਕ ਨਾਰੀ ਬਿਰਾਜਮਾਨ ਹੈ। ਮੁੱਖ ਮੰਤਰੀ ਤੱਕ ਕਈ ਸੂਬਿਆਂ ਵਿੱਚ ਨਾਰੀਆਂ ਹਨ। ਪ੍ਰਸ਼ਾਸਨਿਕ ਸੇਵਾਵਾਂ ਬਹੁਤ ਹੀ ਵਧੀਆ ਤਰੀਕੇ ਨਾਲ ਔਰਤਾਂ ਨਿਭਾ ਰਹੀਆਂ ਹਨ। ਫਿਰ ਔਰਤਾਂ ਨਾਲ ਅਜਿਹਾ ਵਿਤਕਰਾ ਕਿਉਂ ਕੀਤਾ ਜਾ ਰਿਹਾ ਹੈ ? ਕਿਉਂ ਜ਼ੁਲਮ ਕਰਨ ਵਾਲੇ ਨੂੰ ਫਾਂਸੀ ਦੀ ਸਜ਼ਾ ਨਹੀਂ ਦਿੱਤੀ ਜਾ ਰਹੀ। ਕਿਉਂ ਉਨ੍ਹਾਂ ਨੂੰ ਸਲਾਖਾਂ ਪਿੱਛੇ ਨਹੀਂ ਰੱਖਿਆ ਜਾ ਰਿਹਾ ਹੈ। ਕਿਉਂ ਉਨ੍ਹਾਂ ਦੋਸ਼ੀਆਂ ਨੂੰ ਰਿਹਾ ਕਰ ਦਿੱਤਾ ਜਾਂਦਾ ਹੈ ? ਅਜਿਹੇ ਸਵਾਲ ਅੱਜ ਵੀ ਸਾਡੇ ਸਾਹਮਣੇ ਖੜ੍ਹੇ ਹਨ। ਸਾਡੀ ਸਾਰਿਆਂ ਦੀ ਅਹਿਮ ਜ਼ਿੰਮੇਵਾਰੀ ਬਣ ਜਾਂਦੀ ਹੈ ਕਿ ਸਾਨੂੰ ਔਰਤਾਂ ਦਾ ਦਿਲੋਂ ਸਤਿਕਾਰ ਕਰਨਾ ਚਾਹੀਦਾ ਹੈ। ਔਰਤਾਂ ਅੱਜ ਕਿਸੇ ਤੋਂ ਘੱਟ ਨਹੀਂ ਹਨ। ਜਦੋਂ ਕੋਈ ਵੀ ਪ੍ਰੀਖਿਆ ਦਾ ਨਤੀਜਾ ਘੋਸ਼ਿਤ ਹੁੰਦਾ ਹੈ ਤਾਂ ਸਿਖਰਲੀ ਪੁਜੀਸ਼ਨਾਂ ਤੇ ਕੁੜੀਆਂ ਹੀ ਬਾਜ਼ੀ ਮਾਰਦੀਆਂ ਹਨ। ਕੁੜੀਆਂ ਮਾਂ ਬਾਪ ਦਾ ਬਹੁਤ ਧਿਆਨ ਰੱਖਦੀਆਂ ਹਨ। ਸੂਬਾ ਸਰਕਾਰਾਂ ਨੂੰ ਕੁੜੀਆਂ ਦੇ ਹਿੱਤਾਂ ਦੀ ਰਾਖੀ ਲਈ ਅਹਿਮ ਕਦਮ ਚੁੱਕਣੇ ਚਾਹੀਦੇ ਹਨ। ਅਜਿਹਾ ਕੋਈ ਵੀ ਦੋਸ਼ੀ ਹੁੰਦਾ ਹੈ ਜਾਂ ਉਹ ਅਜਿਹੀ ਘਿਨੌਣੀ ਹਰਕਤ ਕਰਦਾ ਹੈ ਤਾਂ ਉਸ ਦੇ ਖਿਲਾਫ ਸਖ਼ਤ ਤੋਂ ਸਖ਼ਤ ਕਾਰਵਾਈ ਹੋਣੀ ਚਾਹੀਦੀ ਹੈ। ਤਾਂ ਜੋ ਹੋਰਾਂ ਨੂੰ ਵੀ ਕੰਨ ਹੋ ਜਾਣ। ਨਿਆਂ ਪ੍ਰਣਾਲੀ ਵਿੱਚ ਸੁਧਾਰ ਹੋਣਾ ਚਾਹੀਦਾ ਹੈ। ਜੋ ਵੀ ਅਜਿਹੀ ਵਾਰਦਾਤ ਨੂੰ ਅੰਜਾਮ ਦਿੰਦੇ ਹਨ ਜਲਦੀ ਤੋਂ ਜਲਦੀ ਫਾਸਟ ਟਰੈਕ ਵਿੱਚ ਅਜਿਹੇ ਕੇਸ ਲਗਾ ਕੇ ਫਾਂਸੀ ਦੀ ਸਜ਼ਾ ਸੁਣਾਈ ਜਾਣੀ ਚਾਹੀਦੀ ਹੈ । ਅਜਿਹੇ ਅਪਰਾਧ ਰੋਕਣ ਲਈ ਸਮਾਜ ਵਿੱਚ ਲੋਕਾਂ ਨੂੰ ਜਾਗਰੂਕ ਕਰਨਾ ਚਾਹੀਦਾ ਹੈ। ਪਰਿਵਾਰ ਆਪਣੇ ਪੁੱਤਰਾਂ ਨੂੰ ਔਰਤਾਂ ਦਾ ਮਾਣ-ਸਤਿਕਾਰ ਕਰਨ ਦੀ ਸਿੱਖਿਆ ਜਰੂਰ ਦੇਣ।

**-ਸੰਜੀਵ ਸਿੰਘ ਸੈਣੀ, ਮੁਹਾਲੀ**

## 2 ਦਸੰਬਰ ਦੇ ਫ਼ੈਸਲੇ ਬਦਲਾਉਣ, ਸੁਖਬੀਰ ਬਾਦਲ ਨੂੰ ਪ੍ਰਧਾਨ ਬਣਾਉਣ ਤੇ ਭਰਤੀ ਕਮੇਟੀ ਦਾ ਭੋਗ ਪਾਉਣ ਲਈ ਜਥੇਦਾਰਾਂ ਨੂੰ ਬਦਲਿਆ : ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ



**ਅੰਮ੍ਰਿਤਸਰ, 7 ਮਾਰਚ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਕਮੇਟੀ ਦੀ ਐਗਜੈਕਟਿਵ ਕਮੇਟੀ ਵੱਲੋਂ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਤੇ ਤਖ਼ਤ ਸ੍ਰੀ ਕੇਸਗੜ ਸਾਹਿਬ ਦੇ ਜਥੇਦਾਰ ਗਿਆਨੀ ਸੁਲਤਾਨ ਸਿੰਘ ਨੂੰ ਜਥੇਦਾਰੀ ਤੋਂ ਹਟਾਏ ਜਾਣ ਦਾ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਨੇ ਸਖ਼ਤ ਵਿਰੋਧ ਜਤਾਇਆ ਹੈ। ਫੈਡਰੇਸ਼ਨ ਦੇ ਕੌਮੀ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ, ਸਾਬਕਾ ਪ੍ਰਧਾਨ ਭਾਈ ਬਲਵੰਤ ਸਿੰਘ ਗੋਪਾਲਾ ਤੇ ਸੀਨੀਅਰ ਮੀਤ ਪ੍ਰਧਾਨ ਭਾਈ ਭੁਪਿੰਦਰ ਸਿੰਘ ਛੇ ਜੂਨ ਨੇ ਕਿਹਾ ਕਿ ਸੁਖਬੀਰ ਸਿੰਘ ਬਾਦਲ ਤੇ ਬਾਦਲ ਜੁੰਡਲੀ ਦੇ ਖ਼ਿਲਾਫ਼ 2 ਦਸੰਬਰ ਨੂੰ ਤਖ਼ਤ ਸਾਹਿਬ ਤੋਂ ਹੋਏ ਫ਼ੈਸਲਿਆਂ ਕਾਰਨ ਬਾਦਲ ਦਲ ਨੇ ਸ਼੍ਰੋਮਣੀ ਕਮੇਟੀ ਰਾਹੀਂ ਜਥੇਦਾਰਾਂ ਨੂੰ ਨਿਸ਼ਾਨਾ ਬਣਾਇਆ ਹੈ, ਇਸੇ ਕਾਰਨ ਹੀ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਉੱਤੇ ਦੋਸ਼ ਲਗਾ ਕੇ ਬਦਲਿਆ ਗਿਆ ਸੀ। ਫੈਡਰੇਸ਼ਨ ਆਗੂਆਂ ਨੇ ਇਹ ਵੀ ਕਿਹਾ ਕਿ ਭਾਈ ਨਰਾਇਣ ਸਿੰਘ ਚੌੜਾ ਵੱਲੋਂ ਖਾਲਸਾ ਪੰਥ ਦੇ ਮੁਜ਼ਿਰਮ ਸੁਖਬੀਰ ਸਿੰਘ ਬਾਦਲ ਨੂੰ ਸੋਧਣ ਦਾ ਫੈਸਲਾ ਬਿਲਕੁਲ ਸਹੀ ਸੀ। ਉਹਨਾਂ ਕਿਹਾ ਕਿ ਨਵੇਂ ਜਥੇਦਾਰਾਂ ਰਾਹੀਂ ਹੁਣ ਬਾਦਲਕੇ 2 ਦਸੰਬਰ ਵਾਲੇ ਫੈਸਲੇ ਬਦਲਾਉਣਗੇ, ਭਰਤੀ ਲਈ ਬਣਾਈ ਕਮੇਟੀ ਦਾ ਵੀ ਭੋਗ ਪਵੇਗਾ, ਸੁਖਬੀਰ ਬਾਦਲ ਦੀ ਪ੍ਰਧਾਨਗੀ ਵੀ ਕਾਇਮ ਹੋਏਗੀ, ਪ੍ਰਕਾਸ਼ ਸਿੰਘ ਬਾਦਲ ਦਾ ਫ਼ਖ਼ਰ ਏ ਕੌਮ ਵੀ ਬਹਾਲ ਕੀਤਾ ਜਾ ਸਕਦਾ ਹੈ ਤੇ ਬਾਦਲਕਿਆਂ ਦੀ ਅਯੋਗ ਲੀਡਰਸ਼ਿਪ ਨੂੰ ਪੰਥ ਦੇ ਸਿਰ ਬਿਠਾਉਣ ਦੇ ਯਤਨ ਹੋਣਗੇ ਪਰ ਖ਼ਾਲਸਾ ਪੰਥ ਇਸ ਖਿਲਾਫ ਝੰਡਾ ਬੁਲੰਦ ਕਰੇਗਾ। ਬਾਦਲਕਿਆਂ ਨੇ ਜਥੇਦਾਰ ਦਾ ਅਹੁਦਾ ਬਹੁਤ ਛੋਟਾ ਕਰ ਦਿੱਤਾ ਹੈ, ਉਹ ਜਥੇਦਾਰ ਨੂੰ ਆਪਣਾ ਤਨਖਾਹਦਾਰ ਮੁਲਾਜ਼ਮ ਤੇ ਨੌਕਰ ਹੀ ਸਮਝਦੇ ਹਨ ਤੇ ਆਪਣੇ ਸਿਆਸੀ ਮੁਫ਼ਾਦਾਂ ਲਈ ਵਰਤਦੇ ਹਨ। ਜਦੋਂ ਤੱਕ ਜਥੇਦਾਰ ਬਾਦਲਕਿਆਂ ਦੀ ਬੋਲੀ ਬੋਲਦੇ ਹਨ ਓਦੋਂ ਤੱਕ ਜਥੇਦਾਰੀ ਕਾਇਮ ਰਹਿੰਦੀ ਹੈ ਪਰ ਜਦੋਂ ਪੰਥ ਹਿੱਤਾਂ ਦੀ ਰਾਖੀ ਕਰਦੇ ਹਨ ਤਾਂ ਬਾਦਲਕੇ ਜਥੇਦਾਰਾਂ ਦੀ ਕਿਰਦਾਰਕੁਸ਼ੀ ਕਰਨ ਤੋਂ ਵੀ ਗੁਰੇਜ਼ ਨਹੀਂ ਕਰਦੇ, ਜਥੇਦਾਰ ਉੱਤੇ ਹਮਲਾ ਵੀ ਕਰ ਦਿੰਦੇ ਹਨ ਤੇ ਸ਼੍ਰੋਮਣੀ ਕਮੇਟੀ ਰਾਹੀਂ ਤੁਰੰਤ ਛੁੱਟੀ ਵੀ ਕਰ ਦਿੰਦੇ ਹਨ। ਬਾਦਲ ਦਲ ਨੇ ਅਕਾਲ ਤਖ਼ਤ ਸਾਹਿਬ ਦੀ ਸ਼ਾਨ, ਪ੍ਰਭੂਸੱਤਾ, ਸਿਧਾਂਤ, ਮਰਯਾਦਾ, ਵੱਕਾਰ ਤੇ ਅਜ਼ਾਦ ਹਸਤੀ ਨੂੰ ਸੱਟ ਮਾਰੀ ਹੈ ਜੋ ਪੰਥ ’ਤੇ ਵੱਡਾ ਹਮਲਾ ਹੈ। ਬਾਦਲਕੇ ਖੁਦ ਨੂੰ ਅਕਾਲ ਤਖ਼ਤ ਸਾਹਿਬ ਤੋਂ ਵੀ ਵੱਡਾ ਸਮਝਣ ਲੱਗ ਪਏ ਹਨ। ਬਾਦਲਕਿਆਂ ਨੇ ਅਕਾਲੀ ਦਲ, ਸ਼੍ਰੋਮਣੀ ਕਮੇਟੀ ਤੇ ਤਖਤਾਂ ਦੇ ਜਥੇਦਾਰਾਂ ਦਾ ਮਜ਼ਾਕ ਬਣਾ ਧਰਿਆ ਹੈ। ਜਿੰਨਾ ਚਿਰ ਤੱਕ ਵਿਧੀ-ਵਿਧਾਨ ਅਨੁਸਾਰ ਜਥੇਦਾਰ ਨਹੀਂ ਥਾਪੇ ਜਾਂਦੇ, ਓਨਾ ਚਿਰ ਤੱਕ ਬਾਦਲਕੇ ਜਥੇਦਾਰਾਂ ਨੂੰ ਆਪਣੀ ਮਰਜ਼ੀ ਅਨੁਸਾਰ ਨਿਯੁਕਤ ਅਤੇ ਤਬਦੀਲ ਕਰੀ ਜਾ ਰਹੇ ਹਨ। ਨਵੇਂ ਥਾਪੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਅਤੇ ਬਾਬਾ ਟੇਕ ਸਿੰਘ ਧਨੌਲਾ ਵੀ ਯਾਦ ਰੱਖਣ ਕਿ ਬਾਦਲਕੇ ਉਹਨਾਂ ਨੂੰ ਗਿਆਨੀ ਗੁਰਬਚਨ ਸਿੰਘ ਵਾਂਗ ਬਣਾਉਣ ਦੀ ਪੂਰੀ ਕੋਸ਼ਿਸ਼ ਕਰਨਗੇ ਪਰ ਜੇ ਤੁਸੀਂ ਬਾਦਲਕਿਆਂ ਦੇ ਹਿੱਤਾਂ ਖ਼ਿਲਾਫ਼ ਭੁਗਤੇ ਤਾਂ ਬਾਦਲਕੇ ਤੁਹਾਨੂੰ ਵੀ ਜਥੇਦਾਰ ਭਾਈ ਰਣਜੀਤ ਸਿੰਘ, ਜਥੇਦਾਰ ਜੋਗਿੰਦਰ ਸਿੰਘ ਵੇਦਾਂਤੀ, ਜਥੇਦਾਰ ਹਰਪ੍ਰੀਤ ਸਿੰਘ, ਜਥੇਦਾਰ ਰਘਬੀਰ ਸਿੰਘ ਤੇ ਜਥੇਦਾਰ ਸੁਲਤਾਨ ਸਿੰਘ ਵਾਂਗ ਜ਼ਲੀਲ ਕਰਕੇ ਘਰ ਨੂੰ ਤੋਰਨਗੇ।

ਆਵਾਜ਼ਿ ਕੌਮ AWAZE QAUM International Newspaper & WEB TV

## ਸਿੱਖ ਕੌਮ ਲਈ ਮੰਦਭਾਗਾ ਦਿਨ : ਵਡਾਲਾ



ਸਿੱਖ ਕੌਮ ਲਈ ਅੱਜ ਬਹੁਤ ਹੀ ਮੰਦਭਾਗਾ ਦਿਨ ਹੈ,ਜਦੋਂ ਸਿੱਖ ਕੌਮ ਦੀਆਂ ਮਹਾਨ ਪਦਵੀਆਂ ਤੇ ਸ਼ਿਸੋਵਤ ਦੋ ਮਹਾਨ ਸ਼ਖ਼ਸੀਅਤਾਂ ਗਿਆਨੀ ਰਘਵੀਰ ਸਿੰਘ ਜੀ ਜਥੇਦਾਰ ਸਾਹਿਬ ਸ਼੍ਰੀ ਅਕਾਲ ਤਖ਼ਤ ਸਾਹਿਬ ਅਤੇ ਗਿਆਨੀ ਸੁਲਤਾਨ ਸਿੰਘ ਜੀ ਜਥੇਦਾਰ ਸਾਹਿਬ ਸ਼੍ਰੀ ਕੇਸਗੜ੍ਹ ਸਾਹਿਬ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਵੱਲੋਂ ਕੁੱਝ ਰਾਜਸੀ ਆਗੂਆਂ ਦੀਆਂ ਰਾਜਸੀ ਇੱਛਾਵਾਂ ਪੂਰੀਆਂ ਨਾ ਕਰਨ ਦੇ ਬਦਲੇ ਵਜੋਂ ਅਹੁਦਿਆਂ ਤੋਂ ਹਟਾ ਦਿੱਤਾ ਗਿਆ ਹੈ। ਜਿਸ ਤਰ੍ਹਾਂ ਸਿੱਖ ਕੌਮ ਦੀਆਂ ਸਰਵਉੱਚ ਸੰਸਥਾਵਾਂ ਦਾ ਰਾਜਸੀ ਹਿਤਾਂ ਦੀ ਪੂਰਤੀ ਲਈ ਘਾਣ ਕੀਤਾ ਜਾ ਰਿਹਾ ਹੈ,ਉਸ ਦੀ ਪੁਰਜ਼ੋਰ ਸ਼ਬਦਾ ਵਿੱਚ ਨਿਖੇਧੀ ਕਰਦੇ ਹਾਂ।.

**-ਗੁਰਪ੍ਰਤਾਪ ਸਿੰਘ ਵਡਾਲਾ**

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਮਨੁੱਖਤੀ ਦੀ ਭਲਾਈ ਲਈ

# ਪੰਜਾਬ ਸਟੇਟ ਕਰਮਚਾਰੀ ਦਲ ਨੇ ਕਰਵਾਇਆ ਧਾਰਮਿਕ ਸਮਾਗਮ



**ਫ਼ਿਰੋਜ਼ਪੁਰ, 7 ਮਾਰਚ (ਮਨੋਹਰ ਲਾਲ):—** ਪੰਜਾਬ ਸਟੇਟ ਕਰਮਚਾਰੀ ਦਲ ਜ਼ਿਲ੍ਹਾ ਫ਼ਿਰੋਜ਼ਪੁਰ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਜਿਸ ਉਪਰੰਤ ਪੰਜਾਬ ਵਾਸੀਆਂ ਅਤੇ ਮੁਲਾਜ਼ਮਾਂ ਦੀ ਭਲਾਈ ਦੀ ਅਰਦਾਸ ਕੀਤੀ ਗਈ। ਇਸ ਮੌਕੇ ਬੋਲਦਿਆਂ ਸੂਬਾਈ ਦਲ ਦੇ ਪ੍ਰਧਾਨ ਹਰੀ ਸਿੰਘ ਟੌਹੜਾ ਨੇ ਕਿਹਾ ਕਿ ਪੰਜਾਬ ਸਰਕਾਰ ਮੁਲਾਜ਼ਮ ਮੰਗਾਂ ਪ੍ਰਤੀ ਚੁੱਪ ਧਾਰੀ ਬੈਠੀ ਹੈ, ਸਰਕਾਰ ਆਪਣੇ ਵਾਅਦੇ ਮੁਤਾਬਿਕ ਮੰਗਾਂ ਨੂੰ ਹੱਲ ਕਰੇ। ਉਨ੍ਹਾਂ ਕਿਹਾ ਕਿ ਪੇ ਕਮਿਸ਼ਨ ਦੀ ਰਿਪੋਰਟ ਪੂਰੀ ਲਾਗੂ ਕੀਤੀ ਜਾਵੇ ਅਤੇ ਕੇਂਦਰ ਸਰਕਾਰ ਨੂੰ 53 ਫੀਸਦੀ ਡੀ.ਏ ਦਿੱਤਾ ਜਾ ਰਿਹਾ ਹੈ, ਪੰਜਾਬ ਸਰਕਾਰ ਵੀ ਕੇਂਦਰ ਦੇ ਪੈਟਰਨ ਤੇ ਡੀ.ਏ ਰਲੀਜ਼ ਕਰੇ। ਆਗੂਆਂ ਨੇ ਕਿਹਾ ਕਿ ਪੁਰਾਣੀ ਪੈਨਸ਼ਨ ਬਹਾਲ ਕੀਤੀ ਜਾਵੇ ਤਾਂ ਜ਼ੋ ਲੰਬਾ ਸਮਾਂ ਮਹਿਕਮੇ ਪਵਚ ਸੇਵਾਵਾਂ ਦੇਣ ਵਾਲੇ ਮੁਲਾਜ਼ਮਾਂ ਨੂੰ ਆਪਣੇ ਬੁਢਾਪੇ ਦਾ ਸਹਰਾ ਪੈਨਸ਼ਨ ਵਜੋਂ ਮਿਲ ਸਕੇ। ਉਨ੍ਹਾਂ ਕਿਹਾ ਕਿ ਵਿਭਾਗਾਂ ਵਿਚ ਪੁਨਰਗਠਨ ਦਾ ਬਹਾਨਾ ਬਣਾ ਕੇ ਜ਼ੋ ਆਸਾਮੀਆਂ ਖਤਮ ਕੀਤੀਆਂ ਗਈਆਂ ਹਨ, ਉਨ੍ਹਾਂ ਨੂੰ ਮੁੜ ਸੁਰਜੀਤ ਕੀਤਾ ਜਾਵੇ, ਜਿਹੜੇ ਕਰਮਚਾਰੀ ਸਾਲ 2016 ਤੋਂ ਪਹਿਲਾਂ ਰਿਟਾਇਰ ਹੋਏ ਹਨ, ਉਨ੍ਹਾਂ ਨੂੰ 2016 ਤੋਂ ਬਾਅਦ ਹੋਏ ਰਿਟਾਇਰੀ ਮੁਲਾਜ਼ਮਾਂ ਵਾਂਗ 2.59 ਨਾਲ ਪੈਨਸ਼ਨ ਦਿੱਤੀ ਜਾਵੇ ਆਦਿ ਮੰਗਾਂ ਦੀ ਪੂਰਤੀ ਸਰਕਾਰ ਕਰੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬਲਬੀਰ ਸਿੰਘ ਕੰਬੋਜ਼, ਤਰਸੇਮ ਸਿੰਘ ਬੇਦੀ, ਜ਼ੋਗਿੰਦਰ ਸਿੰਘ, ਗਿਆਨ, ਚਿੰਤ ਰਾਮ ਨਾਹਰ, ਉਮ ਪ੍ਰਕਾਸ਼, ਹਰਚਰਨ ਸਿੰਘ, ਪ੍ਰਤਾਪ ਸਿੰਘ ਢਿੱਲੋਂ, ਰਣਧੀਰ ਸਿੰਘ, ਸਵਰਨ ਸਿੰਘ ਆਦਿ ਆਗੂਆਂ ਨੇ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਗੁਰੂ ਦੇ ਲੜ ਲੱਗ ਕੇ ਆਪਣਾ ਜੀਵਨ ਸਫਲ ਕਰਨਾ ਚਾਹੀਦਾ ਹੈ। ਇਸ ਸਮੇਂ ਇੰਦਰਜੀਤ ਸਿੰਘ ਨਿਗਰਾਨ ਇੰਜੀਨੀਅਰ, ਮਨਜੀਤ ਸਿੰਘ ਐਕਸੀਅਨ, ਰਣਜੀਤ ਸਿੰਘ ਸਿੱਧੂ ਐਕਸੀਅਨ, ਸੁਭਾਸ਼ ਸ਼ਰਮਾ, ਕਿਸ਼ਨ ਚੰਦ ਜਾਗੋਵਾਲੀਆ, ਗੁਰਨਾਮ ਸਿੰਘ ਸੁਧਾਰਾ, ਜਸਪਾਲ ਸਿੰਘ, ਖਜ਼ਾਨ ਸਿੰਘ, ਪਿਆਰਾ ਸਿੰਘ, ਪ੍ਰਦੀਪ ਰਾਣਾ, ਗੁਰਮੀਤ ਸਿੰਘ, ਸੁਖਦੇਵ ਸਿੰਘ, ਮੁੱਖਤਿਆਰ ਸਿੰਘ ਮੱਲਾਂਵਾਲਾ, ਜਗਸੀਰ ਸਿੰਘ ਭਾਂਗਰ, ਕਿਸ਼ਨ ਚੰਦ ਜਾਗੋਵਾਲੀਆ, ਪਿੱਪਲ ਸਿੰਘ, ਰਣਬੀਰ ਸਿੰਘ ਕੁੱਕੂ ਆਦਿ ਹਾਜ਼ਰ ਸਨ।

### ਕਬੱਡੀ ਕੱਪ ਝੋਕ ਹਰੀ ਹਰ ਦੀਆਂ ਤਿਆਰੀਆਂ ਮੁਕੰਮਲ

# ਡੀ.ਸੀ. ਅਤੇ ਐਸ.ਐਸ.ਪੀ. ਕੀਤਾ ਕੈਲੰਡਰ ਰਿਲੀਜ਼



**ਫ਼ਿਰੋਜ਼ਪੁਰ, 7 ਮਾਰਚ (ਮਨੋਹਰ ਲਾਲ):—** ਨਸ਼ਿਆਂ ਰਹਿਤ ਨਰੋਆ ਅਤੇ ਤੰਦਰੁਸਤ ਸਮਾਜ ਸਿਰਜਣ ਲਈ ਪੰਜਾਬ ਸਰਕਾਰ ਵਲੋਂ ਚਲਾਈ ਯੁੱਧ ਨਸ਼ਿਆਂ ਵਿਰੁੱਧ ਮਹਿਮ ਤਹਿਤ ਪਿੰਡ ਝੋਕ ਹਰੀ ਹਰ ਅੰਦਰ ਧੰਨ ਧੰਨ ਬਾਬਾ ਕਾਲਾ ਮਹਿਰ ਜੀ ਨੂੰ ਸਮਰਪਿਤ 20ਵਾਂ ਓਪਨ ਕਬੱਡੀ ਕੱਪ ਬਾਬਾ ਕਾਲਾ ਮਹਿਰ ਯੂਥ ਕਲੱਬ ਵੱਲੋਂ ਪ੍ਰਧਾਨ ਮਨਦੀਪ ਸਿੰਘ ਸੰਧੂ ਦੀ ਅਗਵਾਈ ਹੇਠ ਪੂਰੇ ਉਤਸ਼ਾਹ ਨਾਲ ਕਰਵਾਇਆ ਜਾ ਰਿਹਾ ਹੈ। ਟੂਰਨਾਮੈਂਟ ਦੇ ਪੋਸਟਰ ਨੂੰ ਡਿਪਟੀ ਕਮਿਸ਼ਨਰ ਫਿਰੋਜ਼ਪੁਰ ਦੀਪ ਸ਼ਿਖਾ ਸ਼ਰਮਾ ਅਤੇ ਸੀਨੀਅਰ ਕਪਤਾਨ ਪੁਲਿਸ ਭੁਪਿੰਦਰ ਸਿੰਘ ਸਿੱਧੂ ਵੱਲੋਂ ਰਿਲੀਜ਼ ਕੀਤਾ ਗਿਆ। ਪੰਜਾਬ ਵਾਸੀਆਂ ਨੂੰ ਨਸ਼ਿਆਂ ਤੋਂ ਦੂਰ ਰਹਿ ਕੇ ਖੇਡ ਗਰਾਊਂਡਾਂ ਨਾਲ ਜੁੜਨ ਦੀ ਉੱਚ ਅਧਿਕਾਰੀਆਂ ਨੇ ਅਪੀਲ ਕਰਦਿਆਂ ਵੱਧ ਤੋਂ ਵੱਧ ਨੌਜਵਾਨਾਂ ਨੂੰ ਖੇਡਾਂ ਵਿੱਚ ਭਾਗ ਲੈਣ ਲਈ ਅਪੀਲ ਵੀ ਕੀਤੀ। ਕਲੱਬ ਦੇ ਮੀਤ ਪ੍ਰਧਾਨ ਗੁਰਮੀਤ ਸਿੰਘ ਸੰਧੂ ਕੜਮਾ ਨੇ ਦੱਸਿਆ ਕਿ ਪੰਜਾਬ ਪੱਧਰ ਦਾ ਕਬੱਡੀ ਕੱਪ ਕਰਵਾਉਣ ਦੀਆਂ ਤਿਆਰੀਆਂ ਬਿਲਕੁਲ ਮੁਕੰਮਲ ਕਰ ਲਈਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਅੱਜ 6 ਮਾਰਚ ਨੂੰ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕਰ ਦਿੱਤੇ ਗਏ, ਜਿਨ੍ਹਾਂ ਦੇ ਭੋਗ 8 ਮਾਰਚ ਨੂੰ ਪਾਏ ਜਾਣ ਉਪਰੰਤ ਧਾਰਮਿਕ ਦੀਵਾਨ ਸੱਜਣਗੇ, ਜਿਸ ਵਿੱਚ ਰਾਗੀ ਢਾਡੀ ਹਾਜ਼ਰੀਆਂ ਪਰ ਗੁਰ ਇਤਿਹਾਸ ਨਾਲ ਸੰਗਤ ਨੂੰ ਨਿਹਾਲ ਕਰਨਗੇ। ਧਾਰਮਿਕ ਦੀਵਾਨ ਸਮਾਪਤੀ ਤੇ ਸਟੇਡੀਅਮ ਅੰਦਰ ਕਬੱਡੀ ਮੁਕਾਬਲੇ ਕਰਵਾਏ ਜਾਣਗੇ। ਉਨ੍ਹਾਂ ਦੱਸਿਆ ਕਿ 8 ਮਾਰਚ ਦਿਨ ਸ਼ਨੀਵਾਰ ਨੂੰ ਲੜਕੀਆਂ ਦਾ ਕਬੱਡੀ ਓਪਨ ਕੱਪ ਕਰਵਾਇਆ ਜਾਣਾ, ਜਿਸ ਵਿੱਚ ਪੰਜਾਬ ਅਤੇ ਹਰਿਆਣੇ ਦੀਆਂ ਖਿਡਾਰਨਾ ਭਾਗ ਲੈਣਗੀਆਂ ਜੇਤੂ ਟੀਮ ਨੂੰ 31000 ਰੁਪਏ ਦੇ ਅਤੇ ਉਪ ਜੇਤੂ ਟੀਮ ਨੂੰ 21000 ਰੁਪਏ ਦੇ ਨਗਦ ਇਨਾਮਾਂ ਨਾਲ ਸਨਮਾਨਿਤ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਕਬੱਡੀ ਲੜਕੇ 60 ਕਿਲੋ ਵਜ਼ਨ ਪਿੰਡ ਪੱਧਰ ਦੀ ਟੀਮ ਵਿਚ 2 ਖਿਡਾਰੀ ਬਾਹਰ ਦੇ ਮੁਕਾਬਲੇ ਵੀ ਕਰਵਾਏ ਜਾਣੇ ਹਨ, ਜਿਸ ਦੇ ਜੇਤੂ ਨੂੰ 18000 ਰੁਪਏ ਅਤੇ ਉਪ ਜੇਤੂ ਨੂੰ 13000 ਰੁਪਏ ਨਾਲ ਨਗਦ ਇਨਾਮਾਂ ਨਾਲ ਸਨਮਾਨਿਤ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ 9 ਮਾਰਚ ਦਿਨ ਐਤਵਾਰ ਨੂੰ ਓਪਨ ਕਬੱਡੀ ਕੱਪ ਹੋਵੇਗਾ, ਜਿਸ ਵਿੱਚ ਪੰਜਾਬੀਆਂ ਦੀ ਮਾਂ ਖੇਡ ਕਬੱਡੀ ਦੇ ਉੱਚ ਕੋਟੀ ਦੇ ਖਿਡਾਰੀ ਭਾਗ ਲੈਣਗੇ, ਜਿਸ ਦੌਰਾਨ ਪਹਿਲੇ ਸਥਾਨ ਵਾਲੀ ਟੀਮ ਨੂੰ 91 ਹਜ਼ਾਰ ਰੁਪਏ ਅਤੇ ਦੂਜੇ ਸਥਾਨ ਵਾਲੀ ਟੀਮ ਨੂੰ 71 ਹਜ਼ਾਰ ਰੁਪਏ ਦੇ ਨਗਦ ਇਨਾਮ ਦਿੱਤੇ ਜਾਣਗੇ। ਉਨ੍ਹਾਂ ਦੱਸਿਆ ਕਿ ਖੇਡ ਵਿੱਚੋਂ ਬੈਸਟ ਰੇਡਰ ਅਤੇ ਜਾਫੀ ਨੂੰ ਫੋਰਡ ਟ੍ਰੈਕਟਰ ਨਾਲ ਸਨਮਾਨਿਤ ਕੀਤਾ ਜਾਵੇਗਾ। ਪ੍ਰਬੰਧਕਾਂ ਨੇ ਦਰਸ਼ਕਾਂ ਨੂੰ ਮੇਲਾ ਦੇਖਣ ਦੀ ਜਿੱਥੇ ਪੁਰਜ਼ੋਰ ਅਪੀਲ ਕੀਤੀ ਉੱਥੇ ਖਿਡਾਰੀਆਂ ਨੂੰ ਵੱਧ ਤੋਂ ਵੱਧ ਪਹੁੰਚਣ ਅਤੇ ਖੇਡ ਦਾ ਪ੍ਰਦਰਸ਼ਨ ਕਰਨ ਦੀ ਅਪੀਲ ਵੀ ਕੀਤੀ।

**8 ਮਾਰਚ ਨੂੰ ਹੋਣਗੇ ਲੜਕੀਆਂ ਦੇ ਕਬੱਡੀ ਮੁਕਾਬਲੇ ਅਤੇ 9 ਮਾਰਚ ਨੂੰ ਹੋਣਗੇ ਓਪਨ ਕਬੱਡੀ ਕੱਪ ਵਿੱਚ ਲੜਕਿਆ ਦੇ ਫ਼ਸਵੇ ਮੁਕਾਬਲੇ**

## ਪੇਂਡੂ ਬੇਰੁਜਗਾਰ ਨੋਜਵਾਨਾਂ ਲਈ ਡੇਅਰੀ ਫਾਰਮਿੰਗ ਦਾ ਦੋ ਹਫਤੇ ਡੇਅਰੀ ਸਵੈ ਰੋਜਗਾਰ ਸਿਖਲਾਈ ਕੋਰਸ ਮਿਤੀ 10 ਮਾਰਚ ਤੋਂ ਸ਼ੁਰੂ



**ਜੰਡਿਆਲਾ ਗੁਰੂ, 7 ਮਾਰਚ ( ਕੁਲਵੰਤ ਸਿੰਘ ਵਿਰਦੀ)**-ਜ਼ਿਲ੍ਹਾ ਅੰਮ੍ਰਿਤਸਰ ਨਾਲ ਸਬੰਧਿਤ ਪੇਂਡੂ ਬੇਰੁਜਗਾਰ ਨੋਜਵਾਨ ਲੜਕੇ/ਲੜਕੀਆਂ, ਜੋ ਡੇਅਰੀ ਦਾ ਕਿੱਤਾ ਸ਼ੁਰੂ ਕਰਨਾ ਚਾਹੁੰਦੇ ਹਨ, ਡੇਅਰੀ ਸਿਖਲਾਈ ਕੋਰਸ ਵਾਸਤੇ ਦਫਤਰ ਡਿਪਟੀ ਡਾਇਰੈਕਟਰ ਡੇਅਰੀ ਅੰਮ੍ਰਿਤਸਰ, ਡੇਅਰੀ ਸਿਖਲਾਈ ਅਤੇ ਵਿਸਥਾਰ ਕੇਂਦਰ ਵੇਰਕਾ (ਅੰਮ੍ਰਿਤਸਰ) ਵਿਖੇ ਮਿਤੀ 10 ਮਾਰਚ ਤੋਂ 21 ਮਾਰਚ, 2025 ਤੱਕ ਚਲਾਇਆ ਜਾ ਰਿਹਾ ਹੈ, ਅਤੇ ਫਾਰਮ ਭਰਨ ਦੀ ਮਿਤੀ 10 ਮਾਰਚ 2025 ਹੈ ਇਸ ਸਬੰਧੀ ਜਾਣਕਾਰੀ ਦਿੰਦਿਆਂ ਸ੍ਰੀ ਵਰਿਆਮ ਸਿੰਘ, ਡਿਪਟੀ ਡਾਇਰੈਕਟਰ ਡੇਅਰੀ ਅੰਮ੍ਰਿਤਸਰ, ਨੇ ਦੱਸਿਆ ਕਿ ਖੇਤੀ ਵਿੱਚ ਵਿਭਿੰਨਤਾ ਲਿਆਉਣ ਅਤੇ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਕਰਨ ਲਈ ਡੇਅਰੀ ਦੇ ਕਿੱਤੇ ਨੂੰ ਸਹਾਇਕ ਧੰਦੇ ਵਜੋਂ ਅਪਨੁਣ ਲਈ 2 ਹਫਤੇ ਡੇਅਰੀ ਸਵੈ ਰੋਜਗਾਰ ਮਿਤੀ 10 ਮਾਰਚ ਤੋਂ 21 ਮਾਰਚ 2025 ਤੱਕ ਡੇਅਰੀ ਸਿਖਲਾਈ ਤੇ ਵਿਸਥਾਰ ਕੇਂਦਰ, ਵੇਰਕਾ (ਜਿਲ੍ਹਾ ਅੰਮ੍ਰਿਤਸਰ) ਵਿਖੇ ਕਰਵਾਈ ਜਾਣੀ ਹੈ। ਇਸ ਸਿਖਲਾਈ ਕੋਰਸ ਵਿੱਚ ਜਿਲ੍ਹਾ ਅੰਮ੍ਰਿਤਸਰ ਨਾਲ ਸਬੰਧਤ ਬੇਰੁਜਗਾਰ ਨੌਜਵਾਨ ਲੜਕੇ/ਲੜਕੀਆਂ ਜੋ ਘੱਟੋ ਘੱਟ 5ਵੀਂ ਪਾਸ ਹੋਣ, ਉਮਰ 18 ਤੋਂ 55 ਸਾਲ ਦਰਮਿਆਨ ਹੋਵੇ, ਪੇਂਡੂ ਖੇਤਰ ਨਾਲ ਸਬੰਧਤ ਹੋਣ, ਇਸ ਸਿਖਲਾਈ ਵਿੱਚ ਭਾਗ ਲੈ ਸਕਦੇ ਹਨ। ਸਿਖਲਾਈ ਉਪਰੰਤ ਵਿਭਾਗ ਵੱਲੋਂ ਸਬੰਧਤਾਂ ਨੂੰ ਵੱਖ ਵੱਖ ਬੈਂਕਾਂ ਤੋਂ ਡੇਅਰੀ ਕਰਜੇ ਦੀ ਸੁਵਿਧਾ ਰਾਹੀਂ 2 ਤੋਂ 20 ਪਸ਼ੂਆਂ ਦੇ ਡੇਅਰੀ ਯੂਨਿਟ ਸਥਾਪਤ ਕਰਵਾ ਕੇ 25% ਜਨਰਲ ਅਤੇ 33% ਅ.ਜਾਤੀ ਲਈ ਸਬਸਿਡੀ ਮੁਹੱਈਆ ਕਰਵਾਈ ਜਾਵੇਗੀ ਚਾਹਵਾਨ ਲੜਕੇ/ਲੜਕੀਆਂ ਇਸ ਸਬੰਧੀ ਦਫਤਰ ਡਿਪਟੀ ਡਾਇਰੈਕਟਰ ਡੇਅਰੀ, ਅੰਮ੍ਰਿਤਸਰ ਨਾਲ ਆਪਣੇ ਅਸਲ ਯੋਗਤਾ ਸਰਟੀਫੇਕਟ ਅਤੇ ਪਾਸਪੋਰਟ ਸਾਈਜ ਫੋਟੋ ਅਤੇ ਆਧਾਰ ਕਾਰਡ ਲੈ ਕੇ ਫਾਰਮ ਭਰਵਾ ਸਕਦੇ ਹਨ। ਵਧੇਰੇ ਜਾਣਕਾਰੀ ਲਈ ਡੇਅਰੀ ਫੀਲਡ ਸਹਾਇਕ ਰਜੀਵ ਕੁਮਾਰ ਦੇ ਫੋਨ ਨੰਬਰ 8427170001 ਅਤੇ ਜੋਤੀ ਸ਼ਰਮਾ ਦੇ ਫੋਨ ਨੰਬਰ 9465725610 ਤੇ ਸੰਪਰਕ ਕੀਤਾ ਜਾ ਸਕਦਾ ਹੈ।

## ਜ਼ਿਲ੍ਹਾ ਪ੍ਰਸ਼ਾਸਨ ਨੇ ਵੱਖ ਵੱਖ ਆਈਲੈਟਸ ਸੈਂਟਰ /ਟ੍ਰੈਵਲ /ਟਿਕਟਿੰਗ ਏਜੰਸੀ ਚਲਾਉਣ ਵਾਲਿਆਂ ਦੇ ਲਾਇਸੰਸ ਕੀਤੇ ਰੱਦ



**ਜੰਡਿਆਲਾ ਗੁਰੂ 7 ਮਾਰਚ ( ਕੁਲਵੰਤ ਸਿੰਘ ਵਿਰਦੀ)**-ਵਧੀਕ ਜਿਲ੍ਹਾ ਮੈਜਿਸਟਰੇਟ ਅੰਮ੍ਰਿਤਸਰ ਸ੍ਰੀਮਤੀ ਜੋਤੀ ਬਾਲਾ ਨੇ ਪੰਜਾਬ ਸਰਕਾਰ ਵਲੋਂ ਲਾਗੂ ਕੀਤੇ ਗਏ ਹਿਊਮਨ ਸਮਗਲਿੰਗ ਐਕਟ 2012 ਅਤੇ ਪੰਜਾਬ ਟ੍ਰੈਵਲ ਪ੍ਰੋਫੈਸ਼ਨਲ ਰੈਗੂਲੇਸ਼ਨ ਐਕਟ ਤਹਿਤ ਵੱਖ-ਵੱਖ ਲਾਇਸੰਸੀ ਹੋਲਡਰਾਂ ਦੇ ਕੋਚਿੰਗ ਇੰਸਟੀਚਿਊਟਸ ਆਫ ਆਈਲੈਟਸ/ ਟ੍ਰੈਵਲ /ਟਿਕਟਿੰਗ ਏਜੰਸੀ ਅਤੇ ਕੰਸਲਟੈਂਸੀ ਚਲਾਉਣ ਵਾਲਿਆਂ ਦੇ ਲਾਇਸੰਸ ਰੱਦ ਕੀਤੇ ਹਨ ।ਵਧੀਕ ਜਿਲ੍ਹਾ ਮੈਜਿਸਟਰੇਟ ਨੇ ਦੱਸਿਆ ਹੈ ਕਿ ਇਨ੍ਹਾਂ ਏਜੰਸੀਆਂ ਵਲੋਂ ਇਸ ਦਫ਼ਤਰ ਨੂੰ ਲਾਇਸੰਸ ਰੀਨਿਊ ਕਰਵਾਉਣ ਸਬੰਧੀ ਕੋਈ ਪ੍ਰਤੀ ਬੇਨਤੀ ਨਹੀਂ ਕੀਤੀ ਗਈ ਅਤੇ ਕੁਝ ਏਜੰਸੀਆਂ ਵਲੋਂ ਆਪਣਾ ਲਾਇਸੰਸ ਰੀਨਿਊ ਕਰਵਾਉਣ ਦੀਆਂ ਇੱਛੁਕ ਨਹੀਂ ਹਨ ਬਾਰੇ ਪ੍ਰਤੀ ਬੇਨਤੀ ਦਿੱਤੀ ਹੈ ਅਤੇ ਕਈ ਸੈਂਟਰਾਂ ਵਲੋਂ ਆਪਣੇ ਸੈਂਟਰ ਬੰਦ ਕਰ ਦਿੱਤੇ ਗਏ ਹਨ। ਜਿਸ ਦੇ ਆਧਾਰ ਤੇ ਇਨਾਂ ਦਾ ਲਾਇਸੰਸ ਰੱਦ ਕੀਤੇ ਗਏ ਹਨ। ਵਧੀਕ ਜਿਲ੍ਹਾ ਮੈਜਿਸਟਰੇਟ ਸ੍ਰੀਮਤੀ ਜੋਤੀ ਬਾਲਾ ਨੇ ਪੰਜਾਬ ਪੰਜਾਬ ਟ੍ਰੈਵਲ ਪ੍ਰੋਫੈਸ਼ਨਲ ਐਕਟ ਰੈਗੁਲੇਸ਼ਨ ਐਕਟ 2012 ਦੀ ਧਾਰਾ 6(1) (ਈ) ਦੇ ਤਹਿਤ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਮੈਸਰਜ ਡੀਵਾਇਨ ਇੰਮੀ ਕੰਸਲਟੈਂਟ ਡਿਸਟਿਕ ਸ਼ਾਪਿੰਗ ਕੰਪਲੈਕਸ ਬੀ ਬਲਾਕ ਰਣਜੀਤ ਐਵੀਨਿਊ ਅੰਮ੍ਰਿਤਸਰ; ਫੈਂਟੇਸਟਿਕ ਜੈਡ 305, ਡੀ ਰਣਜੀਤ ਐਵੀਨਿਊ ਅੰਮ੍ਰਿਤਸਰ, ਐਬਰੋਡਵੇਅ ਇੰਮੀਗਰੇਸ਼ਨ ਸਰਵਿਸ ਕਬੀਰ ਪਾਰਕ, ਸਾਹਮਣੇ ਯੂਨੀਵਰਸਿਟੀ ਅੰਮ੍ਰਿਤਸਰ; ਪਾਲੀ ਐਜੂਕੇਸ਼ਨ ਕੰਸਲਟੈਂਸੀ ਦੀਨ ਦਿਆਲ ਉਪਾਧਿਆ ਕੰਪਲੈਕਸ ਭੰਡਾਰੀ ਪੁੱਲ ਅੰਮ੍ਰਿਤਸਰ ਦੇ ਲਾਇਸੰਸ ਤੁਰੰਤ ਪ੍ਰਭਾਵ ਨਾਲ ਰੱਦ ਕੀਤੇ ਹਨ। ਉਨਾਂ ਦੱਸਿਆ ਕਿ ਇਸ ਤੋਂ ਇਲਾਵਾ ਜੇਕਰ ਕੋਈ ਐਕਟ /ਰੂਲਜ਼ ਮੁਤਾਬਿਕ ਕਿਸੇ ਵੀ ਕਿਸਮ ਦੀ ਉਕਤ ਲਾਇਸੰਸੀ ਜਾਂ ਉਸਦੀ ਫਰਮ ਵਿਰੁੱਧ ਸ਼ਿਕਾਇਤ ਪ੍ਰਾਪਤ ਹੁੰਦੀ ਹੈ ਤਾਂ ਉਕਤ ਲਾਇਸੰਸ ਹੋਲਡਰ/ਫਰਮ ਦੀ ਮਾਲਕ /ਪ੍ਰੋਪਰਾਈਟਰ ਹਰ ਪੱਖੋਂ ਜਿੰਮੇਵਾਰੀ ਹੋਵੇਗੀ ਅਤੇ ਇਸਦੀ ਭਰਪਾਈ ਵੀ ਉਕਤ ਲਇਸੰਸੀ ਵਲੋਂ ਕੀਤੀ ਜਾਵੇਗੀ।

## ਪੰਜਾਬ ਸਕੂਲ ਸਿੱਖਿਆ ਬੋਰਡ ਦੇ ਨਵ ਨਿਯੁਕਤ ਚੇਅਰਮੈਨ ਦਾ ਸਵਾਗਤ : ਰਾਸਾ ਯੂਕੇ



**ਚੌਕ ਮਹਿਤਾ, 7 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਅੱਜ ਰੈਕੋਗਨਾਈਡ ਐਫੀਲੀਏਟਿਡ ਸਕੂਲਸ ਐਸੋਸੀਏਸ਼ਨ ਪੰਜਾਬ (ਰਾਸਾ ਯੂਕੇ) ਦੀ ਸਮੂਹ ਟੀਮ ਵੱਲੋਂ ਵੱਲੋਂ ਬਿਆਨ ਜਾਰੀ ਕਰਕੇ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਨਵ ਨਿਯੁਕਤ ਚੇਅਰਮੈਨ ਡਾਕਟਰ ਅਮਰਪਾਲ ਸਿੰਘ ਆਈ .ਏ. ਐੱਸ (ਰਿਟਾ:) ਨੂੰ ਵਧਾਈ ਦਿੰਦੇ ਹੋਏ ਉਹਨਾਂ ਦਾ ਭਰਪੂਰ ਸਵਾਗਤ ਕੀਤਾ। ਇਸ ਸਮੇਂ ਰਾਸਾ ਯੂਕੇ ਦੇ ਜਨਰਲ ਸਕੱਤਰ ਪੰਜਾਬ ਪ੍ਰਿੰਸੀਪਲ ਗੁਰਮੁਖ ਸਿੰਘ ਅਰਜਨ ਮਾਂਗਾ ਨੇ ਖੁਸ਼ੀ ਜ਼ਾਹਰ ਕਰਦੇ ਹੋਏ ਕਿਹਾ ਕਿ ਪੰਜਾਬ ਸਕੂਲ ਸਿੱਖਿਆ ਬੋਰਡ ਨੂੰ ਚੇਅਰਮੈਨ ਵਜੋਂ ਇੱਕ ਅਜਿਹੀ ਸ਼ਖਸ਼ੀਅਤ ਪ੍ਰਾਪਤ ਹੋਈ ਹੈ ਜੋ ਆਪਣੀ ਸਰਵਿਸ ਦੌਰਾਨ ਪੰਜਾਬ ਸਰਕਾਰ ਅਤੇ ਯੂ.ਟੀ ਦੇ ਵੱਖ ਵੱਖ ਅਹੁਦਿਆਂ ਤੇ ਕੰਮ ਕਰਨ ਤੋਂ ਇਲਾਵਾ ਬਤੌਰ ਸਕੱਤਰ ਕੰਮ-ਸੀ.ਈ.ਓ ਪੰਜਾਬ ਰਾਜ ਤਕਨੀਕੀ ਐਜੂਕੇਸ਼ਨ ਬੋਰਡ ਅਤੇ ਡਾਇਰੈਕਟਰ ਉਚੇਰੀ ਸਿੱਖਿਆ ਵਜੋਂ ਵੀ ਆਪਣੀ ਸੇਵਾ ਨਿਭਾ ਚੁੱਕੀ ਹੈ ਅਤੇ ਅਜਿਹੀ ਤਜਰਬੇਕਾਰ ਸ਼ਖਸ਼ੀਅਤ ਦਾ ਪੰਜਾਬ ਸਕੂਲ ਸਿੱਖਿਆ ਬੋਰਡ ਦਾ ਚੇਅਰਮੈਨ ਨਿਯੁਕਤ ਹੋਣਾ ਸਿੱਖਿਆ ਜਗਤ ਵਿੱਚ ਬਹੁਤ ਹੀ ਮਾਣ ਵਾਲੀ ਗੱਲ ਹੈ। ਪ੍ਰਿੰਸੀਪਲ ਗੁਰਮੁਖ ਸਿੰਘ ਅਰਜਨ ਮਾਂਗਾ ਨੇ ਆਸ ਪ੍ਰਗਟ ਕਰਦੇ ਹੋਏ ਕਿਹਾ ਕਿ ਹੁਣ ਪੰਜਾਬ ਬੋਰਡ ਵਿੱਚ ਸਕੂਲਾਂ ਅਤੇ ਵਿਦਿਆਰਥੀਆਂ ਨੂੰ ਸਿੱਖਿਆ ਦੇ ਖੇਤਰ ਵਿੱਚ ਆ ਰਹੀਆਂ ਮੁਸ਼ਕਲਾਂ ਜਰੂਰ ਹੱਲ ਹੋਣਗੀਆਂ ਅਤੇ ਪੰਜਾਬ ਬੋਰਡ ਸਿੱਖਿਆ ਦੇ ਖੇਤਰ ਵਿੱਚ ਹੋਰ ਅੱਗੇ ਵਧੇਗਾ ਅਤੇ ਅਸੀਂ ਆਪਣੀ ਐਸੋਸੀਏਸ਼ਨ ਵੱਲੋਂ ਚੇਅਰਮੈਨ ਸਾਹਿਬ ਨੂੰ ਆਪਣਾ ਬਣਦਾ ਪੂਰਾ ਸਹਿਯੋਗ ਦੇਵਾਂਗੇ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

# ਕੌਣ ਹਨ ਅਕਾਲ ਤਖ਼ਤ ਸਾਹਿਬ ਦੇ ਨਵੇਂ ਬਣੇ

# ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ

**ਅੰਮ੍ਰਿਤਸਰ, 7 ਮਾਰਚ (ਆਵਾਜ਼ਿ ਕੌਮ ਬਿਊਰੋ):**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੱਜ ਅੰਤ੍ਰਿੰਗ ਕਮੇਟੀ ਦੀ ਬੈਠਕ ਹੋਈ, ਜਿਸ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਜਥੇਦਾਰ ਗਿਆਨੀ ਰਘਬੀਰ ਸਿੰਘ ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਸੁਲਤਾਨ ਸਿੰਘ ਨੂੰ ਉਨ੍ਹਾਂ ਦੀਆਂ ਸੇਵਾਵਾਂ ਤੋਂ ਹਟਾ ਦਿੱਤਾ ਗਿਆ ਹੈ। ਕਮੇਟੀ ਵੱਲੋਂ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਕਾਰਜਕਾਰੀ ਜਥੇਦਾਰ ਨਿਯੁਕਤ ਕੀਤਾ ਗਿਆ ਹੈ। ਇਸ ਦੇ ਨਾਲ ਹੀ ਉਨ੍ਹਾਂ ਨੂੰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦਾ ਜਥੇਦਾਰ ਵੀ ਨਿਯੁਕਤ ਕੀਤਾ ਗਿਆ ਹੈ।

**ਕੌਣ ਹਨ ਕੁਲਦੀਪ ਸਿੰਘ ਗੜਗੱਜ**

ਨਵੇਂ ਬਣੇ ਕਾਰਜਕਾਰੀ ਜਥੇਦਾਰ ਜਥੇਦਾਰ ਕੁਲਦੀਪ ਸਿੰਘ ਗੜਗੱਜ ਦੇ ਧਾਰਮਿਕ ਸਫ਼ਰ ਦੀ ਗੱਲ ਕੀਤੀ ਜਾਵੇ ਤਾਂ ਜਥੇਦਾਰ ਕੁਲਦੀਪ ਸਿੰਘ ਗੜਗੱਜ ਕਾਫ਼ੀ ਸਮੇਂ ਤੋਂ ਧਾਰਮਿਕ ਪ੍ਰਚਾਰ ਵਜੋਂ ਸਰਗਰਮ ਹਨ। ਜਥੇਦਾਰ ਕੁਲਦੀਪ ਸਿੰਘ ਗੜਗੱਜ ਪਿੰਡ ਜੱਬੋਵਾਲ ਜ਼ਿਲ੍ਹਾ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਰਹਿਣ ਵਾਲੇ ਹਨ। ਉਨ੍ਹਾਂ ਨੇ 2001 ਤੋਂ ਸਿੱਖ ਕਥਾਵਾਚਕ ਵਜੋਂ ਧਰਮ ਪ੍ਰਚਾਰ ਕਰਨਾ ਸ਼ੁਰੂ ਕੀਤਾ ਸੀ। ਪਿਛਲੇ 3 ਸਾਲ ਤੋਂ ਗੁਰਦੁਆਰਾ ਮੰਜੀ ਸਾਹਿਬ ਦੀਵਾਨ ਹਾਲ ਸਚਖੰਡ ਸ੍ਰੀ ਦਰਬਾਰ ਸਾਹਿਬ ਵਿਖੇ ਕਥਾ ਦੀ ਹਾਜ਼ਰੀ ਨਿਭਾ ਰਹੇ ਹਨ।

**ਸਿੱਖਿਆ**

ਨਵੇਂ ਬਣੇ ਕਾਰਜਕਾਰੀ ਜਥੇਦਾਰ ਕੁਲਦੀਪ ਸਿੰਘ ਗੜਗੱਜ ਦੀ ਉਮਰ ਕਰੀਬ 40 ਸਾਲ ਹੈ। ਉਨ੍ਹਾਂ ਨੇ ਵਿੱਦਿਆ ਐੱਮ ਏ ਇਤਿਹਾਸ ਅਤੇ ਸਿੱਖ ਮਿਸ਼ਨਰੀ ਕਾਲਜ ਤੋਂ ਧਾਰਮਿਕ ਵਿੱਦਿਆ ਪ੍ਰਾਪਤ ਕੀਤੀ ਹੋਈ ਹੈ।

**ਗੁਰਮਤ ਤਜ਼ਰਬਾ**

ਸਮੁੱਚੇ ਸ੍ਰੀ ਗੁਰੂ ਗ੍ਰੰਥ ਸਾਹਿਬ ਪਾਤਸ਼ਾਹ ਦੀ ਵਿਆਖਿਆ
ਸਿੱਖ ਇਤਿਹਾਸ ਦੇ ਸਰੋਤ ਗ੍ਰੰਥ - ਸ੍ਰੀ ਗੁਰ ਸੂਰਜ ਪ੍ਰਤਾਪ ਗ੍ਰੰਥ
ਪ੍ਰਾਚੀਨ ਪੰਥ ਪ੍ਰਕਾਸ਼ ਆਦਿ ਅਤੇ ਸਿੱਖ ਰਹਿਤ ਮਰਿਆਦਾ ਦੀ ਪੂਰੀ ਵਿਆਖਿਆ



**ਪਰਿਵਾਰ :** ਕਾਰਜਕਾਰੀ ਜਥੇਦਾਰ ਕੁਲਦੀਪ ਸਿੰਘ ਗੜਗੱਜ ਦਾ ਸਾਰਾ ਪਰਿਵਾਰ ਅੰਮ੍ਰਿਤਧਾਰੀ ਹੈ। ਪਿਛਲੇ 12 ਸਾਲਾਂ ਤੋਂ ਗਰੀਬ ਤੇ ਯਤੀਮ ਬੱਚਿਆਂ ਦੀ ਪੜ੍ਹਾਈ ਅਤੇ ਰਹਿਣ ਬਸੇਰੇ ਦਾ ਉਪਰਾਲਾ ਕਰ ਰਹੇ ਹਨ।

## ਜੱਗੀ ਜੌਹਲ ਨਾਲ ਕੀਤੇ ਗਏ ਤਸ਼ੱਦਦ ਦੇ ਦੋਸ਼ਾਂ ਦੀ ਪੂਰੀ ਅਤੇ ਸੁਤੰਤਰ ਜਾਂਚ ਕਰਵਾਏ ਜਾਣ ਦੀ

# ਯੂਕੇ ਪਾਰਲੀਮੈਂਟ ਮੈਂਬਰਾਂ ਵਲੋਂ ਸਰਕਾਰ ਕੋਲੋਂ ਮੰਗ



**ਨਵੀਂ ਦਿੱਲੀ, 7 ਮਾਰਚ (ਮਨਪ੍ਰੀਤ ਸਿੰਘ ਖਾਲਸਾ):**- ਬ੍ਰਿਟੇਨ ਦੀ ਸਰਕਾਰ ਜਗਤਾਰ ਸਿੰਘ ਜੌਹਲ ਦੇ ਬਰੀ ਹੋਣ ਤੋਂ ਬਾਅਦ ਉਸ ਦੇ ਤਸ਼ੱਦਦ ਦੀ ਪੂਰੀ ਅਤੇ ਸੁਤੰਤਰ ਜਾਂਚ ਲਈ ਜਨਤਕ ਤੌਰ 'ਤੇ ਜ਼ੋਰ ਦੇ ਰਹੀ ਹੈ। 4 ਮਾਰਚ ਨੂੰ ਜਗਤਾਰ ਸਿੰਘ ਜੌਹਲ ਦੇ ਬਰੀ ਹੋਣ ਤੋਂ ਬਾਅਦ ਜਸ ਅਠਵਾਲ ਐਮ.ਪੀ., ਬ੍ਰਿਟਿਸ਼ ਸਿੱਖਾਂ ਲਈ ਏਪੀਪੀਜੀ ਦੇ ਚੇਅਰ ਡਗਲਸ ਮੈਕਐਲਿਸਟਰ ਐਮਪੀ ਨੇ ਬੀਤੇ ਦਿਨ ਸੰਸਦ ਵਿੱਚ ਸਦਨ ਦੀ ਨੇਤਾ, ਲੂਸੀ ਪਾਵੇਲ ਨਾਲ ਪੁਆਇੰਟਸ ਆਫ਼ ਆਰਡਰ ਉਠਾਏ ਹਨ। ਯੂਕੇ ਸਰਕਾਰ ਉਪਰ ਜਗਤਾਰ ਸਿੰਘ ਜੌਹਲ ਵਿਰੁੱਧ "ਤਸ਼ੱਦਦ ਦੇ ਦੋਸ਼ਾਂ ਦੀ ਪੂਰੀ ਅਤੇ ਸੁਤੰਤਰ ਜਾਂਚ" ਦੀ ਮੰਗ ਕਰਕੇ ਦਬਾਅ ਨੂੰ ਵਧਾਇਆ ਜਾ ਰਿਹਾ ਹੈ। ਇਹ ਗੱਲ ਸੰਸਦ ਵਿੱਚ ਲੂਸੀ ਪਾਵੇਲ ਨੇ ਕਹੀ। ਸੁਰੱਖਿਆ ਮੰਤਰੀ, ਡੈਨ ਜਾਰਵਿਸ ਨੇ ਵੀ 3 ਮਾਰਚ ਨੂੰ ਸਿੱਖ ਫੈਡਰੇਸ਼ਨ (ਯੂ.ਕੇ.) ਨੂੰ ਪੱਤਰ ਲਿਖ ਕੇ ਇਹੀ ਗੱਲ ਕਹੀ ਸੀ ਕਿ ਅਸੀਂ ਭਾਰਤ ਸਰਕਾਰ ਨੂੰ ਇਹ ਸਪੱਸ਼ਟ ਕਰ ਦਿੱਤਾ ਹੈ ਅਤੇ ਭਾਰਤੀ ਅਧਿਕਾਰੀਆਂ ਦੁਆਰਾ ਤਸ਼ੱਦਦ ਦੇ ਦੋਸ਼ਾਂ ਦੀ ਜਾਂਚ ਨੂੰ ਸ਼ਾਮਲ ਕਰਨਾ ਚਾਹੀਦਾ ਹੈ।" ਹੋਰ ਸੰਸਦ ਮੈਂਬਰ ਵੀ ਜਗਤਾਰ ਸਿੰਘ ਜੌਹਲ ਦਾ ਮਾਮਲਾ ਉਠਾਉਣ ਲਈ ਤਿਆਰ ਸਨ ਅਤੇ ਚਾਰ ਆਲ ਪਾਰਟੀ ਪਾਰਲੀਮਾਨੀ ਗਰੁੱਪਾਂ ਦੁਆਰਾ ਤਾਲਮੇਲ ਵਾਲੇ ਵਿਦੇਸ਼ ਸਕੱਤਰ ਨੂੰ ਇੱਕ ਅੰਤਰ-ਪਾਰਟੀ ਪੱਤਰ ਭੇਜਿਆ ਜਾਵੇਗਾ ਜਿਸ ਵਿੱਚ 100 ਤੋਂ ਵੱਧ ਸੰਸਦ ਮੈਂਬਰਾਂ ਦੇ ਦਸਤਖਤ ਹੋਣ ਦੀ ਉਮੀਦ ਹੈ। ਇਸ ਮਸਲੇ ਤੇ ਬੈਕਬੈਂਚ ਕਮੇਟੀ ਦੀ ਭਖਵੀਂ ਬਹਿਸ ਹੋਣ ਦੀ ਸੰਭਾਵਨਾ ਹੈ। ਇਸ ਬਾਰੇ ਸਿੱਖ ਫੈਡਰੇਸ਼ਨ ਯੂਕੇ ਦੇ ਪ੍ਰਧਾਨ ਭਾਈ ਅਮਰੀਕ ਸਿੰਘ ਗਿੱਲ ਨੇ ਕਿਹਾ ਕਿ ਜੋ ਗੱਲ ਸਰਕਾਰ ਸਾਡੇ ਨਾਲ ਲਿਖਤੀ ਤੌਰ ਤੇ ਕਰ ਰਹੀ ਸੀ ਓਹੀ ਗੱਲ ਬੀਤੇ ਦਿਨ ਹਾਊਸ ਆਫ ਕਾਮਨ ਵਿਚ ਪਾਰਲੀਮੈਂਟ ਮੈਂਬਰ ਨੇ ਕਹੀ ਹੈ ਕਿ ਜੱਗੀ ਜੋਹਲ ਦੀ ਮਨਮਾਨੀ ਨਜ਼ਰਬੰਦੀ ਦੌਰਾਨ ਕੀਤੇ ਗਏ ਟਾਰੱਚਰ ਬਾਰੇ ਜਾਂਚ ਕਰਵਾਈ ਜਾਏ । ਉਨ੍ਹਾਂ ਕਿਹਾ ਕਿ ਹੁਣ ਜਦੋ ਭਾਰਤੀ ਅਦਾਲਤ ਵਲੋਂ ਜੱਗੀ ਜੋਹਲ ਨੂੰ ਇਕ ਹੋਰ ਮਾਮਲੇ ਵਿੱਚੋ ਪੁਖਤਾ ਸਬੂਤ ਨਾ ਹੋਣ ਕਰਕੇ ਬਰੀ ਕਰ ਦਿੱਤਾ ਹੈ ਯੂਕੇ ਸਰਕਾਰ ਨੂੰ ਜੱਗੀ ਦੀ ਨਜ਼ਰਬੰਦੀ ਅਤੇ ਤਸ਼ੱਦਦ ਦੇ ਮਾਮਲੇ ਨੂੰ ਗੰਭੀਰਤਾ ਨਾਲ ਲੈ ਕੇ ਇਸਦੀ ਜਾਂਚ ਕਰਵਾਣੀ ਚਾਹੀਦੀ ਹੈ।

> **ਯੂਕੇ ਸਰਕਾਰ ਜੱਗੀ ਦੀ ਨਜ਼ਰਬੰਦੀ ਅਤੇ ਤਸ਼ੱਦਦ ਦੇ ਮਾਮਲੇ ਨੂੰ ਗੰਭੀਰਤਾ ਨਾਲ ਲਵੇ: ਅਮਰੀਕ ਸਿੰਘ ਗਿੱਲ**

# ਕਾਰਜਕਾਰੀ ਕਮੇਟੀ ਦੀ ਮੀਟਿੰਗ 10 ਨੂੰ : ਕਮੇਟੀਆਂ ਦਾ ਹੋਵੇਗਾ ਗਠਨ



ਫ਼ਿਰੋਜ਼ਪੁਰ, 7 ਮਾਰਚ (ਮਨੋਹਰ ਲਾਲ) :— ਅੱਜ ਜ਼ਿਲ੍ਹਾ ਫ਼ਿਰੋਜ਼ਪੁਰ ਕਾਰਜਕਾਰੀ ਕਮੇਟੀ ਦੀ ਮੀਟਿੰਗ ਗੁਰਦੁਆਰਾ ਸਿੰਘ ਸਭਾ ਜ਼ੀਰਾ ਵਿਖੇ ਹੋਈ, ਜਿਸ ਵਿਚ ਆਉਣ ਵਾਲੀ 10 ਮਾਰਚ ਨੂੰ ਖਾਲਸਾ ਗੁਰਦੁਆਰਾ ਫ਼ਿਰੋਜ਼ਪੁਰ ਛਾਉਣੀ ਵਿਖੇ ਹੋਵੇਗੀ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਜਥੇਬੰਦੀ ਦੇ ਆਗੂਆਂ ਨੇ ਦੱਸਿਆ ਕਿ ਖਾਲਸਾ ਗੁਰਦੁਆਰਾ ਫ਼ਿਰੋਜ਼ਪੁਰ ਛਾਉਣੀ ਵਿਖੇ ਹੋਣ ਵਾਲੀ ਮੀਟਿੰਗ ਵਿਚ ਜ਼ਿਲ੍ਹੇ ਦੇ 6 ਬਲਾਕਾਂ ਅਤੇ ਪੰਚ ਪ੍ਰਧਾਨੀ ਸਿਧਾਂਤ ਦੇ ਅਨੁਸਾਰ ਹਰ ਇਕ ਬਲਾਕ ਤੇ 5 ਮੈਂਬਰੀ ਕਮੇਟੀ ਦਾ ਗਠਨ ਹੋਵੇਗਾ। ਉਨ੍ਹਾਂ ਦੱਸਿਆ ਕਿ ਇਸ ਮੀਟਿੰਗ ਵਿਚ ਪਾਰਟੀ ਦੀ ਭਰਤੀ ਵੀ ਫ਼ਿਰੋਜ਼ਪੁਰ ਤੋਂ ਸ਼ੁਰੂ ਕੀਤੀ ਜਾਵੇਗੀ, ਜਿਸ ਸਬੰਧੀ ਸਾਰੇ ਮੈਂਬਰਾਂ ਨੂੰ ਪਾਰਟੀ ਆਗੂ ਬਾਬੂ ਸਿੰਘ ਬਰਾੜ ਵਿਸ਼ੇਸ਼ ਤੌਰ ਤੇ ਪੁੱਜ ਕੇ ਟਰੇਨਿੰਗ ਦੇਣਗੇ।

# ਆਂਗਣਵਾੜੀ ਕੇਂਦਰ ਬੱਚਿਆਂ ਲਈ ਉਤਮ ਸਥਾਨ : ਪੀ.ਸੀ ਕੁਮਾਰ



ਫ਼ਿਰੋਜ਼ਪੁਰ, 7 ਮਾਰਚ (ਮਨੋਹਰ ਲਾਲ) :— ਸਕੂਲੀ ਬੱਚਿਆਂ ਨੂੰ ਪੜ੍ਹਾਈ ਦੇ ਨਾਲ—ਨਾਲ ਸਮਾਜਿਕ ਕਦਰਾਂ—ਕੀਮਤਾਂ ਤੋਂ ਜਾਣੂ ਕਰਵਾਉਂਦਿਆਂ ਸਮੇਂ ਦੇ ਹਾਣੀ ਬਣਾਉਣ ਦਾ ਕਾਰਜ ਕਰਦੇ ਆ ਰਹੇ ਪੀ.ਸੀ ਕੁਮਾਰ ਪਹਿਲਾਂ ਦੀ ਤਰ੍ਹਾਂ ਅੱਜ ਵੀ ਸਕੂਲ ਕੈਂਪਸ ਵਿਚ ਪੁੱਜੇ। ਇਸ ਦੌਰਾਨ ਬੱਚਿਆਂ ਨੂੰ ਸਰੀਰਕ ਮਾਨਸਿਕ, ਸਮਾਜਿਕ ਪੱਖੋਂ ਸਰਵੇਖਣ ਕੀਤਾ ਅਤੇ ਨਾਲ ਹੀ ਮਾਪਿਆਂ—ਅਧਿਆਪਕਾਂ ਤੇ ਇਸ ਇਲਾਕੇ ਵਾਸੀਆਂ ਨੂੰ ਮਿਲ ਕੇ ਇਨ੍ਹਾਂ ਨੂੰ ਆ ਰਹੀਆਂ ਮੁਸ਼ਿਕਲਾਂ, ਇਨ੍ਹਾਂ ਦੀਆਂ ਮਜ਼ਬੂਰੀਆਂ, ਸਿਹਤ ਪੱਖੋਂ ਸਿਹਤ ਸਹੂਲਤਾਂ ਸਬੰਧੀ ਜਾਣਕਾਰੀ ਪ੍ਰਾਪਤ ਸਿਹਤ ਨੂੰ ਤੰਦਰੁਸਤ ਰੱਖਣ ਲਈ ਘਰ, ਗਲੀ, ਮੁਹੱਲੇ ਨੂੰ ਸਾਫ—ਸੁਥਰਾ ਪ੍ਰਦੂਸ਼ਣ ਮੁਕਤ ਘਰ ਪੱਧਰ ਤੇ ਹੋਣਾ ਹੀ ਸਵੱਛ ਭਾਰਤ ਸਾਡੇ ਪੂਜਣ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਹੁਣ ਤੱਕ ਕੀਤੇ ਗਏ ਉਪਰਾਲਿਆਂ ਦਾ ਕਾਰਗਰ ਨਤੀਜਾ ਸਰਵਪੱਖੀ ਵਿਕਾਸ, ਖ਼ੁਦ ਸੁਧਰੋ, ਪਰਿਵਾਰ, ਸਮਾਜ, ਸਕੂਲ, ਦੇਸ਼ ਖੁਦ ਬ—ਖੁਦ ਸਮਝੇ। ਹੁਣ ਤੱਕ ਨਿਕਲੇ ਪ੍ਰਾਪਤ ਹੋਏ ਨਤੀਜੇ ਇਹ ਮੰਗ ਕਰਦੇ ਹਨ ਇਨ੍ਹਾਂ ਬੱਚਿਆਂ ਜ਼ੋ ਅਜੇ ਅੰਡਰ ਉਮਰ ਭਾਵ ਆਪਣਾ ਖਾਣਾ—ਪੀਣਾ, ਰਹਿਣਾ—ਸਹਿਣਾ, ਆਦਤਾਂ ਵਿਵਹਾਰ, ਘਰ, ਸਕੂਲ, ਗਲੀ—ਮੁਹੱਲੇ ਵਿਚ ਸਿੱਖਣ—ਸਿਖਾਉਣ ਦੀ ਅੰਤ ਲੋੜ ਹੈ।

# ਪਠਾਨਕੋਟ ਜ਼ਿਲ੍ਹੇ ਦੇ ਉਦਯੋਗਾਂ ਅਤੇ ਵਪਾਰ ਨੂੰ ਮਜ਼ਬੂਤ ਕਰਨ ਲਈ ਮੀਟਿੰਗ ਦਾ ਕੀਤਾ ਆਯੋਜਨ

**ਪਠਾਨਕੋਟ, 7 ਮਾਰਚ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਰਾਜ ਦੇ ਉਦਯੋਗਾਂ ਅਤੇ ਵਪਾਰ ਨੂੰ ਮਜ਼ਬੂਤ ਕਰਨ ਲਈ ਜਿਲ੍ਹਾ ਪ੍ਰਬੰਧਕੀ ਕੰਪਲੈਕਸ ਪਠਾਨਕੋਟ ਵਿਖੇ ਇੱਕ ਵਿਸੇਸ ਮੀਟਿੰਗ ਆਯੋਜਿਤ ਕੀਤੀ ਗਈ। ਇਸ ਮੀਟਿੰਗ ਵਿੱਚ ਪੰਜਾਬ ਰਾਜ ਦੇ ਉਤਪਾਦ ਸ਼ੁਲਕ ਅਤੇ ਕਰਾਧਾਨ ਵਿਭਾਗ ਦੇ ਅਧਿਕਾਰੀਆਂ ਅਤੇ ਜ਼ਿਲ੍ਹਾ ਸਤਰੀਯ ਵਪਾਰ ਸਲਾਹਕਾਰ ਸਮਿਤੀ ਦੇ ਮੈਂਬਰਾਂ ਨੇ ਹਿੱਸਾ ਲਿਆ। ਮੀਟਿੰਗ ਦੀ ਪ੍ਰਧਾਨਗੀ ਡਾ. ਅਨਿਲ ਭਾਰਦਵਾਜ਼ ਰਾਜ ਮੈਂਬਰ ਪੰਜਾਬ ਰਾਜ ਵਪਾਰੀ ਕਮਿਸ਼ਨ ਅਤੇ ਉਤਪਾਦ ਸ਼ੁਲਕ ਅਤੇ ਕਰਾਧਾਨ ਵਿਭਾਗ, ਪੰਜਾਬ ਸਰਕਾਰ ਵੱਲੋਂ ਕੀਤੀ ਗਈ, ਜਦਕਿ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਚੀਮਾ ਜੀ ਦੀ ਸਲਾਹ 'ਤੇ ਇਸ ਮੀਟਿੰਗ ਦਾ ਆਯੋਜਨ ਕੀਤਾ ਗਿਆ ਸੀ। ਮੀਟਿੰਗ ਵਿੱਚ ਪੰਜਾਬ ਸਰਕਾਰ ਵੱਲੋਂ ਉਦਯੋਗਾਂ ਅਤੇ ਵਪਾਰ ਦੇ ਵਿਕਾਸ ਲਈ ਕੀਤੇ ਜਾ ਰਹੇ ਯਤਨਾਂ 'ਤੇ ਚਰਚਾ ਕੀਤੀ ਗਈ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਸਰਵਸ੍ਰੀ ਐਲ.ਆਰ.ਸੋਢੀ, ਸੁਨੀਲ ਮਹਾਜਨ, ਅਜੈ ਕੁਮਾਰ , ਅਜੈ ਤ੍ਰੇਹਨ, ਸੁਰੇਸ ਸਲਗੋਤਰਾ, ਵੇਦ ਪ੍ਰਕਾਸ ਚਾਚਾ, ਸੋਰਭ ਜੋਸੀ, ਮਨਿੰਦਰ ਸਿੰਘ ਲੱਕੀ, ਅਸਵਨੀ ਗੁਪਤਾ, ਦਪਿੰਦਰ ਅਰੋੜਾ, ਨਰਿੰਦਰ ਵਾਲੀਆ , ਹਰੀਸ ਮਹਾਜਨ, ਨਿਰਮਲ ਸਿੰਘ ਪੱਪੂ, ਇੰਦਰਜੀਤ ਗੁਪਤਾ, ਰਾਜੇਸ ਮਹਾਜਨ, ਅਮਿਤ ਨਾਇਅਰ, ਵਿਨੋਦ ਕੁਮਾਰ , ਰਵੀ ਭਗਤ, ਬਲਜੀਤ ਮਹਾਜਨ, ਸੁਰਿੰਦਰ ਸੈਣੀ, ਰਵੀ ਭਗਤ, ਵਿਵੇਕ ਚੋਧਰੀ ਅਤੇ ਹੋਰ ਵਪਾਰੀ ਵੀ ਹਾਜਰ ਸਨ।

ਮੀਟਿੰਗ ਦੌਰਾਨ ਸੰਬੋਧਤ ਕਰਦਿਆਂ ਡਾ. ਅਨਿਲ ਭਾਰਦਵਾਜ਼ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਕਈ ਖੇਤਰਾਂ ਵਿੱਚ ਵਪਾਰ ਅਤੇ ਉਦਯੋਗਾਂ ਨੂੰ ਵਧਾਵਾ ਦੇਣ ਲਈ ਕਈ ਕਮਿਸ਼ਨ ਬਣਾਏ ਹਨ, ਜਿਨ੍ਹਾਂ ਵਿੱਚ ਕਪੜਾ, ਮਸ਼ਿਨਰੀ, ਖਾਦ ਪ੍ਰੋਸੈਸਿੰਗ, ਸਾਈਕਲ, ਫਾਰਮਾਸਿਊਟਿਕਲਸ, ਆਟੋ ਹਿੱਸੇ, ਇਲੈਕਟ੍ਰੋਨਿਕਸ ਅਤੇ ਰੀਅਲ ਐਸਟੇਟ ਸ਼ਾਮਿਲ ਹਨ। ਇਸ ਮੀਟਿੰਗ ਦੇ ਦੌਰਾਨ ਵਪਾਰੀ ਅਤੇ ਉਦਯੋਗਪਤੀ ਆਪਣੀਆਂ ਸਮੱਸਿਆਵਾਂ ਅਤੇ ਸੁਝਾਅ ਸਾਂਝੇ ਕਰ ਰਹੇ ਸਨ। ਇਸ ਵਿਚਾਰ-ਵਟਾਂਦਰੇ ਦੌਰਾਨ ਉਦਯੋਗਾਂ ਦੀ ਵਾਧੇ ਵਿੱਚ ਆ ਰਹੀਆਂ ਰੁਕਾਵਟਾਂ ਅਤੇ ਵਪਾਰੀਆਂ ਦੀਆਂ ਮੁਸ਼ਿਕਲਾਂ ਦਾ ਹੱਲ ਕੱਢਣ ਲਈ ਕਈ ਕਦਮ ਚੁੱਕਣ ਦੀ ਗੱਲ ਕੀਤੀ ਗਈ। ਇਸ ਦੇ ਨਾਲ-ਨਾਲ ਵਪਾਰੀਆਂ ਨੂੰ ਤਕਨਾਲੋਜੀ ਦੇ ਉਤਸ਼ਾਹਿਤ ਉਪਕਰਨਾਂ ਨੂੰ ਅਪਨਾਉਣ ਅਤੇ ਰੋਜ਼ਗਾਰ ਦੇ ਮੌਕੇ ਪੈਦਾ ਕਰਨ ਲਈ ਪ੍ਰੇਰਿਤ ਕੀਤਾ ਗਿਆ। ਇਹ ਮੀਟਿੰਗ ਪੰਜਾਬ ਸਰਕਾਰ ਦੇ ਵਪਾਰੀ ਅਤੇ ਉਦਯੋਗਪਤੀਆਂ ਨਾਲ ਸੰਲਗਨ ਨੂੰ ਮਜ਼ਬੂਤ ਕਰਨ ਲਈ ਇੱਕ ਮਹੱਤਵਪੂਰਨ ਕਦਮ ਸਾਬਿਤ ਹੋਈ ਹੈ ਅਤੇ ਇਸ ਨਾਲ ਖੇਤਰ ਦੇ ਵਿਕਾਸ ਨੂੰ ਨਵੀਂ ਦਿਸ਼ਾ ਮਿਲ ਸਕਦੀ ਹੈ।

ਬਾਦਲਾਂ ਨੇ ਗਿਆਨੀ ਰਘਬੀਰ ਸਿੰਘ ਜਥੇਦਾਰ ਸਾਹਿਬ ਗੈਰ ਸਿਧਾਂਤਕ ਆਹੁਦੇ ਤੋਂ ਹਟਾ ਕੇ ਆਪਣੀ ਸਿਆਸਤ ਰੂਪੀ ਮੜੀ ਆਪਣੇ ਆਪ ਹੀ ਪੁੱਟ ਲਈ ਹੈ ਅਤੇ

# ਹੁਣ ਕੌਮ ਬਾਦਲਾਂ ਨੂੰ ਨਹੀਂ ਬਖਸ਼ੇਗੀ : ਭਾਈ ਵਿਰਸਾ ਸਿੰਘ ਖਾਲਸਾ



**ਜੰਡਿਆਲਾ ਗੁਰੂ, 7 ਮਾਰਚ ( ਕੁਲਵੰਤ ਸਿੰਘ ਵਿਰਦੀ)**-ਆਖਿਰ ਜਿਸ ਗੱਲ ਦਾ ਕੌਮ ਨੂੰ ਖ਼ਤਰਾਂ ਸੀ ਉਹ ਬਾਦਲਕਿਆਂ ਨੇ ਕਰਕੇ ਵਿਖਾ ਦਿੱਤੀ ਹੈ ਅਤੇ ਗਿਆਨੀ ਰਘਬੀਰ ਸਿੰਘ ਜੀ ਨੂੰ ਬਾਦਲਕਿਆਂ ਵਿਰੁੱਧ ਕੋਈ ਵੱਡਾ ਫੈਸਲਾ ਲੈਣ ਦੇ ਡਰ ਤੋਂ ਪਹਿਲਾਂ ਹੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਵੱਲੋਂ ਉੱਚ ਆਹੁਦੇ ਤੋਂ ਹਟਾ ਦਿੱਤਾ ਗਿਆ,ਅਜਿਹਾ ਕਰਕੇ ਬਾਦਲਕਿਆਂ ਨੇ ਆਪਣੀ ਸਿੱਖ ਸਿਆਸਤ ਰੂਪੀ ਮੜੀ ਆਪਣੇ ਆਪ ਹੀ ਪੁੱਟ ਲਈ ਹੈ, ਉਹਨਾਂ ਵੱਲੋਂ ਤਖਤ ਸ਼੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਸੁਲਤਾਨ ਸਿੰਘ ਨੂੰ ਵੀ ਆਹੁਦੇ ਤੋਂ ਹਟਾ ਕੇ ਹੈਂਡ ਗ੍ਰੰਥੀ ਵਾਲੀ ਪਦਵੀ ਤੇ ਰਹਿਣ ਦਿੱਤਾ ਹੈ,ਇਸ ਫੈਸਲੇ ਤੋਂ ਦੁਖੀ ਦਿੱਲੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਹਰਮੀਤ ਸਿੰਘ ਕਾਲਕਾ ਤੋਂ ਇਲਾਵਾ ਕਈ ਧਾਰਮਿਕ ਆਗੂਆਂ ਤੇ ਸਿਆਸੀਆਂ ਵੱਲੋਂ ਇਸ ਫੈਸਲੇ ਦੀ ਜ਼ੋਰਦਾਰ ਸ਼ਬਦਾਂ'ਚ ਨਿੰਦਿਆ ਕੀਤੀ ਗਈ ਹੈ, ਕੁਝ ਨਿਹੰਗ ਸਿੰਘ ਜਥੇਬੰਦੀਆਂ ਵੱਲੋਂ ਜਥੇਦਾਰ ਸਾਹਿਬਾਨ ਨੂੰ ਇਸ ਆਹੁਦੇ ਤੋਂ ਹਟਾਉਣ ਸਬੰਧੀ ਪ੍ਰੈਸ ਕਾਨਫਰੰਸ ਤੇ ਸੋਸ਼ਲ ਮੀਡੀਆ ਰਾਹੀਂ ਹਲਾਸ਼ੇਰੀ ਦਿੱਤੀ ਸੀ ਕਿ ਜਥੇਦਾਰ ਸਾਹਿਬ ਜੀ ਦੋ ਦਸੰਬਰ ਵਾਲੇ ਹੁਕਮਾਂ ਨੂੰ ਬਾਦਲਾਂ ਤੇ ਲਾਗੂ ਕਰੋਂ, ਕੌਮ ਤੁਹਾਡੇ ਨਾਲ ਹੈ,ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਜਿਥੇ ਜਥੇਦਾਰ ਗਿਆਨੀ ਰਘਬੀਰ ਸਿੰਘ ਜੀ ਨੂੰ ਬਿਨਾਂ ਵਜ੍ਹਾ ਗੈਰ ਸਿਧਾਂਤਕ ਆਹੁਦੇ ਤੋਂ ਹਟਾਉਣ ਦੀ ਜ਼ੋਰਦਾਰ ਸ਼ਬਦਾਂ'ਚ ਨਿੰਦਾ ਕਰਦੀ ਹੋਈ ਅਕਾਲ ਤਖ਼ਤ ਸਾਹਿਬ ਤੇ ਤਾਇਨਾਤ ਪੰਜ ਪਿਆਰਿਆਂ ਨੂੰ ਅਪੀਲ ਕਰਦੀ ਹੈ ਕਿ ਹੁਣ ਕੌਮ ਨੂੰ ਤੁਹਾਡੇ ਫੈਸਲੇ ਦਾ ਇੰਤਜ਼ਾਰ ਹੈ,ਕਿਉਂਕਿ ਉਨ੍ਹਾਂ ਕੋਲ ਅਧਿਕਾਰ ਤੇ ਪਾਵਰ ਹੈ ਕਿ ਉਹ ਸ਼੍ਰੋਮਣੀ ਕਮੇਟੀ ਦੇ ਇਸ ਫੈਸਲੇ ਨੂੰ ਗੈਰ ਸੰਵਿਧਾਨਕ ਸਮਝ ਕੇ ਬਾਦਲਾਂ ਨੂੰ ਤਲਬ ਕਰ ਸਕਦੇ ਹਨ ,ਉਥੇ ਬੀਤੇ ਕੁਝ ਦਿਨਾਂ ਤੋਂ ਕੁਝ ਨਿਹੰਗ ਸਿੰਘ ਜਥੇਬੰਦੀਆਂ ਦੇ ਆਗੂਆਂ ਵੱਲੋਂ ਪ੍ਰੈਸ ਕਾਨਫਰੰਸ ਤੇ ਹੋਰ ਸਾਧਨਾਂ ਰਾਹੀਂ ਜਥੇਦਾਰ ਅਕਾਲ ਤਖ਼ਤ ਸਾਹਿਬ ਨੂੰ ਮਿਲ ਕੇ ਪਿੱਠ ਥਾਪੀ ਜਾ ਰਹੀ ਸੀ ਕਿ ਬਾਦਲ ਤੇ ਦੋ ਦਸੰਬਰ ਵਾਲੇ ਹੁਕਮਾਂ ਨੂੰ ਲਾਗੂ ਕਰਵਾਉ,ਕੌਮ ਤੁਹਾਡੇ ਨਾਲ ਹੈ, ਹੁਣ ਬਾਦਲਾਂ ਨੇ ਤਾਂ ਸਮੁੱਚੇ ਸਿੱਖ ਪੰਥ ਦੀ ਪ੍ਰਵਾਹ ਨਾ ਕਰਦਿਆਂ ਗਿਆਨੀ ਰਘਬੀਰ ਸਿੰਘ ਜੀ ਨੂੰ ਜਥੇਦਾਰੀ ਦੇ ਆਹੁਦੇ ਤੋਂ ਹਟਾ ਦਿੱਤਾ ਹੈ ਜਦੋਂ ਕਿ ਅੰਤ੍ਰਿੰਗ ਕਮੇਟੀ ਵੱਲੋਂ ਪ੍ਰਧਾਨਗੀ ਤੋਂ ਆਹੁਦਾ ਦੇ ਚੁੱਕੇ ਭਾਈ ਹਰਜਿੰਦਰ ਸਿੰਘ ਧਾਮੀ ਸਬੰਧੀ ਅਜੇ ਕੋਈ ਫੈਸਲਾ ਨਹੀਂ ਲਿਆ, ਹੁਣ ਬਾਦਲਕਿਆਂ ਵਿਰੁੱਧ ਨਿਹੰਗ ਸਿੰਘ ਜਥੇਬੰਦੀਆਂ ਕੀ ਪੈਂਤੜਾ ਲੈਂਦੀਆਂ ਹਨ ,ਜਾ ਬਿਆਨ ਬਾਜੀ ਤੱਕ ਹੀ ਸੀਮਤ ਰਹਿੰਦੀਆਂ ਹਨ ਇਹ ਤਾਂ ਆਉਣ ਵਾਲਾ ਸਮਾਂ ਹੀ ਦੱਸੇਗਾ,ਪਰ ਦੂਸਰੇ ਪਾਸੇ ਸਾਡੀ ਜਥੇਬੰਦੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਜਾਗਦੀ ਜ਼ਮੀਰ ਵਾਲੇ ਸਮੂਹ ਪੰਥਕ ਆਗੂਆਂ ਤੇ ਸਮੁੱਚੇ ਸਿੱਖ ਭਾਈਚਾਰੇ ਨੂੰ ਬੇਨਤੀ ਕਰਦੀ ਹੈ ਹੁਣ ਸਰਬੱਤ ਖਾਲਸਾ ਸੱਦਿਆ ਜਾਵੇ ਤੇ ਇਸ ਸੰਕਟ ਦਾ ਦਿਰੜਤਾ ਤੇ ਬਹਾਦਰੀ ਨਾਲ ਬਾਦਲਾਂ ਵੱਲੋਂ ਸੰਗਰਸ ਵਿੱਡਣ ਦੀ ਲੋੜ ਤੇ ਜ਼ੋਰ ਦਿੱਤਾ ਜਾਵੇ ਤਾਂ ਹੀ ਅਕਾਲ ਤਖ਼ਤ ਸਾਹਿਬ ਦੀ ਸਰਬਉਚਤਾ ਨੂੰ ਕਾਇਮ ਰੱਖਿਆ ਜਾ ਸਕਦਾ ਹੈ,ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਵੱਲੋਂ ਗਿਆਨੀ ਰਘਬੀਰ ਸਿੰਘ ਜਥੇਦਾਰ ਸਾਹਿਬ ਨੂੰ ਹਟਾਉਣ ਦੀ ਨਿੰਦਾ, ਨਿਹੰਗ ਸਿੰਘ ਜਥੇਬੰਦੀਆਂ ਨੂੰ ਅਕਾਲ ਤਖ਼ਤ ਸਾਹਿਬ ਦੀ ਪੁਰਾਤਨ ਮਰਯਾਦਾ ਮਹਾਨਤਾ ਤੇ ਸਰਵਉੱਚ ਨੂੰ ਕਾਇਮ ਰੱਖਣ ਲਈ ਸਖ਼ਤ ਕਦਮ ਚੁੱਕਣ ਦੇ ਨਾਲ ਨਾਲ ਸਮੁੱਚੇ ਸਿੱਖ ਪੰਥ ਨੂੰ ਇਸ ਵੱਡੇ ਪੰਥਕ ਸੰਕਟ ਨੂੰ ਹੱਲ ਕਰਨ ਲਈ ਸਰਬੱਤ ਖਾਲਸਾ ਸੱਦਣ ਦੀ ਅਪੀਲ ਕਰਦਿਆਂ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਕੀਤਾ, ਭਾਈ ਖਾਲਸਾ ਨੇ ਸਪਸ਼ਟ ਕੀਤਾ ਕਿ ਬਾਦਲਾ ਨੂੰ ਪਤਾ ਲੱਗ ਚੁੱਕਾ ਸੀ ਕਿ ਗਿਆਨੀ ਰਘਬੀਰ ਜੀ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਤੋਂ ਬਾਗੀ ਹੋਣ ਦੇ ਦੋਸ਼ਾਂ ਤਹਿਤ ਉਨ੍ਹਾਂ ਨੂੰ ਅਕਾਲ ਤਖ਼ਤ ਸਾਹਿਬ ਤੋਂ ਇੱਕ ਹੁਕਮ ਰਾਹੀਂ ਛੇਕਣ ਦੀ ਵਿਉਂਤਬੰਦੀ ਘੜੀ ਬੈਠੇ ਹਨ, ਭਾਈ ਖਾਲਸਾ ਨੇ ਕਿਹਾ ਇਹ ਕੰਮ ਜਥੇਦਾਰ ਸਾਹਿਬ ਜੀ ਨੂੰ ਜਲਦੀ ਕਰਨਾ ਚਾਹੀਦੀ ਸੀ ਪਰ ਉਹ ਜਥੇਦਾਰ ਸਾਹਿਬ ਪਹਿਲਾਂ ਆਪਣੇ ਆਹੁਦੇ ਨੂੰ ਬਚਾਉਣ ਖਾਤਰ ਦੇਰ ਕਰ ਗਏ ਅਤੇ ਬਾਦਲਾਂ ਨੇ ਗਿਆਨੀ ਰਘਬੀਰ ਸਿੰਘ ਜੀ ਨੂੰ ਆਹੁੰਦੇ ਤੋਂ ਹਟਾ ਦਿਤਾ, ਭਾਈ ਖਾਲਸਾ ਨੇ ਕਿਹਾ ਅਸੀ ਲੰਮੇ ਸਮੇਂ ਤੋਂ ਜਥੇਦਾਰ ਸਾਹਿਬ ਨੂੰ ਬੇਨਤੀ ਕਰਦੇ ਰਹੇ ਕਿ ਉਨ੍ਹਾਂ ਨੂੰ ਆਹੁਦੇ ਤੋਂ ਹਟਾਇਆ ਜਾ ਸਕਦਾ ਅਤੇ ਤੁਸੀਂ ਉਸ ਤੋਂ ਪਹਿਲਾਂ ਹੀ ਬਾਦਲਕਿਆਂ ਨੂੰ ਅਕਾਲ ਤਖ਼ਤ ਤੋਂ ਛੇਕ ਦਿਉ,ਪਰ ਜਥੇਦਾਰ ਸਾਹਿਬ ਅਜਿਹਾ ਕਰਨ ਵਿੱਚ ਅਸਫ਼ਲ ਰਹੇ ਤੇ ਬਾਦਲਾਂ ਤੇ ਵਾਰ ਕਰ ਦਿੱਤਾ,ਭਾਈ ਖਾਲਸਾ ਨੇ ਕਿਹਾ ਉਨ੍ਹਾਂ ਦੀ ਦੇਰੀ ਦਾ ਲਾਹਾ ਲੈਂਦਿਆਂ ਬਾਦਲਕਿਆਂ ਨੇ ਜਥੇਦਾਰ ਸਾਹਿਬ ਨੂੰ ਹਟਾਉਣ ਲਈ ਫੈਸਲਾ ਲੈ ਲਿਆ, ਭਾਈ ਖਾਲਸਾ ਨੇ ਦੱਸਿਆ ਹੁਣ ਅਕਾਲ ਤਖ਼ਤ ਸਾਹਿਬ ਤੱਕ ਤਾਇਨਾਤ ਗੁਰੂ ਸਾਹਿਬ ਜੀ ਦੇ ਪੰਜ ਪਿਆਰਿਆਂ ਕੋਲ ਜਥੇਦਾਰਾਂ ਨੂੰ ਗੈਰ ਸਿਧਾਂਤਕ ਹਟਾਉਣ ਵਿਰੁੱਧ ਬਾਦਲਕਿਆਂ ਵਿਰੁੱਧ ਫ਼ੈਸਲਾ ਲੈਣ ਦਾ ਪੂਰਾ ਅਧਿਕਾਰ ਹੈ ਤੇ ਪਾਵਰ ਹੈ,ਪਰ ਉਹ ਵੀ ਬਾਦਲ ਦੇ ਨੌਕਰ ਹੀ ਹਨ ਅਤੇ ਕੋਈ ਵੀ ਨੌਕਰ ਬਾਦਲਕਿਆਂ ਵਿਰੁੱਧ ਅਵਾਜ਼ ਨਹੀਂ ਬੁਲੰਦ ਕਰ ਸਕਦਾ,ਭਾਈ ਖਾਲਸਾ ਨੇ ਕਿਹਾ ਬੀਤੇ ਸਮੇਂ ਸਰਸੇ ਵਾਲੇ ਸਾਧ ਨੂੰ ਮੁਆਫੀ ਦੇਣ ਸਮੇਂ ਪੰਜ ਪਿਆਰਿਆਂ ਵੱਲੋਂ ਲੈਂ ਸਟੈਂਡ ਨੂੰ ਫਿਰ ਤੋਂ ਦੁਹਰਾਉਣਾ ਅੱਜ ਸਮੇਂ ਅਤੇ ਸਿੱਖ ਪੰਥ ਦੀ ਮੁੱਖ ਮੰਗ ਹੈ ਅਤੇ ਅਜਿਹਾ ਧਰਮੀ ਕਾਰਜ਼ ਪੰਜ ਪਿਆਰਿਆਂ ਨੂੰ ਕਰਨ ਦੀ ਲੋੜ ਤੇ ਜ਼ੋਰ ਦੇਣਾ ਚਾਹੀਦਾ ਹੈ,ਭਾਈ ਖਾਲਸਾ ਨੇ ਕਿਹਾ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਹਰਮੀਤ ਸਿੰਘ ਕਾਲਕਾ ਨੇ ਗਿਆਨੀ ਰਘਬੀਰ ਸਿੰਘ ਜੀ ਜਥੇਦਾਰ ਸਾਹਿਬ ਨੂੰ ਆਹੁਦੇ ਤੋਂ ਹਟਾਉਣ ਸਬੰਧੀ ਬਾਦਲਾਂ ਤੇ ਵਰਦਿਆਂ ਕਿਹਾ ਅਕਾਲ ਤਖ਼ਤ ਸਾਹਿਬ ਸਿੱਖ ਕੌਮ ਦੀ ਸੁਪਰੀਮ ਪਾਵਰ ਹੈ ਅਤੇ ਅਕਾਲ ਤਖ਼ਤ ਸਾਹਿਬ ਦੇ ਆਹੁਦੇ ਤੇ ਬਿਰਾਜਮਾਨ ਜਥੇਦਾਰ ਸਾਹਿਬਾ ਨੂੰ ਬਾਦਲਾਂ ਨੇ ਆਪਣੇ ਨੌਕਰ ਬਣਾ ਰੱਖਿਆ ਹੈ ਭਾਈ ਖਾਲਸਾ ਕਿਹਾ ਜੋ ਕੁਝ ਹੁੰਦਾ ਹੈ ਬਾਦਲਾ ਦੇ ਕਹਿਣ ਅਨੁਸਾਰ ਹੁੰਦਾ ਹੈ ਅਤੇ ਉਹ ਹੀ ਸ਼੍ਰੋਮਣੀ ਕਮੇਟੀ ਦਾ ਨੌਕਰ ਆਪਣੇ ਆਹੁਦੇ ਤੇ ਰਹੇ ਸਕਦਾ ਹੈ ਜੋ ਬਾਦਲਾਂ ਦੇ ਕਹਿਣੇ ਅਨੁਸਾਰ ਚੱਲੇਗਾ ਭਾਈ ਖਾਲਸਾ ਨੇ ਕਿਹਾ ਜੋਂ ਜਥੇਦਾਰ ਸਾਹਿਬ ਕੌਮ ਅਤੇ ਅਕਾਲ ਤਖ਼ਤ ਸਾਹਿਬ ਦੀ ਮਾਣ ਮਰਿਆਦਾ ਦੀ ਗੱਲ ਕਰੇਗਾ, ਉਸ ਨੂੰ ਬਾਦਲ ਕੇ ਨਹੀਂ ਬਖਸ਼ਦੇ ਤੇ ਕਿਰਦਾਰ ਕੁਸੀ ਰਾਹੀਂ ਆਹੁਦੇ ਤੋਂ ਹਟੇ ਦਿੰਦੇ ਹਨ, ਭਾਈ ਖਾਲਸਾ ਨੇ ਦੱਸਿਆ ਇਸ ਕਰਕੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਜਿਥੇ ਬਾਦਲਕਿਆਂ ਵੱਲੋਂ ਜਥੇਦਾਰ ਗਿਆਨੀ ਰਘਬੀਰ ਸਿੰਘ ਜੀ ਨੂੰ ਆਹੁੰਦੇ ਤੋਂ ਹਟਾਉਣ ਦੀ ਜ਼ੋਰਦਾਰ ਸ਼ਬਦਾਂ'ਚ ਨਿੰਦਾ ਕਰਦੀ ਹੈ ਉਥੇ ਨਿਹੰਗ ਸਿੰਘ ਜਥੇਬੰਦੀਆਂ ਜੋਂ ਕੁਝ ਦਿਨ ਪਹਿਲਾਂ ਬਿਆਨ ਦੇ ਕੇ ਜਥੇਦਾਰ ਸਾਹਿਬ ਦੀ ਪਿੱਠ ਥਾਪੜ ਕੇ ਉਹਨਾਂ ਕਹੇ ਰਹੇ ਸਨ ਕਿ ਕੌਮ ਤੁਹਾਡੇ ਨਾਲ ਹੈ ਤੁਸੀਂ ਦੋ ਦਸੰਬਰ ਦੇ ਹੁਕਮਾਂ ਤੋਂ ਬਾਗੀ ਬਾਦਲਕਿਆਂ ਵਿਰੁੱਧ ਸਖ਼ਤ ਕਾਰਵਾਈ ਕਰੋ, ਹੁਣ ਉਨ੍ਹਾਂ ਨੂੰ ਕਹਿਣੀ ਕਥਨੀ ਦੇ ਸੂਰੇ ਬਣਕੇ ਬਾਦਲਕਿਆਂ ਵਿਰੁੱਧ ਸਖ਼ਤ ਐਕਸ਼ਨ ਲੈਣ ਤੋਂ ਪਿੱਛੇ ਨਹੀਂ ਹਟਣਾ ਚਾਹੀਦਾ ,ਜਿਸ ਦੀ ਕੌਮ ਨੂੰ ਲੋੜ ਹੈ, ਉਥੇ ਸਮੁੱਚੀਆਂ ਸਿੱਖ ਪੰਥਕ ਜਥੇਬੰਦੀਆਂ ਨੂੰ ਸਮੇਂ ਨੂੰ ਮੁੱਖ ਰੱਖਦਿਆਂ ਸਰਬੱਤ ਖਾਲਸਾ ਸੱਦਣ ਦੀ ਲੋੜ ਤੇ ਜ਼ੋਰ ਦੇਣਾ ਚਾਹੀਦਾ ਹੈ ਕਿਉਂਕਿ ਬਾਦਲਾਂ ਨੇ ਜਥੇਦਾਰ ਸਾਹਿਬ ਨੂੰ ਹਟਾ ਕੇ ਆਪਣੀ ਸਿਆਸਤ ਰੂਪੀ ਮੜੀ ਆਪਣੇ ਆਪ ਹੀ ਪੁੱਟ ਲਈ ਹੈ ਅਤੇ ਹੁਣ ਤਾਂ ਕੌਮ ਨੂੰ ਬਾਦਲਾਂ ਵਿਰੁੱਧ ਸਖ਼ਤ ਤੋਂ ਸਖ਼ਤ ਕਾਰਵਾਈ ਕਰਨੀ ਹੀ ਪਵੇਗੀ, ਇਸ ਮੌਕੇ ਤੇ ਭਾਈ ਖਾਲਸਾ ਪ੍ਰਧਾਨ ਏ ਆਈ ਐਸ ਐਸ ਐਫ ਖਾਲਸਾ ਦੇ ਨਾਲ ਭਾਈ ਅਵਤਾਰ ਸਿੰਘ ਅੰਮ੍ਰਿਤਸਰ ਭਾਈ ਜੋਗਿੰਦਰ ਸਿੰਘ ਅਤੇ ਭਾਈ ਜਗਤਾਰ ਸਿੰਘ ਫਿਰੋਜ਼ਪੁਰ ਭਾਈ ਸਿੰਦਾ ਸਿੰਘ ਨਿਹੰਗ ਤੇ ਪਿਰਥੀ ਸਿੰਘ ਧਾਲੀਵਾਲ ਧਰਮਕੋਟ ਭਾਈ ਮਨਜਿੰਦਰ ਸਿੰਘ ਖਾਲਸਾ ਤੇ ਭਾਈ ਰਛਪਾਲ ਸਿੰਘ ਕਮਾਲਕੇ ਭਾਈ ਦਿਲਬਾਗ ਸਿੰਘ ਬਾਗੀ ਗੁਰਦਾਸਪੁਰ ਭਾਈ ਜਗਜੀਤ ਸਿੰਘ ਸੈਦੇਸਾਹ ਵਾਲਾ ਭਾਈ ਬਲਕਾਰ ਸਿੰਘ ਦਾਰੇਵਾਲ ਭਾਈ ਸੁਖਦੇਵ ਸਿੰਘ ਫ਼ੌਜੀ ਜਗਰਾਉਂ ਭਾਈ ਬਲਵਿੰਦਰ ਸਿੰਘ ਖਡੂਰ ਸਾਹਿਬ ਭਾਈ ਸੁਖਵਿੰਦਰ ਸਿੰਘ ਜੀ ਤੇ ਭਾਈ ਇੰਦਰਜੀਤ ਸਿੰਘ ਕਾਉਂਕੇ ਆਦਿ ਆਗੂ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਬਾਦਲਾਂ ਦੇ ਚਾਹਤੇਆ ਵਲੋਂ ਜਥੇਦਾਰਾਂ ਨੂੰ ਹਟਾਉਣ ਦੀ

# ਯੂਰਪੀਨ ਸਿੱਖ ਕੌਂਸਲ ਵਲੋਂ ਕਰੜੇ ਸ਼ਬਦਾਂ ਵਿੱਚ ਨਿਖੇਧੀ

ਅੱਜ 7ਮਾਰਚ ਨੂੰ ਜੋ ਬਾਦਲ ਪਰਿਵਾਰ ਦੀ ਪੁਸ਼ਤਪੁਨਾਹੀ ਕਰਨ ਵਾਲੇ ਸ਼੍ਰੋਮਣੀ ਕਮੇਟੀ ਦੇ ਅੰਤਰਿਗ ਕਮੇਟੀ ਮੇਂਬਰਾਂ ਵਲੋਂ ਬਾਦਲ ਪਰਿਵਾਰ ਨੂੰ ਜਿਸ ਨੂੰ ਅਕਾਲ ਤਖ਼ਤ ਸਾਹਿਬ ਤੋ ਸਿੱਖਾਂ ਦਾ ਕਾਤਲ ਬਾਦਲ ਦਾ ਰਾਜ ਹੁੰਦਿਆਂ ਬੇਗੁਨਾਹ ਸਿੱਖਾਂ ਤੇ ਜ਼ੁਲਮ ਅਤੇ ਝੂਠੇ ਸੌਦਾ ਸਾਧ ਨੂੰ ਖੁਸ਼ਕਰਨ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਤੋ ਬਿਨਾਂ ਮੰਗੀ ਮਾਫੀ ਵਰਗੇ ਗੁਨਾਹਾਂ ਵਿੱਚ ਦੋਸ਼ੀ ਕਰਾਰ ਦਿਤਾ ਜਾ ਚੁੱਕਾ ਹੈ ਉਸ ਬਾਦਲ ਪਰਿਵਾਰ ਦੇ ਹੁਕਮਾਂ ਤੇ ਸ੍ਰੀ ਅਕਾਲ ਤਖਤ ਅਤੇ ਕੇਸ ਗੜ੍ਹ ਸਾਹਿਬ ਦੇ ਜਥੇਦਾਰ ਭਾਈ ਰਗਬੀਰ ਸਿੰਘ ਅਤੇ ਗਿਆਨੀ ਸੁਲਤਾਨ ਸਿੰਘ ਨੂੰ ਅਹੁਦੇ ਤੋ ਹਟਾ ਦਿਤਾ ਹੈ ਕਿਉਕਿ 2ਦਸੰਬਰ ਨੂੰ ਸ੍ਰੀ ਅਕਾਲ ਤਖਤ ਸਾਹਿਬ ਤੋ ਹੁਕਮ ਨਾਮਾ ਜਾਰੀ ਕਰਕੇ ਦੋਸ਼ੀ ਬਾਦਲ ਤੋ ਫਖਰੇ ਕੌਮ ਦਾ ਐਵਾਰਡ ਵਾਪਿਸ ਲਿਆ ਗਿਆ ਸੀ ਅਤੇ ਸੁਖਬੀਰ ਬਾਦਲ ਨੂੰ ਤਨਖਾਈਆਂ ਕਰਾਰ ਦਿਤਾ ਗਿਆ ਸੀ ਇਹ ਅਕਾਲ ਤਖ਼ਤ ਸਾਹਿਬ ਦਾ ਫ਼ੈਸਲਾ ਬਾਦਲ ਪਰਿਵਾਰ ਅਤੇ ਉਸ ਦੇ ਚਾਹੇਤਿਆ ਦੇ ਗਲੇ ਦੀ ਹੱਡੀ ਬਣਿਆ ਹੋਇਆ ਸੀ ਇਸ ਕਰਕੇ ਅੰਤਰਿਗ ਕਮੇਟੀ ਦੇ ਬਾਦਲ ਸਮਰਥਕਾਂ ਵਲੋਂ ਜੋ ਫ਼ੈਸਲਾ ਕੀਤਾ ਗਿਆ ਹੈ ਇਹ ਬਾਦਲ ਦੇ ਰਾਜ ਸਤਾ ਦੀ ਲਾਲਸਾ ਲਈ ਆਖਰੀ ਕਿੱਲ ਸਾਬਿਤ ਹੋਵੇਗਾ ਸਮੁੱਚੀ ਸਿੱਖ ਕੌਮ ਇਸ ਨੂੰ ਕਦੇ ਵੀ ਮਾਫ ਨਹੀਂ ਕਰੇਗੀ ਜਿੱਥੇ ਜਿੱਥੇ ਵੀ ਸਿੱਖ ਕੌਮ ਵਸਦੀ ਹੈ ਉਸ ਨੂੰ ਜਥੇਦਾਰਾਂ ਵਿਰੁੱਧ ਲਏ ਗਏ ਫੈਸਲੇ ਦਾ ਵਿਰੋਧ ਕਰਨਾ ਚਾਹੀਦਾ ਹੈ ਯੂਰਪੀਨ ਸਿੱਖ ਕੋਸ਼ਿਲ ਦੇ ਸੇਵਾਦਾਰ ਭਾਈ ਬਸੰਤ ਸਿੰਘ ਪੰਜਹੱਥਾਂ( ਫਰਾਂਸ )ਭਾਈ ਜਗਤਾਰ ਸਿੰਘ ਜੀ (ਆਸਟਰੀਆ )ਭਾਈ ਰੇਸ਼ਮ ਸਿੰਘ ਜੀ (ਬੈਲਜੀਆਮ )ਵਲੋਂ ਇੱਕ ਸਾਂਝਾ ਬਿਆਨ ਜਾਰੀ ਕਰਦਿਆਂ ਇਸ ਨਾਦਰਸ਼ਾਹੀ ਘਟੀਆਂ ਫੈਸਲੇ ਦੀ ਨਿਖੇਧੀ ਕੀਤੀ ਗਈ।







ਆਵਾਜ਼ਿ ਕੌਮ AWAZE QAUM International Newspaper & WEB TV

# ਸ੍ਰੀ ਹੇਮਕੁੰਟ ਸਾਹਿਬ ਰੋਪਵੇਅ ਪ੍ਰਾਜੈਕਟ ਅਤੇ ਮਹਾਰਾਸ਼ਟਰ 'ਚ ਸਿੱਖ ਆਨੰਦ ਕਾਰਜ ਮੈਰਿਜ ਐਕਟ ਲਾਗੂ ਕਰਨ ਲਈ, ਪ੍ਰਧਾਨ ਮੰਤਰੀ ਮੋਦੀ ਅਤੇ ਮਹਾਰਾਸ਼ਟਰ ਦੇ ਮੁੱਖ ਮੰਤਰੀ ਦੇਵੇਂਦਰ ਫੜਨਵੀਸ ਦਾ ਧੰਨਵਾਦ : ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ

## ਸ੍ਰੀ ਕਰਤਾਰਪੁਰ ਕਾਰੀਡੋਰ ਅਤੇ ਵੀਰ ਬਾਲ ਦਿਵਸ ਤੋਂ ਬਾਅਦ, ਸ੍ਰੀ ਹੇਮਕੁੰਟ ਸਾਹਿਬ ਲਈ ਰੋਪਵੇਅ ਪ੍ਰੋਜੈਕਟ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਵੱਲੋਂ ਸਿੱਖ ਭਾਈਚਾਰੇ ਲਈ ਇੱਕ ਹੋਰ ਵੱਡਾ ਤੋਹਫ਼ਾ : ਸੰਤ ਗਿਆਨੀ ਹਰਨਾਮ ਸਿੰਘ ਖਾਲਸਾ



**ਚੌਂਕ ਮਹਿਤਾ/ਅੰਮ੍ਰਿਤਸਰ 7 ਮਾਰਚ (ਆਵਾਜ਼ਿ ਕੌਮ ਬਿਊਰੋ)**-ਦਮਦਮੀ ਟਕਸਾਲ ਦੇ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਨੇ 2,730 ਕਰੋੜ ਲਾਗਤ ਨਾਲ ਉਤਰਾਖੰਡ ਦੇ ਗੁਰਦੁਆਰਾ ਸ੍ਰੀ ਗੋਬਿੰਦਘਾਟ ਤੋਂ ਸ੍ਰੀ ਹੇਮਕੁੰਟ ਸਾਹਿਬ ਤਕ 12.4 ਕਿਲੋਮੀਟਰ ਲੰਬੇ ਰੋਪਵੇਅ ਪ੍ਰਾਜੈਕਟ ਨੂੰ ਮਨਜ਼ੂਰੀ ਦੇਣ ਅਤੇ ਮਹਾਰਾਸ਼ਟਰ 'ਚ ਸਿੱਖ ਆਨੰਦ ਕਾਰਜ ਮੈਰਿਜ ਐਕਟ ਲਾਗੂ ਕਰਨ ਲਈ ਚੁੱਕੇ ਗਏ ਇਤਿਹਾਸਕ ਕਦਮਾਂ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਮਹਾਰਾਸ਼ਟਰ ਦੇ ਮੁੱਖ ਮੰਤਰੀ ਸ਼੍ਰੀ ਦੇਵੇਂਦਰ ਫੜਨਵੀਸ ਦਾ ਤਹਿ ਦਿਲੋਂ ਧੰਨਵਾਦ ਕੀਤਾ ਹੈ ਅਤੇ ਸਮੁੱਚੀ ਨਾਨਕ ਨਾਮ ਲੇਵਾ ਸੰਗਤ ਨੂੰ ਵਧਾਈ ਦਿੱਤੀ ਹੈ। ਦਮਦਮੀ ਟਕਸਾਲ ਦੇ ਮੁਖੀ ਨੇ ਕਿਹਾ ਕਿ ਸ੍ਰੀ ਹੇਮਕੁੰਟ ਸਾਹਿਬ ਲਈ ਰੋਪਵੇਅ ਪ੍ਰੋਜੈਕਟ, ਸ੍ਰੀ ਕਰਤਾਰ ਪੁਰ ਕਾਰੀਡੋਰ ਅਤੇ ਵੀਰ ਬਾਲ ਦਿਵਸ ਤੋਂ ਬਾਅਦ ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਵੱਲੋਂ ਸਿੱਖ ਪੰਥ ਲਈ ਇਕ ਹੋਰ ਵੱਡਾ ਤੋਹਫ਼ਾ ਹੈ, ਜੋ ਉਨ੍ਹਾਂ ਦੀ ਸਿੱਖ ਪੰਥ ਪ੍ਰਤੀ ਸੁਹਿਰਦਤਾ ਦਾ ਪ੍ਰਮਾਣ ਹੈ। ਜਿਸ ਪ੍ਰਤੀ ਸਭ ਨੂੰ ਕਦਰ ਅਤੇ ਪ੍ਰਸੰਸਾ ਕਰਨੀ ਚਾਹੀਦੀ ਹੈ। ਸ੍ਰੀ ਹੇਮਕੁੰਟ ਸਾਹਿਬ, ਸਮੁੰਦਰੀ ਤਟ ਤੋਂ 13650 ਫੁੱਟ 'ਤੇ ਸਥਿਤ ਬੇਹੱਦ ਸੁੰਦਰ ਅਤੇ ਰਮਣੀਕ ਅਸਥਾਨ, ਸ੍ਰੀ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੀ ਪੂਰਬਲੇ ਜਨਮ ਦਾ ਤਪ ਸਥਾਨ ਹੈ। ਜਿਸ ਪ੍ਰਤੀ ਸਿੱਖ ਸੰਗਤਾਂ ਵਿਚ ਬੜੀ ਭਾਰੀ ਸ਼ਰਧਾ ਅਤੇ ਆਸਥਾ ਹੈ। ਰੋਪਵੇਅ ਦੇ ਮੁਕੰਮਲ ਹੋਣ ਨਾਲ ਯਾਤਰਾ ਦਾ ਸਮਾਂ ਘੱਟ ਜਾਵੇਗਾ ਅਤੇ ਜੋ ਸ਼ਰਧਾਲੂ ਉਮਰ ਜਾਂ ਸਰੀਰਕ ਤਕਾਜ਼ੇ ਕਾਰਨ ਪੈਦਲ ਉੱਪਰ ਜਾਣ ਜਾਂ ਘੋੜਿਆਂ ਦੀ ਸਵਾਰੀ ਕਰਨ 'ਚ ਅਸਮਰਥ ਹਨ, ਉਹ ਵੀ ਸ੍ਰੀ ਹੇਮਕੁੰਟ ਸਾਹਿਬ ਦੇ ਦਰਸ਼ਨ ਸੁਖਾਲੇ ਕਰ ਸਕਣਗੇ। ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਨੇ ਮੁੱਖ ਮੰਤਰੀ ਦੇਵੇਂਦਰ ਫੜਨਵੀਸ ਦੀ ਸਿੱਖ ਆਨੰਦ ਕਾਰਜ ਮੈਰਿਜ ਐਕਟ ਨੂੰ ਕਾਨੂੰਨੀ ਮਾਨਤਾ ਦੇਣ ਅਤੇ ਇਸ ਨੂੰ ਤੁਰੰਤ ਰਾਜ ਭਰ ਵਿੱਚ ਲਾਗੂ ਕਰਨ ਲਈ ਪ੍ਰਸ਼ੰਸਾ ਕੀਤੀ ਅਤੇ ਕਿਹਾ ਕਿ ਉਨ੍ਹਾਂ ਨੇ ਮਹਾਰਾਸ਼ਟਰ ਚੋਣਾਂ ਦੌਰਾਨ ਸਿੱਖ ਭਾਈਚਾਰੇ ਨਾਲ ਕੀਤੇ ਗਏ ਵਾਅਦੇ ਨੂੰ ਪੂਰਾ ਕੀਤਾ, ਜਦੋਂ ਸਿੱਖ ਭਾਈਚਾਰੇ ਨੇ ਭਾਜਪਾ ਦੀ ਅਗਵਾਈ ਵਾਲੇ ਮਹਾਯੁਤੀ ਗੱਠਜੋੜ ਦਾ ਸਮਰਥਨ ਕੀਤਾ ਸੀ। ਉਨ੍ਹਾਂ ਕਿਹਾ ਕਿ ਸੂਬਾ ਪੱਧਰ 'ਤੇ ਸਿੱਖ ਆਨੰਦ ਕਾਰਜ ਮੈਰਿਜ ਐਕਟ ਲਾਗੂ ਹੋਣ ਨਾਲ ਹੁਣ ਸਿੱਖ ਭਾਈਚਾਰੇ ਦੇ ਵਿਆਹ ਰਜਿਸਟ੍ਰੇਸ਼ਨ ਦੀ ਪੂਰੀ ਪ੍ਰਕਿਰਿਆ ਵਿੱਚ ਪਾਰਦਰਸ਼ਤਾ ਯਕੀਨੀ ਹੋ ਗਈ ਹੈ ਅਤੇ ਵਿਆਹ ਸਰਟੀਫਿਕੇਟ ਜਾਰੀ ਕਰਨ ਦੀ ਪ੍ਰਕਿਰਿਆ ਆਸਾਨ ਅਤੇ ਵਧੇਰੇ ਜਵਾਬਦੇਹ ਹੋ ਗਈ ਹੈ। ਦਮਦਮੀ ਟਕਸਾਲ ਦੇ ਮੁਖੀ ਨੇ ਮਹਾਰਾਸ਼ਟਰ ਰਾਜ ਪੰਜਾਬੀ ਸਾਹਿਤ ਅਕਾਦਮੀ ਦੇ ਕਾਰਜਕਾਰੀ ਚੇਅਰਮੈਨ ਮਲਕੀਤ ਸਿੰਘ ਬਲ, 11 ਮੈਂਬਰੀ ਸਿੱਖ ਤਾਲਮੇਲ ਕਮੇਟੀ ਦੇ ਮੁਖੀ ਭਾਈ ਜਸਪਾਲ ਸਿੰਘ ਸਿੱਧੂ ਅਤੇ ਰਾਜ ਘੱਟ ਗਿਣਤੀ ਕਮਿਸ਼ਨ ਦੇ ਮੈਂਬਰ ਚਰਨਦੀਪ ਸਿੰਘ ਹੈਪੀ ਵੱਲੋਂ ਉਕਤ ਐਕਟ ਨੂੰ ਲਾਗੂ ਕਰਾਉਣ ਵਿੱਚ ਨਿਭਾਈ ਗਈ ਭੂਮਿਕਾ ਦੀ ਸ਼ਲਾਘਾ ਕੀਤੀ। ਇਹ ਜ਼ਿਕਰਯੋਗ ਹੈ ਕਿ ਉਪਰੋਕਤ ਕਮੇਟੀਆਂ ਅਤੇ ਸੰਸਥਾਵਾਂ ਵਿੱਚ ਸਿੱਖਾਂ ਦੀ ਪ੍ਰਤੀਨਿਧਤਾ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਵੱਲੋਂ 29 ਸਤੰਬਰ 2024 ਨੂੰ ਨਵੀਂ ਮੁੰਬਈ ਵਿੱਚ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਏ ਗਏ ਸ੍ਰੀ ਗੁਰੂ ਅੰਗਦ ਦੇਵ ਜੀ ਅਤੇ ਸ੍ਰੀ ਗੁਰੂ ਅਮਰਦਾਸ ਜੀ ਦੇ ਸ਼ਤਾਬਦੀ ਗੁਰਪੁਰਬ ਮੌਕੇ ਸਰਕਾਰ ਤੋਂ ਮਾਨਤਾ ਪ੍ਰਾਪਤ ਕਰਨ ਨਾਲ ਸੰਭਵ ਹੋਈ ਹੈ। ਅੱਜ ਇਹ ਕਮੇਟੀਆਂ ਅਤੇ ਸੰਸਥਾਵਾਂ ਮਹਾਰਾਸ਼ਟਰ ਸਰਕਾਰ ਵਿੱਚ ਆਪਣੀ ਸਿੱਧੀ ਅਤੇ ਪ੍ਰਭਾਵਸ਼ਾਲੀ ਭੂਮਿਕਾ ਨਿਭਾ ਰਹੀਆਂ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

# ਖਾਲਸਾ ਅਕੈਡਮੀ ਮਹਿਤਾ ਵਿਖੇ ਅਰਜਨ ਅਵਾਰਡ ਜੇਤੂ ਖਿਡਾਰੀ 'ਜਰਮਨਪ੍ਰੀਤ ਸਿੰਘ 'ਦਾ ਨਿੱਘਾ ਸਵਾਗਤ



**ਚੌਂਕ ਮਹਿਤਾ 7 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)** -ਮਾਨਯੋਗ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਪ੍ਰਧਾਨ ਸੰਤ ਸਮਾਜ ਦੀ ਸੁਯੋਗ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਦਾਰੇ ਖਾਲਸਾ ਅਕੈਡਮੀ ਵਿਖੇ ਭਾਰਤੀ ਹਾਕੀ ਟੀਮ ਜੇਤੂ ਖਿਡਾਰੀ ਜਰਮਨ ਪ੍ਰੀਤ ਸਿੰਘ ਬਲ ਦਾ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਜੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਨਿੱਘਾ ਸਵਾਗਤ ਕੀਤਾ ਗਿਆ। ਅਰਜਨ ਅਵਾਰਡ ਪ੍ਰਾਪਤ ਕਰਨ ਉਪਰੰਤ ਪਹਿਲੀ ਵਾਰ ਅਕੈਡਮੀ ਵਿੱਚ ਆਉਣ ਦੀ ਖੁਸ਼ੀ ਵਿੱਚ ਉਹਨਾਂ ਨੂੰ ਸਿਰਪਾਓ ਬਖਸ਼ਿਸ਼ ਭੇਟ ਕੀਤੀ। ਭਾਰਤੀ ਹਾਕੀ ਟੀਮ ਦੇ ਸਾਬਤ ਸੂਰਤ ਖਿਡਾਰੀ ਸਰਦਾਰ ਜਰਮਨਪ੍ਰੀਤ ਸਿੰਘ ਬੱਲ ਦੀ ਮੁੱਢਲੀ ਪੜ੍ਹਾਈ ਦੀ ਸ਼ੁਰੂਆਤ ਖਾਲਸਾ ਅਕੈਡਮੀ ਤੋਂ ਹੋਈ ਸੀ। ਇਸ ਅਦਾਰੇ ਤੋਂ ਹੀ ਉਹਨਾਂ ਨੇ ਆਪਣੀ ਹਾਕੀ ਦੀ ਦੁਨੀਆਂ ਵਿੱਚ ਪੈਰ ਧਰਿਆ ।ਅੱਜ ਉਹ ਪੂਰੇ ਭਾਰਤ , ਆਪਣੇ ਮਾਤਾ-ਪਿਤਾ, ਵਿਦਿਅਕ ਅਦਾਰਿਆਂ ਦਾ ਨਾਮ ਰੌਸ਼ਨ ਕਰ ਰਿਹਾ ਹੈ। ਅਜਿਹੀ ਖਿਡਾਰੀਆਂ ਤੋਂ ਕਰੋੜਾਂ ਖਿਡਾਰੀ ਪ੍ਰੇਰਿਤ ਹੁੰਦੇ ਹਨ ।ਜਰਮਨਪ੍ਰੀਤ ਸਿੰਘ ਨੇ ਸਮੂਹ ਬੱਚਿਆਂ ਨੂੰ ਉਤਸਾਹਿਤ ਕਰਦਿਆਂ ਹੋਇਆ ਆਪਣੀ ਇੱਕ ਉਦਾਹਰਣ ਪੇਸ਼ ਕੀਤੀ ।ਅਧਿਆਪਕਾਂ ਦਾ ਸਿਰ ਗੌਰਵ ਨਾਲ ਹੋਰ ਉੱਚਾ ਕੀਤਾ ਹੈ ।ਖਾਲਸਾ ਅਕੈਡਮੀ ਦੀ ਗਰਾਊਂਡ ਨੇ ਕਈ ਚੋਟੀ ਦੇ ਖਿਡਾਰੀ ਪੈਦਾ ਕੀਤੇ ਹਨ ।ਜਿਨਾਂ ਨੇ ਆਪਣੇ ਸਕੂਲ ਦੇ ਨਾਲ ਨਾਲ ਆਪਣੇ ਮਾਂ ਪਿਓ ਅਤੇ ਆਪਣੇ ਇਲਾਕੇ ਦਾ ਨਾਮ ਕੁਲ ਦੁਨੀਆਂ ਵਿੱਚ ਰੁਸ਼ਨਾਇਆ ਹੈ। ਸਕੂਲ ਪ੍ਰਿੰਸੀਪਲ ਡਾ. ਜਤਿੰਦਰ ਸ਼ਰਮਾ ਵੱਲੋਂ ਸਾਰੇ ਵਿਦਿਆਰਥੀਆਂ ਨੂੰ ਇਸ ਸੰਦੇਸ਼ ਦਿੱਤਾ ਜਾਂਦਾ ਹੈ ਕਿ ਜਿਵੇਂ ਜਰਮਨ ਪ੍ਰੀਤ ਸਿੰਘ ਜੀ ਨੇ ਆਪਣੇ ਸਿੱਖੀ ਸਰੂਪ ਵਿੱਚ ਰਹਿ ਕੇ ਆਪਣਾ ਨਾਮ ਖੇਡਾਂ ਦੀ ਦੁਨੀਆਂ ਵਿੱਚ ਚਮਕਾਇਆ ਹੈ ਅਤੇ ਸਿੱਖੀ ਨੂੰ ਵੀ ਨਾਲ ਹੀ ਕਾਇਮ ਰੱਖਿਆ ਹੈ ਇਸੇ ਤਰ੍ਹਾਂ ਸਾਰੇ ਵਿਦਿਆਰਥੀਆਂ ਨੂੰ ਖੇਡਾਂ ਵਿੱਚ ਆਪਣਾ ਧਿਆਨ ਦੇਣਾ ਚਾਹੀਦਾ ਹੈ। ਵੱਧ ਤੋਂ ਵੱਧ ਮਿਹਨਤ ਕਰਨੀ ਚਾਹੀਦੀ ਹੈ। ਨਸ਼ਿਆਂ ਤੋਂ ਦੂਰ ਰਹਿ ਕੇ ਬਾਣੀ ਨਾਲ ਜੁੜਨਾ ਚਾਹੀਦਾ ਹੈ। ਇਸ ਮੌਕੇ ਤੇ ,ਖਾਲਸਾ ਕਾਲਜ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ, ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਕੋਚ ਸਰਦਾਰ ਬਲਜਿੰਦਰ ਸਿੰਘ, ਗੁਰਪਿੰਦਰ ਸਿੰਘ ,ਅਮਨਦੀਪ ਸਿੰਘ ਆਦਿ ਨੇ ਬਹੁਤ ਸਾਰੀਆਂ ਮੁਬਾਰਕਾਂ ਦਿਤੀਆਂ।

ਆਵਾਜ਼ਿ ਕੌਮ AWAZE QAUM International Newspaper & WEB TV

# ਵਿਰੋਧ

## ਸਿੰਘ ਸਾਹਿਬ ਗਿਆਨੀ ਰਘਵੀਰ ਸਿੰਘ ਅਤੇ ਜਥੇਦਾਰ ਗਿਆਨੀ ਸੁਲਤਾਨ ਸਿੰਘ ਨੂੰ ਅਹੁਦੇ ਤੋਂ ਬਰਖਾਸਤ ਕੀਤੇ ਜਾਣ ਦਾ

# ਜ਼ੋਰਦਾਰ ਵਿਰੋਧ

## ਸੁਖਬੀਰ ਸਿੰਘ ਬਾਦਲ ਦੀਆਂ ਤਾਨਾਸ਼ਾਹੀਆਂ ਰੋਕਣ ਵਾਸਤੇ ਸੰਸਾਰ ਭਰ ਦੀਆਂ ਸਿੱਖ ਸੰਗਤਾਂ ਖੁੱਲ੍ਹ ਕੇ ਅੱਗੇ ਆਉਣ : ਭਾਈ ਰਘਵੀਰ ਸਿੰਘ ਵਾਲਸਾਲ, ਯੂ . ਕੇ .

ਸ਼੍ਰੋਮਣੀ ਕਮੇਟੀ ਦੇ ਸਾਰੇ ਮੈਂਬਰਾਂ, ਐਗਜ਼ੈਕਟਿਵ ਮੈਂਬਰਾਂ ਨੂੰ ਵੀ ਅਪੀਲ ਕਰਤੇ ਹਾਂ ਕਿ ਉਹ ਆਪਣੀਆਂ ਜ਼ਮੀਰਾਂ ਜਗਾ ਲੈਣ। ਝੂਠ ਦਾ ਸਾਥ ਦੇਣ ਦੇ ਮਾਮਲੇ ਵਿੱਚ ਲੇਖਾ ਦੋਹੀਂ ਜਹਾਨੀ ਦੇਣਾ ਪੈਣਾ ਹੈ।

ਆਵਾਜ਼ਿ ਕੌਮ AWAZE QAUM
International Newspaper & WEB TV

**ਉਨ੍ਹਾਂ ਸ਼੍ਰੋਮਣੀ ਕਮੇਟੀ ਮੈਂਬਰਾਂ, ਐਗਜ਼ੈਕਟਿਵ ਕਮੇਟੀ ਮੈਂਬਰਾਂ ਦਾ ਧੰਨਵਾਦ, ਜਿਨ੍ਹਾਂ ਨੇ ਸਿੰਘ ਸਾਹਿਬਾਨ ਨੂੰ ਤਾਨਾਸ਼ਾਹੀ ਤਰੀਕੇ ਨਾਲ ਅਹੁਦਿਆਂ ਤੋਂ ਲਾਹੁਣ ਦਾ ਜ਼ੋਰਦਾਰ ਵਿਰੋਧ ਕੀਤਾ।**



ਭਾਈ ਰਘਵੀਰ ਸਿੰਘ ਵਾਲਸਾਲ
ਪ੍ਰਧਾਨ
ਇੰਟਰਨੈਸ਼ਨਲ ਪੰਥਕ ਦਲ, ਯੂ. ਕੇ.



ਭਾਈ ਪਰਮਜੀਤ ਸਿੰਘ ਢਾਡੀ ਵੈਨਸਫੀਲਡ
ਅੰਤਰਰਾਸ਼ਟਰੀ ਚੀਫ਼ ਆਰਗੇਨਾਈਜ਼ਰ
ਇੰਟਰਨੈਸ਼ਨਲ ਪੰਥਕ ਦਲ



ਭਾਈ ਕਪਤਾਨ ਸਿੰਘ (ਇੰਗਲੈਂਡ)
ਜਨਰਲ ਸਕੱਤਰ ਅਤੇ ਮੁੱਖ ਬੁਲਾਰਾ
ਇੰਟਰਨੈਸ਼ਨਲ ਪੰਥਕ ਦਲ, ਯੂ. ਕੇ.




ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਗਿਆਨੀ ਕੁਲਦੀਪ ਸਿੰਘ ਗੜਗੱਜ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਵਜੋਂ ਨਿਯੁਕਤ

# ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਬਾਬਾ ਟੇਕ ਸਿੰਘ ਜਥੇਦਾਰ ਨਿਯੁਕਤ







ਨਵੀਂ ਦਿੱਲੀ, 7 ਮਾਰਚ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਅੱਜ ਇੱਥੇ ਸ਼੍ਰੋਮਣੀ ਕਮੇਟੀ ਦਫ਼ਤਰ ਵਿਖੇ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ ਦੀ ਅਗਵਾਈ ਵਿੱਚ ਹੋਈ ਜਿਸ ਵਿੱਚ ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਜਨਰਲ ਸਕੱਤਰ ਸ. ਸ਼ੇਰ ਸਿੰਘ ਮੰਡਵਾਲਾ, ਅੰਤ੍ਰਿੰਗ ਮੈਂਬਰ ਬੀਬੀ ਹਰਜਿੰਦਰ ਕੌਰ, ਸ. ਅਮਰੀਕ ਸਿੰਘ ਵਿਛੋਆ, ਸ. ਸੁਰਜੀਤ ਸਿੰਘ ਤੁਗਲਵਾਲ, ਸ. ਪਰਮਜੀਤ ਸਿੰਘ ਖ਼ਾਲਸਾ, ਸ. ਸੁਰਜੀਤ ਸਿੰਘ ਗੜ੍ਹੀ, ਸ. ਬਲਦੇਵ ਸਿੰਘ ਕਾਇਮਪੁਰ, ਸ. ਦਲਜੀਤ ਸਿੰਘ ਭਿੰਡਰ, ਸ. ਸੁਖਹਰਪ੍ਰੀਤ ਸਿੰਘ ਰੋਡੇ, ਸ. ਰਵਿੰਦਰ ਸਿੰਘ ਖ਼ਾਲਸਾ, ਸ. ਜਸਵੰਤ ਸਿੰਘ ਪੁੜੈਣ, ਸ. ਪਰਮਜੀਤ ਸਿੰਘ ਰਾਇਪੁਰ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ ਸ਼ਾਮਲ ਹੋਏ।

### ਸ਼੍ਰੋਮਣੀ ਕਮੇਟੀ ਦਾ ਬਜਟ ਇਜਲਾਸ 28 ਮਾਰਚ ਨੂੰ ਹੋਵੇਗਾ- ਸ. ਰਘੂਜੀਤ ਸਿੰਘ ਵਿਰਕ

ਇਕੱਤਰਤਾ ਵਿੱਚ ਸ਼੍ਰੋਮਣੀ ਕਮੇਟੀ ਦਾ ਬਜਟ ਇਜਲਾਸ 28 ਮਾਰਚ ਨੂੰ ਸੱਦਣ ਦਾ ਫ਼ੈਸਲਾ ਕੀਤਾ ਗਿਆ ਅਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਅਸਤੀਫ਼ੇ ਨੂੰ ਮੁੜ ਪੈਂਡਿੰਗ ਕਰਨ ਦੇ ਨਾਲ-ਨਾਲ ਕਈ ਹੋਰ ਪੰਥਕ ਮਸਲਿਆਂ ਉੱਤੇ ਵੀ ਫ਼ੈਸਲੇ ਲਏ ਗਏ।

ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਗਰੋਂ ਜਾਰੀ ਕੀਤੇ ਗਏ ਪ੍ਰੈੱਸ ਬਿਆਨ ਰਾਹੀਂ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਨੇ ਦੱਸਿਆ ਕਿ ਸਿੱਖ ਸੰਸਥਾ ਦਾ ਸਾਲਾਨਾ ਬਜਟ ਇਜਲਾਸ 28 ਮਾਰਚ ਨੂੰ ਦੁਪਹਿਰ 12 ਵਜੇ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਹੋਵੇਗਾ, ਜਿਸ ਵਿੱਚ ਸ਼੍ਰੋਮਣੀ ਕਮੇਟੀ, ਗੁਰਦੁਆਰਾ ਸਾਹਿਬਾਨ, ਧਰਮ ਪ੍ਰਚਾਰ ਕਮੇਟੀ, ਵਿਦਿਅਕ ਅਦਾਰਿਆਂ ਆਦਿ ਦਾ ਸਾਲ 2025-26 ਦਾ ਬਜਟ ਪੇਸ਼ ਕੀਤਾ ਜਾਵੇਗਾ।


ਆਵਾਜ਼ਿ ਕੌਮ AWAZE QAUM International Newspaper & WEB TV

ਉਨ੍ਹਾਂ ਹੋਰ ਫ਼ੈਸਲਿਆਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਅੰਤ੍ਰਿੰਗ ਕਮੇਟੀ ਨੇ ਵਿਚਾਰ ਵਟਾਂਦਰੇ ਉਪਰੰਤ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੂੰ ਜਥੇਦਾਰ ਦੇ ਅਹੁਦੇ ਤੋਂ ਸੇਵਾ ਮੁਕਤ ਕਰ ਦਿੱਤਾ ਹੈ ਅਤੇ ਉਹ ਹੁਣ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਵਜੋਂ ਸੇਵਾਵਾਂ ਨਿਭਾਉਣਗੇ।ਇਸੇ ਤਰ੍ਹਾਂ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਸੁਲਤਾਨ ਸਿੰਘ ਪਾਸੋਂ ਵੀ ਜਥੇਦਾਰ ਦਾ ਚਾਰਜ ਵਾਪਸ ਲਿਆ ਗਿਆ ਹੈ ਅਤੇ ਉਹ ਪਹਿਲਾਂ ਦੀ ਤਰ੍ਹਾਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਵਜੋਂ ਸੇਵਾਵਾਂ ਜਾਰੀ ਰੱਖਣਗੇ। ਉਨ੍ਹਾਂ ਦੱਸਿਆ ਕਿ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਸਿੱਖ ਵਿਦਵਾਨ ਅਤੇ ਕਥਾਵਾਚਕ ਗਿਆਨੀ ਕੁਲਦੀਪ ਸਿੰਘ ਗੜਗੱਜ ਅਤੇ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਉੱਘੀ ਧਾਰਮਿਕ ਸ਼ਖ਼ਸੀਅਤ ਬਾਬਾ ਟੇਕ ਸਿੰਘ ਮੁਖੀ ਬੁੰਗਾ ਮਸਤੂਆਣਾ, ਦਮਦਮਾ ਸਾਹਿਬ ਨੂੰ ਬਤੌਰ ਜਥੇਦਾਰ ਨਿਯੁਕਤ ਕੀਤਾ ਗਿਆ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਨਵੇਂ ਜਥੇਦਾਰ ਦੀ ਨਿਯੁਕਤੀ ਸਾਰੀਆਂ ਸਿੱਖ ਸੰਸਥਾਵਾਂ, ਜਥੇਬੰਦੀਆਂ ਅਤੇ ਸੰਪਰਦਾਵਾਂ ਨਾਲ ਸਲਾਹ ਮਸ਼ਵਰੇ ਤੋਂ ਬਾਅਦ ਕੀਤੀ ਜਾਵੇਗੀ ਅਤੇ ਉਦੋਂ ਤੱਕ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਨਵ-ਨਿਯੁਕਤ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਬਤੌਰ ਕਾਰਜਕਾਰੀ ਜਥੇਦਾਰ ਸੇਵਾਵਾਂ ਨਿਭਾਉਗੇ। ਸ. ਰਘੂਜੀਤ ਸਿੰਘ ਨੇ ਅੰਤ੍ਰਿੰਗ ਕਮੇਟੀ ਵੱਲੋਂ ਪਾਸ ਕੀਤੇ ਗਏ ਮਤੇ ਦੇ ਹਵਾਲੇ ਨਾਲ ਕਿਹਾ ਕਿ ਸ੍ਰੀ ਅਕਾਲ ਤਖਤ ਸਾਹਿਬ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦਾ ਸਾਜਿਆ ਮੀਰੀ ਪੀਰੀ ਦਾ ਮਹਾਨ ਤਖ਼ਤ ਹੈ ਅਤੇ ਦੁਨੀਆ ਭਰ ਵਿੱਚ ਬੈਠਾ ਹਰ ਸਿੱਖ ਇਸ ਸਿਧਾਂਤ ਨੂੰ ਸਮਰਪਿਤ ਅਤੇ ਨਤਮਸਤਕ ਹੈ ਅਤੇ ਹਮੇਸ਼ਾ ਰਹੇਗਾ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਸਿੱਖ ਗੁਰਦੁਆਰਾ ਐਕਟ 1925 ਤਹਿਤ ਸਿੱਖਾਂ ਦੀ ਸਿਰਮੌਰ ਧਾਰਮਿਕ ਸੰਸਥਾ ਹੈ, ਜਿਸ ਦੀ ਸਥਾਪਨਾ ਤੋਂ ਲੈ ਕੇ ਅੱਜ ਤੱਕ ਇਹ ਕੋਸ਼ਿਸ਼ ਰਹੀ ਹੈ ਕਿ ਗੁਰੂ ਸਾਹਿਬਾਨ ਦੇ ਆਸ਼ੇ ਮੁਤਾਬਿਕ ਸਿੱਖ ਸੰਸਥਾਵਾਂ ਦੀ ਸੁਚੱਜੀ ਸੇਵਾ ਸੰਭਾਲ ਕੀਤੀ ਜਾਵੇ, ਗੁਰਬਾਣੀ ਦੇ ਪ੍ਰਚਾਰ ਪ੍ਰਸਾਰ ਲਈ, ਗੁਰੂ ਇਤਿਹਾਸ ਨੂੰ ਦੁਨੀਆ ਭਰ ਵਿੱਚ ਪ੍ਰਚਾਰਣ ਲਈ ਅਤੇ ਸਮੁੱਚੀ ਮਾਨਵਤਾ ਤੱਕ ਸਰਬੱਤ ਦੇ ਭਲੇ ਦੇ ਸਿਧਾਂਤ ਨੂੰ ਪਹੁੰਚਾਉਣ ਲਈ ਹਰ ਸੰਭਵ ਉਪਰਾਲੇ ਕੀਤੇ ਜਾਣ।

ਉਨ੍ਹਾਂ ਆਖਿਆ ਕਿ ਮੀਰੀ ਪੀਰੀ ਦੇ ਮਹਾਨ ਤਖ਼ਤ ਨੂੰ ਸੀਸ ਝੁਕਾਉਦਿਆਂ ਪੰਥ ਨੂੰ ਦਰਪੇਸ਼ ਗੰਭੀਰ ਚੁਣੌਤੀਆਂ ਦੇ ਸਨਮੁਖ ਮੌਜੂਦਾ ਪ੍ਰਸਥਿਤੀਆਂ ਉੱਤੇ ਨਜ਼ਰ ਮਾਰਦਿਆਂ ਇਹ ਇੱਕ ਪ੍ਰਤੱਖ ਨਜ਼ਰੀਆ ਹੈ ਕਿ ਵਿਸ਼ਵੀਕਰਨ ਦੇ ਇਸ ਦੌਰ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਜੀ ਕੌਮ ਦਾ ਮਾਰਗਦਰਸ਼ਨ ਕਰਨ ਅਤੇ ਸੁਯੋਗ ਅਗਵਾਈ ਦੇਣ ਵਿੱਚ ਅਸਮਰਥ ਦਿਖਾਈ ਦੇ ਰਹੇ ਹਨ। ਵੱਖ-ਵੱਖ ਸੰਸਥਾਵਾਂ ਵਿੱਚ ਵਖਰੇਵੇਂ, ਪਾੜੇ ਤੇ ਵੰਡੀਆਂ ਵੱਧ ਰਹੀਆਂ ਹਨ। ਵਿਸ਼ਵ ਭਰ ਵਿੱਚ ਸਿੱਖ ਪਹਿਚਾਣ ਖ਼ਤਰੇ ਵਿੱਚ ਹੈ। ਦੇਸ਼ ਭਰ ਵਿੱਚ ਵੀ ਸਿੱਖ ਸੰਸਥਾਵਾਂ ਦੀ ਹੋਂਦ ਨੂੰ ਖੋਰਾ ਲਾਉਣ ਲਈ ਪੰਥ ਵਿਰੋਧੀ ਸ਼ਕਤੀਆਂ, ਏਜੰਸੀਆਂ ਪੱਬਾਂ ਭਾਰ ਹਨ। ਪਰ ਅਜਿਹੇ ਨਾਜ਼ੁਕ ਸਮੇਂ ਪੰਥਕ ਸ਼ਕਤੀ ਨੂੰ ਮਜ਼ਬੂਤ ਕਰਨ ਦੀ ਬਜਾਏ ਜਥੇਦਾਰ ਸਾਹਿਬ ਅਜਿਹੇ ਹਾਲਾਤ ਪੈਦਾ ਕਰ ਰਹੇ ਹਨ ਜਿਸ ਨਾਲ ਪੰਥਕ ਸ਼ਕਤੀ ਖੇਰੂ ਖੇਰੂ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਇੱਕ ਵੱਡੇ ਸਤਿਕਾਰਤ ਆਹੁਦੇ 'ਤੇ ਬਿਰਾਜਮਾਨ ਹੁੰਦੇ ਹੋਏ ਆਪਣੇ ਹੱਠ ਭਰੇ ਵਿਵਹਾਰ ਕਰਕੇ ਅਤੇ ਆਪਣੇ ਕੀਤੇ ਬਚਨਾਂ ਉੱਤੇ ਨਾ ਖੜ੍ਹਨ ਕਰਕੇ ਅਤੇ ਵਾਰ ਵਾਰ ਬਿਆਨ ਬਦਲ ਕਿ ਉਹਨਾਂ ਨੇ ਨਾ ਸਿਰਫ਼ ਹਾਸੋਹੀਣੀ ਸਥਿਤੀ ਪੈਦਾ ਕੀਤੀ ਹੈ ਬਲਕਿ ਉਹਨਾਂ ਦੀ ਇਸ ਕਾਰਜਸ਼ੈਲੀ ਨੇ ਜਥੇਦਾਰ ਦੇ ਵਕਾਰੀ ਅਹੁਦੇ ਦੀ ਮਾਣ ਮਰਿਆਦਾ ਨੂੰ ਵੀ ਭਾਰੀ ਠੇਸ ਪਹੁੰਚਾਈ ਹੈ। ਅੱਜ ਇਹ ਸਮਝਣਾ ਮੁਸ਼ਿਕਲ ਹੋ ਗਿਆ ਹੈ ਕਿ ਉਹਨਾਂ ਦੇ ਕਿਹੜੇ ਬਿਆਨ ਉੱਤੇ ਭਰੋਸਾ ਕੀਤਾ ਜਾਵੇ। ਸਥਿਤੀ ਬੇਹੱਦ ਨਿਰਾਸ਼ਾਜਨਕ ਹੈ। ਸ. ਰਘੂਜੀਤ ਸਿੰਘ ਨੇ ਕਿਹਾ ਕਿ ਸੰਗਤਾਂ ਦੇ ਮਨਾਂ ਵਿੱਚ ਇਸ ਗੱਲ ਨੂੰ ਲੈ ਕੇ ਵੀ ਭਾਰੀ ਨਿਰਾਸ਼ਾ ਹੈ ਕਿ ਜਥੇਦਾਰ ਸਾਹਿਬ ਵੱਲੋਂ ਦੁਨੀਆ ਭਰ ਵਿੱਚ ਮਰਿਆਦਾ ਤੇ ਪੰਥਕ ਘਾਣ ਦੀਆਂ ਵਾਪਰ ਰਹੀਆਂ ਬੇਹੱਦ ਗੰਭੀਰ ਦਰਦਨਾਕ ਘਟਨਾਵਾਂ ਉੱਪਰ ਖਮੋਸ਼ੀ ਧਾਰ ਲੈਣੀ ਅਤੇ ਬਣਦੇ ਫਰਜ਼ ਅਦਾ ਨਾ ਕਰਨੇ ਵੀ ਜ਼ਿੰਮੇਵਾਰੀ ਤੋਂ ਭੱਜਣ ਵਾਲੀ ਗੱਲ ਹੈ। ਉਨ੍ਹਾਂ ਦੱਸਿਆਂ ਕਿ ਅੰਤ੍ਰਿੰਗ ਕਮੇਟੀ ਨੇ ਮਹਿਸੂਸ ਕੀਤਾ ਹੈ ਕਿ ਬਹੁਤ ਸਾਰੀਆਂ ਕਮੀਆਂ, ਬੇਨਿਯਮੀਆਂ ਤੇ ਮਰਿਆਦਾ ਦੇ ਉਲੰਘਣ ਦੇ ਮੱਦੇਨਜ਼ਰ ਗਿਆਨੀ ਰਘਬੀਰ ਸਿੰਘ ਨੂੰ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਅਹੁਦੇ ਤੋਂ ਸੇਵਾ ਮੁਕਤ ਕੀਤਾ ਜਾਵੇ। ਇਕੱਤਰਤਾ ਵਿੱਚ ਓਐਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਪ੍ਰਤਾਪ ਸਿੰਘ, ਸਕੱਤਰ ਇੰਜੀ: ਸੁਖਮਿੰਦਰ ਸਿੰਘ, ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਨਿੱਜੀ ਸਕੱਤਰ ਸ. ਸ਼ਾਹਬਾਜ ਸਿੰਘ, ਮੀਤ ਸਕੱਤਰ ਸ. ਗੁਰਨਾਮ ਸਿੰਘ, ਸ. ਬਲਵਿੰਦਰ ਸਿੰਘ ਖੈਰਾਬਾਦ, ਕਨੂੰਨੀ ਸਲਾਹਕਾਰ ਐਡਵੋਕੇਟ ਅਮਨਬੀਰ ਸਿੰਘ ਸਿਆਲੀ ਵੀ ਮੌਜੂਦ ਰਹੇ।

## ਬਾਦਲਾਂ ਤੇ ਅੰਤ੍ਰਿੰਗ ਕਮੇਟੀ ਨੇ ਸਿੰਘ ਸਾਹਿਬਾਨਾਂ ਨੂੰ ਫ਼ਾਰਗ. ਕਰਕੇ ਸਿੱਖ ਕੌਮ ਦੀ ਦਸਤਾਰ ਨੂੰ ਹੱਥ ਪਾ ਲਿਆਂ ਹੈ : ਭਾਈ ਮੋਹਕਮ ਸਿੰਘ , ਭੋਮਾ

ਨਵੀਂ ਦਿੱਲੀ, 7 ਮਾਰਚ (ਆਵਾਜ਼ਿ ਕੌਮ ਬਿਊਰੋ)-ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਸਰਬੱਤ ਖਾਲਸਾ ਦੇ ਮੁੱਖ ਪ੍ਰਬੰਧਕ ਭਾਈ ਮੋਹਕਮ ਸਿੰਘ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਪੰਜਾਬ ਦੇ ਚੇਅਰਮੈਨ ਮਨਜੀਤ ਸਿੰਘ ਭੋਮਾ , ਭਾਈ ਸਤਨਾਮ ਸਿੰਘ ਮਨਾਵਾਂ ਨੇ ਇੱਕ ਸਾਂਝੇ ਬਿਆਨ ਰਾਹੀਂ ਕਿਹਾ ਹੈ ਕਿ ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਵੱਲੋਂ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਅਤੇ ਜਥੇਦਾਰ ਸ੍ਰੀ ਕੇਸਗੜ੍ਹ ਸਾਹਿਬ ਨੂੰ ਅਹੁਦਿਆਂ ਤੋਂ ਅੱਜ ਫ਼ਾਰਗ. ਕਰਕੇ ਸਿੱਖ ਕੌਮ ਦੀ ਦਸਤਾਰ ਹੱਥ ਪਾ ਲਿਆਂ ਹੈ । ਬਾਦਲਾਂ ਨੇ ਉਨ੍ਹਾਂ ਦੀ ਜਗ੍ਹਾ ਆਪਣੇ ਮਹੰਤ ਸੇਵਾ ਦਾਸ ਜਥੇਦਾਰ ਥਾਪ ਦਿੱਤੇ ਹਨ । ਜਿਸ ਨਾਲ਼ ਸਿੱਖ ਕੌਮ ਵਿੱਚ ਤਿੱਖਾ ਪ੍ਰਤੀਕਰਮ ਹੋਇਆ ਹੈ । ਹੁਣ ਸ਼੍ਰੋਮਣੀ ਕਮੇਟੀ ਇਹਨਾਂ ਮਹੰਤ ਸੇਵਾ ਦਾਸਾਂ ਦੀ ਦਸਤਾਰ ਬੰਦੀ ਦਾ ਇੱਕ ਡਰਾਮਾ ਕਰੇਗੀ । ਇਸ ਲਈ ਅਸੀਂ ਸਮੁੱਚੀਆਂ ਸੰਪ੍ਰਦਾਵਾਂ , ਨਿਹੰਗ ਸਿੰਘ ਜਥੇਬੰਦੀਆਂ ਅਤੇ ਸਿੱਖ ਜਥੇਬੰਦੀਆਂ ਨੂੰ ਅਪੀਲ ਕਰਦੇ ਹਾਂ ਕਿ ਇਸ ਦਸਤਾਰ ਬੰਦੀ ਦੇ ਡਰਾਮੇ ਦੇ ਰੋਸ ਵਜੋਂ ਦਸਤਾਰ ਬੰਦੀ ਦੇ ਡਰਾਮੇ ਵਿੱਚ ਸ਼ਮੂਲੀਅਤ ਨਹੀਂ ਕਰਨੀ ਚਾਹੀਦੀ । ਇੰਦਰਾਂ ਗਾਂਧੀ ਨੇ ਅਕਾਲ ਤਖ਼ਤ ਸਾਹਿਬ ਢਾਹਿਆ ਸੀ। ਦੂਜੇ ਪਾਸੇ ਬਾਦਲਕਿਆਂ ਨੇ ਸ੍ਰੀ ਅਕਾਲ ਤਖਤ ਸਾਹਿਬ ਦੀ ਦੇ ਸਿਧਾਂਤਾਂ ਨੂੰ ਮਲੀਆਮੇਟ ਕਰਕੇ ਅਕਾਲ ਤਖ਼ਤ ਸਾਹਿਬ ਦੀ ਪ੍ਰਭੂਸੱਤਾ ਨੂੰ ਫਿਰ ਵੰਗਾਰਿਆ ਹੈ ।ਬਾਦਲ ਦਲੀਆਂ ਨੇ ਦੱਸ ਦਿੱਤਾ ਹੈ ਕਿ ਉਹ ਜਹਾਂਗੀਰ ਦੀ ਪੱਗ ਦੇ ਵਾਰਿਸ ਹਨ ਨਾ ਕਿ ਗੁਰੂ ਹਰਿਗੋਬਿੰਦ ਸਾਹਿਬ ਜੀ ਦੀ ਦਸਤਾਰ ਦੇ।ਅੱਜ ਦਾ ਦਿਨ ਕੌਮ ਲਈ ਵੱਡਾ ਕਾਲਾ ਦਿਨ ਸਾਬਤ ਹੋਇਆ ਹੈ। ਬਾਦਲ ਦਲ ਨੂੰ ਸ੍ਰੀ ਅਕਾਲ ਤਖਤ ਸਾਹਿਬ ਨਾਲੋਂ ਕੁਰਸੀ ਤੇ ਪੰਥ ਵਿਰੋਧੀ ਤਾਕਤਾਂ ਨਾਲ਼ ਯਾਰੀਆਂ ਵੱਧ ਪਿਆਰੀਆਂ ਹਨ । ਜਥੇਦਾਰਾਂ ਨੂੰ ਸ਼ਹੀਦ ਕਰਕੇ ਬਾਦਲਾਂ ਨੇ ਜਥੇਦਾਰਾਂ ਨੂੰ ਹੀਰੋ ਬਣਾ ਦਿੱਤਾ ਹੈ ਤੇ ਬਾਦਲਾਂ ਨੇ ਆਪਣੇ ਪ੍ਰਵਾਰ ਪਰਿਵਾਰ ਦੀ ਜੜ੍ਹ ਤੇ ਕਬਰ ਖ਼ੁਦ ਪੁੱਟ ਲਈ ਹੈ ।ਬਾਦਲ ਪਰਿਵਾਰ ਨੇ ਜਿਸ ਤਰ੍ਹਾਂ ਚਿੱਟੇ ਦਿਨ ਸਿੱਖ ਕੌਮ ਦੇ ਸਿਰ ਤੋਂ ਪੱਗ ਲਾਹ ਦਿੱਤੀ ਹੈ। ਹੁਣ ਬਾਦਲ ਪਰਿਵਾਰ ਇਹ ਯਾਦ ਰੱਖੇ ਖਾਲਸਾ ਪੰਥ ਬਾਦਲਾਂ ਵਿਰੁੱਧ ਹੁਣ ਪੰਥਕ ਰਹੁ ਰੀਤਾਂ ਅਨੁਸਾਰ ਫੈਸਲਾ ਕਰੇਗਾ।





ਆਵਾਜ਼ਿ ਕੌਮ AWAZE QAUM International Newspaper & WEB TV

## ਸੁਖਬੀਰ ਬਾਦਲ ਨੂੰ ਬਚਾਉਣ ਲਈ ਜਥੇਦਾਰਾਂ ਨੂੰ ਅਹੁਦੇ ਤੋਂ ਹਟਾਇਆ: ਕਾਲਕਾ/ਕਾਹਲੋਂ

ਨਵੀਂ ਦਿੱਲੀ, 7 ਮਾਰਚ (ਮਨਪ੍ਰੀਤ ਸਿੰਘ ਖਾਲਸਾ):- ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਹੈ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸੁਖਬੀਰ ਸਿੰਘ ਬਾਦਲ ਦੀ ਪ੍ਰਧਾਨਗੀ ਬਚਾਉਣ ਵਾਸਤੇ ਅੱਜ ਜਥੇਦਾਰ ਸਾਹਿਬਾਨ ਨੂੰ ਅਹੁਦੇ ਤੋਂ ਹਟਾਉਣ ਦਾ ਫੈਸਲਾ ਲਿਆ ਹੈ ਤੇ ਅੱਜ ਦਾ ਦਿਨ ਇਤਿਹਾਸ ਵਿਚ ਕਾਲੇ ਦਿਨ ਵਜੋਂ ਯਾਦ ਕੀਤਾ ਜਾਵੇਗਾ। ਦਿੱਲੀ ਕਮੇਟੀ ਵਲੋਂ ਜਾਰੀ ਕੀਤੇ ਇਕ ਬਿਆਨ ਵਿਚ ਸਰਦਾਰ ਕਾਲਕਾ ਤੇ ਸਰਦਾਰ ਕਾਹਲੋਂ ਨੇ ਕਿਹਾ ਕਿ ਬਹੁਤ ਹੀ ਮੰਦਭਾਗੀ ਗੱਲ ਹੈ ਕਿ 2 ਦਸੰਬਰ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਫਸੀਲ ਤੋਂ ਇਤਿਹਾਸਕ ਫੈਸਲਾ ਸੁਣਾਉਣ ਵਾਲੇ ਪੰਜ ਸਿੰਘ ਸਾਹਿਬਾਨ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਆਪਣੇ ਆਕਾਵਾਂ ਦੇ ਕਹਿਣ 'ਤੇ ਇਕ-ਇਕ ਕਰ ਕੇ ਅਹੁਦੇ ਤੋਂ ਹਟਾਇਆ ਗਿਆ ਹੈ। ਪਹਿਲਾਂ ਗਿਆਨੀ ਹਰਪ੍ਰੀਤ ਸਿੰਘ ਨੂੰ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਵਜੋਂ ਫਾਰਗ ਕੀਤਾ ਗਿਆ ਤੇ ਅੱਜ ਗਿਆਨੀ ਰਘਬੀਰ ਸਿੰਘ ਨੂੰ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਤੇ ਗਿਆਨੀ ਸੁਲਤਾਨ ਸਿੰਘ ਨੂੰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਵਜੋਂ ਫਾਰਗ ਕਰਨ ਦਾ ਮੰਦਭਾਗਾ ਫੈਸਲਾ ਸ਼੍ਰੋਮਣੀ ਕਮੇਟੀ ਦੀ ਅੰਤਰਿੰਗ ਕਮੇਟੀ ਨੇ ਲਿਆ ਹੈ। ਉਹਨਾਂ ਕਿਹਾ ਕਿ ਇਹ ਸਾਰੇ ਸਿਆਸੀ ਫੈਸਲੇ ਹਨ ਜਿਸਨੂੰ ਸਿੱਖ ਸੰਗਤਾਂ ਬਹੁਤ ਗੰਭੀਰਤਾ ਨਾਲ ਨੇੜਿਓਂ ਵਾਚ ਰਹੀਆਂ ਹਨ ਤੇ ਸਿੱਖ ਪੰਥ ਦੀ ਪਿੱਠ ਵਿਚ ਛੁਰਾ ਮਾਰਨ ਦੀ ਸਜ਼ਾ ਸ਼੍ਰੋਮਣੀ ਕਮੇਟੀ ਦੀਆਂ ਆਉਂਦੀਆਂ ਚੋਣਾਂ ਵਿਚ ਬਾਦਲਕਿਆਂ ਨੂੰ ਸੰਗਤਾਂ ਦੇਣਗੀਆਂ। ਉਹਨਾਂ ਕਿਹਾ ਕਿ ਅੱਜ ਦਾ ਦਿਨ ਇਤਿਹਾਸ ਵਿਚ ਕਾਲੇ ਦਿਨ ਵਜੋਂ ਯਾਦ ਕੀਤਾ ਜਾਵੇਗਾ ਤੇ ਇਸ ਬਜ਼ਰ ਗੁਨਾਹ ਲਈ ਕਦੇ ਵੀ ਗੁਨਾਹਗਾਰਾਂ ਨੂੰ ਮੁਆਫ ਨਹੀਂ ਕੀਤਾ ਜਾਵੇਗਾ। ਉਹਨਾਂ ਕਿਹਾ ਅੱਜ ਸਮੁੱਚੇ ਪੰਥ, ਨਿਹੰਗ ਜਥੇਬੰਦੀਆਂ ਨੂੰ ਇਕ ਮੰਚ ਤੇ ਆ ਕੇ ਪੰਥ ਦੋਖੀਆਂ ਦੇ ਖਿਲਾਫ ਮੋਰਚਾ ਖੋਲ੍ਹਣ ਦੀ ਲੋੜ ਹੈ।



ਆਵਾਜ਼ਿ ਕੌਮ AWAZE QAUM International Newspaper & WEB TV

## ਸ਼੍ਰੋਮਣੀ ਕਮੇਟੀ ਦੁਆਰਾ ਜੱਥੇਦਾਰਾਂ ਨੂੰ ਹਟਾਉਣ ਦਾ ਫੈਸਲਾ ਦੁੱਖਦਾਇਕ: ਹਰਪ੍ਰੀਤ ਸਿੰਘ ਬੰਨੀ ਜੋਲੀ

ਨਵੀਂ ਦਿੱਲੀ, 7 ਮਾਰਚ (ਮਨਪ੍ਰੀਤ ਸਿੰਘ ਖਾਲਸਾ):- ਸਿੱਖ ਨੇਤਾ ਹਰਪ੍ਰੀਤ ਸਿੰਘ ਬੰਨੀ ਜੋਲੀ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੁਆਰਾ ਜੱਥੇਦਾਰ ਸਾਹਿਬਾਨ ਨੂੰ ਪਦ ਤੋਂ ਹਟਾਉਣ ਦੇ ਫੈਸਲੇ ਨੂੰ ਦੁੱਖਦਾਇਕ ਦੱਸਦੇ ਹੋਏ ਅੱਜ ਦੇ ਦਿਨ ਨੂੰ ਇਤਿਹਾਸ ਵਿੱਚ ਕਾਲੇ ਦਿਨ ਵੱਜੋਂ ਯਾਦ ਰੱਖੇ ਜਾਣ ਦੀ ਗੱਲ ਕਹੀ। ਉਹਨਾਂ ਕਿਹਾ ਕਿ ਇਹ ਬਹੁਤ ਦੁੱਖਦਾਇਕ ਗੱਲ ਹੈ ਕਿ 2 ਦਸੰਬਰ ਨੂੰ ਸ਼੍ਰੀ ਅਕਾਲ ਤਖਤ ਸਾਹਿਬ ਤੋਂ ਇਤਿਹਾਸਕ ਫੈਸਲਾ ਸੁਣਾਉਣ ਵਾਲੇ ਪੰਜ ਸਿੱਖ ਸਾਹਿਬਾਨ ਨੂੰ ਸ਼੍ਰੋਮਣੀ ਗੁਰਦੁਆਰਾ ਕਮੇਟੀ ਨੇ ਪਹਿਲਾਂ ਗਿਆਨੀ ਹਰਪ੍ਰੀਤ ਸਿੰਘ ਨੂੰ ਤਖਤ ਸ਼੍ਰੀ ਦਮਦਮਾ ਸਾਹਿਬ ਦੇ ਜੱਥੇਦਾਰ ਦੇ ਪਦ ਤੋਂ ਮੁਕਤ ਕੀਤਾ ਅਤੇ ਅੱਜ ਗਿਆਨੀ ਰਘਵੀਰ ਸਿੰਘ ਨੂੰ ਸ਼੍ਰੀ ਅਕਾਲ ਤਖਤ ਸਾਹਿਬ ਦੇ ਜੱਥੇਦਾਰ ਅਤੇ ਗਿਆਨੀ ਸੁਲਤਾਨ ਸਿੰਘ ਨੂੰ ਤਖਤ ਸ਼੍ਰੀ ਕੇਸਗੜ੍ਹ ਸਾਹਿਬ ਦੇ ਜੱਥੇਦਾਰ ਦੇ ਪਦ ਤੋਂ ਮੁਕਤ ਕਰਨ ਦਾ ਦੁੱਖਦਾਇਕ ਫੈਸਲਾ ਸ਼੍ਰੋਮਣੀ ਗੁਰਦੁਆਰਾ ਕਮੇਟੀ ਦੀ ਅੰਤਰਿਮ ਕਮੇਟੀ ਨੇ ਲਿਆ ਹੈ ਜਿਸਦੀ ਜਿਤਨੀ ਨਿੰਦਾ ਕੀਤੀ ਜਾਏ ਥੋੜੀ ਹੈ। ਉਹਨਾਂ ਕਿਹਾ ਕਿ ਸਿੱਖ ਸੰਗਤ ਸ਼੍ਰੋਮਣੀ ਗੁਰਦੁਆਰਾ ਕਮੇਟੀ ਦੇ ਆਉਣ ਵਾਲੇ ਚੋਣਾਂ ਵਿੱਚ ਬਾਦਲ ਪਰਿਵਾਰ ਨੂੰ ਇਸ ਦੀ ਸਜਾ ਜ਼ਰੂਰ ਦੇਵੇਗੀ। ਉਹਨਾਂ ਕਿਹਾ ਕਿ ਅੱਜ ਦਾ ਦਿਨ ਇਤਿਹਾਸ ਵਿੱਚ ਕਾਲੇ ਦਿਨ ਵੱਜੋਂ ਯਾਦ ਕੀਤਾ ਜਾਵੇਗਾ।



ਆਵਾਜ਼ਿ ਕੌਮ AWAZE QAUM International Newspaper & WEB TV

# ਜ਼ੋਰਦਾਰ ਵਿਰੋਧ

## ਸਿੰਘ ਸਾਹਿਬ ਗਿਆਨੀ ਰਘਵੀਰ ਸਿੰਘ ਅਤੇ ਜਥੇਦਾਰ ਗਿਆਨੀ ਸੁਲਤਾਨ ਸਿੰਘ ਨੂੰ ਅਹੁਦੇ ਤੋਂ ਬਰਖਾਸਤ ਕੀਤੇ ਜਾਣ ਦਾ

# ਨਾਦਰਸ਼ਾਹੀ ਘਟੀਆ ਫੈਸਲੇ ਦੀ ਨਿਖੇਧੀ

## ਸੁਖਬੀਰ ਸਿੰਘ ਬਾਦਲ ਦੀਆਂ ਤਾਨਾਸ਼ਾਹੀਆਂ ਰੋਕਣ ਵਾਸਤੇ ਸੰਸਾਰ ਭਰ ਦੀਆਂ ਸਿੱਖ ਸੰਗਤਾਂ ਖੁੱਲ੍ਹ ਕੇ ਅੱਗੇ ਆਉਣ

ਸ਼੍ਰੋਮਣੀ ਕਮੇਟੀ ਦੇ ਸਾਰੇ ਮੈਂਬਰਾਂ, ਐਗਜ਼ੈਕਟਿਵ ਮੈਂਬਰਾਂ ਨੂੰ ਵੀ ਅਪੀਲ ਕਰਤੇ ਹਾਂ ਕਿ ਉਹ ਆਪਣੀਆਂ ਜ਼ਮੀਰਾਂ ਜਗਾ ਲੈਣ। ਝੂਠ ਦਾ ਸਾਥ ਦੇਣ ਦੇ ਮਾਮਲੇ ਵਿੱਚ ਲੇਖਾ ਦੋਹੀਂ ਜਹਾਨੀ ਦੇਣਾ ਪੈਣਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

**ਉਨ੍ਹਾਂ ਸ਼੍ਰੋਮਣੀ ਕਮੇਟੀ ਮੈਂਬਰਾਂ, ਐਗਜ਼ੈਕਟਿਵ ਕਮੇਟੀ ਮੈਂਬਰਾਂ ਦਾ ਧੰਨਵਾਦ, ਜਿਨ੍ਹਾਂ ਨੇ ਸਿੰਘ ਸਾਹਿਬਾਨ ਨੂੰ ਤਾਨਾਸ਼ਾਹੀ ਤਰੀਕੇ ਨਾਲ ਅਹੁਦਿਆਂ ਤੋਂ ਲਾਹੁਣ ਦਾ ਜ਼ੋਰਦਾਰ ਵਿਰੋਧ ਕੀਤਾ।**



ਭਾਈ ਬਸੰਤ ਸਿੰਘ ਪੰਜਹੱਥਾਂ (ਫਰਾਂਸ)



ਭਾਈ ਜਗਤਾਰ ਸਿੰਘ (ਆਸਟਰੀਆ)



ਭਾਈ ਰੇਸ਼ਮ ਸਿੰਘ (ਬੈਲਜੀਅਮ )

# ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ 8 ਮਾਰਚ ਨੂੰ



ਆਵਾਜ਼ਿ ਕੌਮ AWAZE QAUM International Newspaper & WEB TV

## ਭਾਈ ਹਰਚਰਨਕਮਲਪਰੀਤ ਸਿੰਘ ਜੀ

**ਵਾਹਿਗੁਰੂ ਜੀ ਕਾ ਖਾਲਸਾ**
**ਵਾਹਿਗੁਰੂ ਜੀ ਕੀ ਫਤਹਿ**

ਜੀ ਗੁਰੂ ਸਵਾਰਿਉ, ਬੇਨਤੀ ਹੈ ਕਿ ਪਿਛਲੇ ਸਮੇਂ ਦੌਰਾਂਨ ਜੱਥੇਦਾਰ ਜਸਬੀਰ ਸਿੰਘ ਜੀ ਮੱਤੇਵਾਲ ਟਾਟਾਨਗਰ ਤੇ ਉਹਨਾਂ ਦੇ ਬਰਖੁਰਦਾਰ ਦਾਮਾਦ ਜੋ ਪੁੱਤਰਾਂ ਵਰਗੇ ਬਹੁਤ ਹੀ ਪਿਆਰੀ ਰੂਹ ਭਾਈ ਹਰਚਰਨਕਮਲਪਰੀਤ ਸਿੰਘ ਜੀ (ਵਰਪਾਲ ਸਪੁੱਤਰ ਸਿੰਘ ਸਾਹਿਬ ਗਿਆਨੀ ਮਲਕੀਤ ਸਿੰਘ ਜੀ ਹੈੱਡ ਗ੍ਰੰਥੀ ਸ੍ਰੀ ਅਕਾਲ ਤਖਤ ਸਾਹਿਬ) ਜੋ ਕਾਨਪੁਰ ਕੋਲ ਕਲਕੱਤਾ ਸਮਾਗਮ ਤੇ ਜਾਣ ਸਮੇਂ ਸੜਕ ਹਾਦਸੇ ਦੌਰਾਂਨ ਅਕਾਲ ਚਲਾਣਾਂ ਕਰ ਗਏ ਸਨ ਤਿੰਨਾਂ ਦੀ ਮਿੱਠੀ ਯਾਦ ਵਿੱਚ ਦਰਸ਼ਨ ਐਵੇਨਿਊ ਵਾਲੇ ਘਰ ਮਿਤੀ 6 ਮਾਰਚ ਨੂੰ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕਰਵਾਏ ਜਿਨਾਂ ਦੇ ਭੋਗ 8 ਮਾਰਚ ਸ਼ਨਿੱਚਰਵਾਰ ਸਵੇਰੇ 10 ਤੋਂ 11 ਵਜੇ ਦੇ ਕਰੀਬ ਪਾਏ ਜਾਣਗੇ ਉਪਰੰਤ 11 ਤੋ 01 ਵਜੇ ਹਜ਼ੂਰੀ ਕੀਰਤਨੀਏ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਗ੍ਰੰਥੀ ਸਚਖੰਡਿ ਸ੍ਰੀ ਹਰਿਮੰਦਰ ਸਾਹਿਬ ਗਿਆਨੀ ਸੁਰਜੀਤ ਸਿੰਘ ਹੈੱਡ ਗ੍ਰੰਥੀ ਗੁਰਦੁਆਰਾ ਸ਼ਹੀਦ ਗੰਜ ਸਾਹਿਬ ਤੇ ਹੋਰ ਵੀ ਵਿੱਦਵਾਨ ਗੁਣੀ ਗਿਆਨੀ ਸੰਤ ਮਹਾਂਪੁਰਖ ਢਾਡੀ ਕਵੀਸ਼ਰ ਪ੍ਰਚਾਰਕ ਕਥਾ ਵੀਚਾਰ ਵੀਚਾਰ ਕਰਨਗੇ ਸੋ ਕਿਰਪਾ ਕਰਕੇ ਆਪਜੀ ਸਾਡੇ ਗ੍ਰਹਿ ਦਰਸ਼ਨ ਐਵੇਨਿਊ ਗੁਰਦੁਆਰਾ ਸਾਹਿਬ ਜੀ ਵਿਖੇ ਦਰਸ਼ਨ ਦੇਕੇ ਹਾਜ਼ਰੀ ਭਰੋ ਜੀ।



ਸਿੰਘ ਸਾਹਿਬ ਗਿਆਨੀ ਮਲਕੀਤ ਸਿੰਘ ਜੀ
ਹੈੱਡ ਗ੍ਰੰਥੀ ਸ੍ਰੀ ਅਕਾਲ ਤਖਤ ਸਾਹਿਬ

## ਬਾਪੂ ਜੋਗਿੰਦਰ ਸਿੰਘ ਮੱਤੇਵਾਲ ਟਾਟਾਨਗਰ

**ਦਰਸ਼ਨ ਐਵੇਨਿਊ ਨੇੜੇ ਗੋਲਡਨ ਗੇਟ ਦਬੁਰਜੀ ਸੁਲਤਾਨਵਿੰਡ ਰੋਡ**

**ਅੰਮ੍ਰਿਤਸਰ ਸਾਹਿਬ, ਮੋਬਾਈਲ ਨੰਬਰ 7463033335**

ਗੁਰਦੁਆਰਾ ਬਾਬਾ ਬੀਰ ਸਿੰਘ ਜੀ ਸ਼ਹੀਦ ਟਾਹਲੀ ਵਿਖੇ

# 95ਵਾਂ ਹੋਲਾ ਮਹੱਲਾ ਖਾਲਸਾਈ ਸ਼ਾਨੋ ਸ਼ੌਕਤ ਨਾਲ ਸੰਪੰਨ















**ਟਾਹਲੀ, 7 ਮਾਰਚ (ਆਵਾਜ਼ਿ ਕੌਮ ਬਿਊਰੋ)**-ਗੁਰਦੁਆਰਾ ਬਾਬਾ ਬੀਰ ਸਿੰਘ ਜੀ ਸਹੀਦ ਟਾਹਲੀ ਵਿਖੇ ਹਰ ਸਾਲ ਦੀ ਤਰਾਂ 95 ਵਾਂ ਹੋਲਾ ਮਹੱਲਾ ਖਾਲਸਾਈ ਸ਼ਾਨੋ ਸ਼ੌਕਤ ਨਾਲ ਅੱਜ ਸਮਾਪਤ ਹੋ ਗਿਆ੍ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਸੰਤ ਬਾਬਾ ਸਰਦਾਰਾਂ ਸਿੰਘ ਦੀ ਅਗਵਾਈ ਅਤੇ ਸਮੂਹ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ 7 ਰੋਜਾ ਹੋਲਾ ਮਹੱਲਾ ਸਮਾਗਮ ਦੌਰਾਨ ਰੋਜ਼ਾਨਾ ਧਾਰਮਿਕ ਦੀਵਾਨ ਸਜਾਏ ਗਏ ਜਿਸ ਵਿੱਚ ਪੰਥ ਪ੍ਰਸਿੱਧ ਰਾਗੀ ਢਾਡੀ ਅਤੇ ਸੰਗਤਾਂ ਨੂੰ ਗੁਰਬਾਣੀ ਅਤੇ ਕਥਾ ਵਿਚਾਰਾਂ ਰਾਹੀਂ ਨਿਹਾਲ ਕੀਤਾ। ਅੱਜ ਇਹਨਾਂ ਹੋਲਾ ਮਹੱਲਾ ਸਮਾਗਮਾਂ ਦੇ ਆਖਰੀ ਦਿਨ ਸਵੇਰ ਤੋਂ ਹੀ ਧਾਰਮਿਕ ਦੀਵਾਨ ਸਜਾਏ ਗਏ ਸਨ ਅਤੇ ਸ਼ਾਮ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਸਟੇਡੀਅਮ ਵਿੱਚ ਕਬੱਡੀ ਮੈਚ ਕਰਵਾਏ ਗਏ ਜਿਸ ਵਿੱਚ ਮਾਝੇ ਅਤੇ ਮਾਲਵੇ ਨਾਲ ਸੰਬੰਧਿਤ ਟੀਮਾਂ ਵੱਲੋਂ ਕਬੱਡੀ ਦੇ ਮੈਚ ਕਰਵਾਇਆ ਗਿਆ ।ਜੇਤੂ ਟੀਮ ਨੂੰ ਨਗਦ ਰਾਸੀ ਦੇਕੇ ਸਨਮਾਨਿਤ ਕੀਤਾ ਗਿਆ੍ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਸੰਤ ਬਾਬਾ ਸਰਦਾਰਾਂ ਸਿੰਘਨੇ ਸਮਾਗਮ ਵਿੱਚ ਪਹੁੰਚੇ ਧਾਰਮਿਕ ਆਗੂਆਂ ਦੇਸ਼ ਵਿਦੇਸ਼ ਦੀਆਂ ਸੰਗਤਾਂ ਦਾ ਧੰਨਵਾਦ ਕਰਦਿਆਂ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਦੇਸ ਵਿਦੇਸ਼ ਅਤੇ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਇਹ ਸਮਾਗਮ ਕਰਵਾਏ ਜਾਂਦੇ ਹਨ ਜਿਸ ਵਿੱਚ ਪੁਰਾਤਨ ਰਿਵਾਇਤ ਅਨੁਸਾਰ ਸ੍ਰੀ ਅਨੰਦਪੁਰ ਸਾਹਿਬ ਦੇ ਹੋਲਾ ਮਹੱਲਾ ਤੋਂ 20 ਦਿਨ ਪਹਿਲਾਂ ਇਹ 7 ਰੋਜਾ ਹੋਲਾ ਮਹੱਲਾ ਕਰਾਇਆ ਜਾਂਦਾ ਹੈ੍ ਇਹਨਾਂ ਸਮਾਗਮਾਂ ਵਿੱਚ ਪਹੁੰਚੇ ਪ੍ਰਮੁੱਖ ਆਗੂਆਂ ਵਿੱਚ ਹੋਰਨਾਂ ਤੋਂ ਇਲਾਵਾ ਸੰਤਬਾਬਾ ਸੱਜਣ ਸਿੰਘ ਸੰਤ ਬਾਬਾ ਕਵਲਜੀਤ ਸਿੰਘ ਨਾਗੀਆਨਾ ਸਾਹਿਬ ਸਮਾਜ ਸੇਵੀ ਬਾਬਾ ਸੁਖਵੰਤਸਿੰਘ ਚੰਨਣਕੇ ਸੰਤ ਬਾਬਾ ਗੁਰਦੇਵ ਸਿੰਘ ਡੇਰਾ ਭਗਤਾਂ ਤਰਸਿੱਕਾ ਵਾਲੇ, ਜਥੇਦਾਰ ਮੇਜਰ ਸਿੰਘ ਟਾਹਲੀ ਸਾਹਿਬ ਵਾਲੇ ਆਦਿ ਸੰਗਤਾਂ ਹਜਾਰਾ ਗਿਣਤੀ ਵਿੱਚ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਜਥੇਦਾਰ ਸਹਿਬਾਨ ਪ੍ਰਤੀ ਘਟੀਆ ਸ਼ਬਦਾਵਲੀ ਬੋਲਣ ਵਾਲੇ ਕਲੇਰ ਨੂੰ ਸਖ਼ਤ ਤਾੜਨਾ







**ਲੰਦਨ, 7 ਮਾਰਚ (ਆਵਾਜ਼ਿ ਕੌਮ ਬਿਊਰੋ)**-ਪਤਿਤ ਸਿੱਖ ਕੇਸਾਂ ਦੀ ਬੇਅਦਬੀ ਕਰਨ ਵਾਲਾ ਬਾਦਲਾਂ ਦਾ ਚੇਹਤਾ ਅਰਸਦੀਪ ਕਲੇਰ ਦੀ ਜਥੇਦਾਰਾਂ ਵਿਰੁੱਧ ਘਟੀਆਂ ਬਿਆਨਬਾਜੀ ਦਾ ਯੂਰਪੀਨ ਸਿੱਖ ਕੌਂਸਿਲ ਵਲੋਂ ਸਖ਼ਤ ਨੋਟਿਸ ਲੈਂਦਿਆ ਉਸ ਨੂੰ ਤਾੜਨਾ ਕੀਤੀ ਗਈ ਕਿ ਉਹ ਨਿਊਜ਼ 28 ਤੇ ਆਪਣੀ ਇੰਟਰਵਿਊ ਵਿੱਚ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਵੀਰ ਸਿੰਘ ਅਤੇ ਦੂਸਰੇ ਸਿੰਘ ਸਹਿਬਾਨਾਂ ਪ੍ਰਤੀ ਘਟੀਆ ਸਬਦਾਵਲੀ ਵਰਤ ਕੇ ਉਹਨਾਂ ਤੇ ਗਲਤ ਇਲਜਾਮਬਾਜੀ ਕਰ ਰਿਹਾ ਜਥੇਦਾਰ ਸਾਹਿਬ ਬਹੁਤ ਹੀ ਨੇਕ ਇਨਸਾਨ ਅਤੇ ਆਪਣੀ ਡਿਊਟੀ ਦੌਰਾਨ ਜੋ ਕਾਰਜ ਕੀਤੇ ਹਨ ਬਹੁਤ ਹੀ ਸਲਾਘਾਂ ਯੋਗ ਹਨ ਕਲੇਰ ਵਰਗੇ ਜੋ ਸੁਮੇਧ ਸੈਣੀ ਵਰਗੇ ਸਿੱਖਾਂ ਦੇ ਕਾਤਲਾਂ ਦੀ ਪੁਸਤਪੁਨਾਹੀ ਕਰਦੇ ਰਹੇ ਹੋਣ ਜਿਨ੍ਹਾਂ ਦਾ ਪਰਿਵਾਰਿਕ ਪਿਛੋਕੜ ਦਾਗ਼ਦਾਰ ਹੋਵੇ ਅਤੇ ਜਿਹਨਾਂ ਦਾ ਸਿੱਖੀ ਨਾਲ ਕੋਈ ਵਾਹ ਵਾਸਤਾ ਨਾ ਹੋਵੇ ਆਪ ਕੇਸਾਂ ਦੀ ਰੋਜ ਬੇਅਦਬੀ ਕਰਦਾ ਹੋਵੇ ਇਹੋ ਜਹੇ ਵਿਅਕਤੀ ਨੂੰ ਪੰਥ ਦੀਆਂ ਮਹਾਨ ਸ਼ਖ਼ਸੀਅਤਾ ਉਤੇ ਉਂਗਲ ਉਠਾ ਕੇ ਦਸਣਾ ਕੇ ਉਹ ਆਪਣੀ ਡਿਊਟੀ ਸੇਵਾ ਦੌਰਾਨ ਅਸਫਲ ਰਹੇ ਹਨ ਜ਼ੇਕਰ 2 ਦਸੰਬਰ ਤੇ ਬਾਦਲਾਂ ਨੂੰ ਕੋਈ ਅਕਾਲ ਤਖਤ ਸਾਹਿਬ ਤੋ ਬਰਗਾੜੀ ਅਤੇ ਝੂਠੇ ਸੋਦੇ ਵਾਲੇ ਨੂੰ ਮਾਫੀ ਦੇਣ ਦੇ ਬਦਲੇ ਸੁਖਬੀਰ ਬਾਦਲ ਨੂੰ ਸਿਰੋਪੇ ਨਾਲ ਸਨਮਾਨਿਤ ਕਰਦੇ ਫਿਰ ਜਥੇਦਾਰ ਸਾਹਿਬ ਠੀਕ ਸਨ ਫੇਰ ਕਲੇਰ ਵਰਗਿਆਂ ਨੇ ਸਿਫਤਾਂ ਕਰਨੀਆਂ ਸਨ ਪਰ ਜਦੋ ਫੈਸਲੇ ਸਿੱਖ ਭਾਵਨਾਵਾਂ ਦੇ ਅਨੁਸਾਰ ਲਏ ਗਏ ਹਨ ਤਾ ਅੱਜਇਹੋ ਜਹੇ ਲੋਕ ਜਥੇਦਾਰ ਜੀ ਤੇ ਉਂਗਲਾਂ ਉਠਾ ਰਹੇ ਹਨ ਯੂਰਪੀਨ ਸਿੱਖ ਕੋਸ਼ਿਲ (ਫਰਾਂਸ) ਦੇ ਸੇਵਾਦਾਰ ਭਾਈ ਬਸੰਤ ਸਿੰਘ ਪੰਜਹੱਥਾ ਭਾਈ ਜਗਤਾਰ ਸਿੰਘ (ਆਸਟਰੀਆ )ਭਾਈ ਰੇਸ਼ਮ ਸਿੰਘ (ਬੈਲਜੀਅਮ )ਉਪਰੋਕਤ ਆਗੂਆਂ ਵਲੋਂ ਕਲੇਰ ਵਰਗੇ ਜਿਹਨਾਂ ਨੂੰ ਸਿੱਖੀ ਪ੍ਰਮਰਾਵਾਂ ਦਾ ਕੋਈ ਗਿਆਨ ਨਹੀਂ ਅਤੇ ਬਾਦਲਾਂ ਨੂੰ ਖੁਸ਼ ਕਰਨ ਲਈ ਚੈਨਲਾਂ ਤੇ ਘਟੀਆ ਬਿਆਨਬਾਜੀ ਕਰ ਰਿਹੈ ਹੈ ਉਸ ਦਾ ਸਖ਼ਤ ਨੋਟਿਸ ਲੈਂਦਿਆ ਇਹੋ ਜਹੇ ਬੰਦਿਆਂ ਨੂੰ ਪਹਿਲਾਂ ਆਪਣੀ ਪੀੜੀ ਥੱਲੇ ਸੋਟਾ ਫੇਰਨਾ ਚਾਹੀਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਸ੍ਰੀ ਅਕਾਲ ਤਖ਼ਤ ਸਾਹਿਬ ਉੱਤੇ ਬਾਦਲ ਦਲ ਵੱਲੋਂ ਸਿੱਧਾ ਹਮਲਾ ਅਤੇ ਸੁਖਬੀਰ ਬਾਦਲ ਵੱਲੋਂ ਸਿੱਖ ਕੌਮ ਦੀ ਧਾਰਮਿਕ ਅਜ਼ਾਦੀ ਨੂੰ ਚੁਣੌਤੀ : ਬਾਪੂ ਤਰਸੇਮ ਸਿੰਘ



ਨਵੀਂ ਦਿੱਲੀ 7 ਮਾਰਚ (ਮਨਪ੍ਰੀਤ ਸਿੰਘ ਖਾਲਸਾ):- ਅੱਜ ਦਾ ਦਿਨ ਸਿੱਖ ਇਤਿਹਾਸ ਵਿੱਚ ਕਾਲੇ ਅੱਖਰਾਂ ਨਾਲ ਲਿਖਿਆ ਜਾਵੇਗਾ, ਜਦੋਂ ਬਾਦਲ ਕਮੇਟੀ ਨੇ ਜਥੇਦਾਰ ਸਾਹਿਬਾਨ ਨੂੰ ਜਾਬਰਾਨਾਂ ਤਰੀਕੇ ਨਾਲ ਬਰਤਫ਼ ਕਰਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਵਉੱਚਤਾ 'ਤੇ ਸਿੱਧਾ ਹਮਲਾ ਕੀਤਾ ਹੈ ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਇਕ ਪ੍ਰੈਸ ਨੋਟ ਰਾਹੀਂ ਮੈਂਬਰ ਪਾਰਲੀਮੈਂਟ ਤੇ ਅਕਾਲੀ ਦਲ "ਵਾਰਿਸ ਪੰਜਾਬ ਦੇ" ਮੁੱਖ ਸੇਵਾਦਾਰ ਭਾਈ ਅੰਮ੍ਰਿਤਪਾਲ ਸਿੰਘ ਜੀ ਦੇ ਪਿਤਾ ਬਾਪੂ ਤਰਸੇਮ ਸਿੰਘ ਜੀ ਪੰਥਕ ਸੇਵਾਦਾਰ ਅਤੇ ਅਕਾਲੀ ਦਲ "ਵਾਰਿਸ ਪੰਜਾਬ ਦੇ" ਦੇ ਸਰਗਰਮ ਮੈਂਬਰ ਭਾਈ ਸ਼ਮਸ਼ੇਰ ਸਿੰਘ ਪੱਧਰੀ ਰਾਹੀਂ ਕੀਤਾ। ਉਹਨਾਂ ਕਿਹਾ ਕਿ ਇਹ ਸਿਰਫ਼ ਜਥੇਦਾਰ ਸਾਹਿਬਾਨਾਂ ਦੀ ਬਰਤਰਫ਼ੀ ਨਹੀਂ, ਸਗੋਂ ਸਿੱਖ ਕੌਮ ਦੀ ਧਾਰਮਿਕ ਆਜ਼ਾਦੀ 'ਤੇ ਆਖਰੀ ਹਮਲਾ ਕਰਨ ਦੀ ਨਾਪਾਕ ਸਾਜ਼ਿਸ਼ ਹੈ। ਸੁਖਬੀਰ ਸਿੰਘ ਬਾਦਲ, ਜੋ ਹਮੇਸ਼ਾ ਹੀ ਸਿੱਖ ਸਿਆਸਤ ਨੂੰ ਆਪਣੇ ਪਰਿਵਾਰਕ ਹਿੱਤਾਂ ਲਈ ਵਰਤਦੇ ਆਏ ਹਨ, ਹੁਣ ਸਿੱਖ ਕੌਮ ਦੀ ਧਾਰਮਿਕ ਖੁਦਮੁਖਤਿਆਰੀ ਨੂੰ ਵੀ ਨਿਗਲਣਾ ਚਾਹੁੰਦੇ ਹਨ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਕਾਬਜ਼ ਸੁਖਬੀਰ ਦੀ ਕਿਚਨ ਕੈਬਨਿਟ ਜੋ ਸਿਰਫ਼ ਸਿੱਖ ਚੋਲੇ ਵਿੱਚ ਆਰਐਸਐਸ ਦੀ ਗੁਲਾਮੀ ਕਰ ਰਹੀ ਹੈ ਤੇ ਉਹ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਗੱਦੀ ਨੂੰ ਵੀ ਆਪਣੀ ਜਾਇਦਾਦ ਵਾਂਗ ਮੰਨਣ ਲੱਗ ਪਈ ਹੈ। ਪਰ ਸਿੱਖ ਕੌਮ ਅਜਿਹੇ ਗੁਰੂ ਧਰੋਹੀਆਂ ਤੇ ਕਦੇ ਵੀ ਮੁਆਫ਼ ਨਹੀਂ ਕਰੇਗੀ ਤੇ ਇਨ੍ਹਾਂ ਨੂੰ ਆਪਣੀ ਪੰਥਕ ਤਾਕਤ ਨਾਲ ਜਵਾਬ ਦੇਵੇਗੀ। ਉਹਨਾਂ ਕਿਹਾ ਕਿ ਅਸੀਂ ਅਕਾਲੀ ਦਲ ਵਾਰਿਸ ਪੰਜਾਬ ਦੇ ਵਲੋਂ ਐਸਜੀਪੀਸੀ ਦੀ ਬਾਦਲੀ ਕਮੇਟੀ ਵੱਲੋਂ ਲਏ ਇਹਨਾਂ ਫੈਸਲਿਆਂ ਦੀ ਸਖ਼ਤ ਨਿਖੇਧੀ ਕਰਦੇ ਹਾਂ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਮਰਿਆਦਾ ਅਤੇ ਸਰਵਉੱਚਤਾ ਦੀ ਰਾਖੀ ਲਈ ਲਗਾਤਾਰ ਸੰਘਰਸ਼ ਜਾਰੀ ਰੱਖਣ ਦਾ ਪ੍ਰਣ ਵੀ ਕਰਦੇ ਹਾਂ। ਸਿੱਖ ਪੰਥ ਗੁਰੂ ਨਾਨਕ ਦੇ ਘਰ ਦੀ ਅਵਾਜ਼ ਨੂੰ ਕਿਸੇ ਪਰਿਵਾਰ ਦੀ ਜਾਇਦਾਦ ਨਹੀਂ ਬਣਨ ਦੇਵੇਗਾ। ਉਹਨਾਂ ਕਿਹਾ ਅਸੀਂ ਸਿੱਖ ਕੌਮ ਨੂੰ ਅਪੀਲ ਕਰਦੇ ਹਾਂ ਕਿ ਇਹਨਾ ਗੁਰੂ ਦੋਖੀਆਂ, ਸਿੱਖ ਭੇਖੀਆਂ ਵਲੋਂ ਚਲਾਈਆਂ ਜਾ ਰਹੀ ਸਾਜ਼ਿਸ਼ਾਂ ਨੂੰ ਸਮਝਣ ਅਤੇ ਉਨ੍ਹਾਂ ਦੇ ਵਿਰੁੱਧ ਇਕੱਠੇ ਹੋਣ। ਸਾਨੂੰ ਆਪਣੇ ਧਾਰਮਿਕ ਸਥਾਨਾਂ ਦੀ ਸਰਵਉੱਚਤਾ ਅਤੇ ਸਿੱਖੀ ਸਿਧਾਂਤਾਂ ਦੀ ਰਾਖੀ ਲਈ ਹਰ ਵਕਤ ਤਿਆਰ ਰਹਿਣਾਂ ਪਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

# ਨਗਰ ਵਾੜਾ ਸ਼ੇਰ ਸਿੰਘ ਤੋਂ ਨੌਜਵਾਨ ਸਿੰਘ ਤਖਤ ਸ਼੍ਰੀ ਕੇਸਗੜ੍ਹ ਸਾਹਿਬ ਜੀ ਦੇ ਦਰਸ਼ਨ ਦੀਦਾਰਿਆਂ ਲਈ ਪਹੁੰਚੇ



(ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ) ਤਖਤ ਸ਼੍ਰੀ ਕੇਸਗੜ੍ਹ ਸਾਹਿਬ ਜੀ ਸ੍ਰੀ ਅਨੰਦਪੁਰ ਸਾਹਿਬ ਵਿਖੇ ਨਗਰ ਵਾੜਾ ਸ਼ੇਰ ਸਿੰਘ ਤੋਂ ਨੌਜਵਾਨ ਸਿੰਘ ਦਰਸ਼ਨ ਦੀਦਾਰਿਆਂ ਲਈ ਪਹੁੰਚੇ। ਇੰਟਰਨੈਸ਼ਨਲ ਪੰਥਕ ਦਲ ਦੇ ਚੀਫ ਐਡਵਾਈਜ਼ਰ ਪੰਜਾਬ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲੇ ਹਾਜ਼ਰ ਹੋਏ ਤੇ ਬੋਲਦਿਆਂ ਦੱਸਿਆ ਕਿ ਹੋਲੇ ਮਹੱਲੇ ਨੂੰ ਮੇਖ ਰੱਖਦਿਆਂ ਨੌਜਵਾਨ ਸਿੰਘ ਅੱਜ ਦਰਸ਼ਨ ਦੀਦਾਰਿਆਂ ਲਈ ਪਹੁੰਚੇ ਹਨ। ਨੌਜਵਾਨ ਸਿੰਘਾਂ ਦੇ ਅੰਦਰ ਗੁਰੂ ਪ੍ਰਤੀ ਬਹੁਤ ਪਿਆਰ ਅਤੇ ਭਾਵਨਾ ਹੈ। ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਅਰਦਾਸ ਬੇਨਤੀ ਕਰਦੇ ਹਾਂ ਕਿ ਇਹਨਾਂ ਨੌਜਵਾਨ ਸਿੰਘਾਂ ਨੂੰ ਗੁਰੂ ਸਾਹਿਬ ਜੀ ਗੁਰਸਿੱਖੀ ਜਰੂਰ ਬਖਸ਼ਣ ਅਤੇ ਇਹਨਾਂ ਦੀ ਯਾਤਰਾ ਸਫਲੀ ਕਰਨ। ਇਸੇ ਤਰ੍ਹਾਂ ਬਲਜੀਤ ਸਿੰਘ ਖਹਿਰਾ ਅਲਗੋਂ ਖੁਰਦ, ਸ੍ਰ ਗੁਰਸਾਹਬ ਸਿੰਘ, ਸ੍ਰ ਗੁਰਸੇਵਕ ਸਿੰਘ, ਸ੍ਰ ਗੁਰਜੰਟ ਸਿੰਘ ਇਹ ਨੌਜਵਾਨ ਸਿੰਘ ਤਖਤ ਸ਼੍ਰੀ ਹਜ਼ੂਰ ਸਾਹਿਬ ਤੇ ਦਰਸ਼ਨ ਦੀਦਾਰਿਆਂ ਲਈ ਸ੍ਰੀ ਅਨੰਦਪੁਰ ਸਾਹਿਬ ਤੋਂ ਅਰਦਾਸ ਬੇਨਤੀ ਕਰਕੇ ਰਵਾਨਾ ਹੋਏ ।ਇਸ ਮੌਕੇ ਗੁਰਪ੍ਰੀਤ ਸਿੰਘ, ਗੁਰਦੇਵ ਸਿੰਘ, ਸੁਖਬੀਰ ਸਿੰਘ, ਸੁਰਿੰਦਰ ਪਾਲ ਸਿੰਘ, ਕਰਨਜੀਤ ਸਿੰਘ, ਗੁਰਜੀਤ ਸਿੰਘ, ਗੁਰਦੇਵ ਸਿੰਘ, ਹਰਮਨ ਸਿੰਘ ਨਿਸ਼ਾਨ ਸਿੰਘ ਅਤੇ ਹੋਰ ਨੌਜਵਾਨ ਸਿੰਘ ਹਾਜ਼ਰ ਸਨ।